ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 7 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੨੨ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਮੁਹਾਲੀ ਇੰਡਸਟਰੀਅਲ ਏਰੀਆ 9 ਵਿੱਚ ਧਮਾਕਾ, ਆਕਸੀਜਨ ਸਿਲੰਡਰ ਫਟਣ ਨਾਲ ਦੋ ਦੀ ਮੌਤ, 3 ਜ਼ਖਮੀ

**ਚੰਡੀਗੜ੍ਹ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੰਗਲਵਾਰ ਨੂੰ ਪੰਜਾਬ ਦੇ ਮੋਹਾਲੀ ਜ਼ਿਲ੍ਹੇ ਦੇ ਇੰਡਸਟਰੀਅਲ ਏਰੀਆ ਫੇਜ਼-9 ਦੇ ਪਲਾਟ ਨੰਬਰ 315-316 ’ਤੇ ਸਥਿਤ ਇੱਕ ਹਾਈਟੈਕ ਕੰਪਨੀ ਵਿੱਚ ਆਕਸੀਜਨ ਸਿਲੰਡਰ ਫਟਣ ਨਾਲ ਇੱਕ ਵੱਡਾ ਹਾਦਸਾ ਵਾਪਰਿਆ। ਇਸ ਧਮਾਕੇ ਵਿੱਚ ਦੋ ਲੋਕਾਂ, ਦੇਵੇਂਦਰ ਅਤੇ ਆਸਿਫ ਦੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਗੁੱਸੇ ਵਿੱਚ ਆਏ ਲੋਕਾਂ ਨੇ ਪੁਲਿਸ ਅਤੇ ਫੈਕਟਰੀ ਮਾਲਕ ਨਾਲ ਝੜਪ ਕੀਤੀ। ਮੌਕੇ ’ਤੇ ਮੌਜੂਦ ਅਧਿਕਾਰੀਆਂ ਨੇ ਦੱਸਿਆ ਕਿ ਇੰਡਸਟਰੀਅਲ ਏਰੀਆ, ਫੇਜ਼ 9 ਵਿੱਚ ਸਥਿਤ ਇੱਕ ਆਕਸੀਜਨ ਪਲਾਂਟ ਵਿੱਚ ਧਮਾਕੇ ਦੀ ਸੂਚਨਾ ਮਿਲੀ। ਸੂਚਨਾ ਮਿਲਣ ’ਤੇ, ਮੈਡੀਕਲ ਟੀਮਾਂ, ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਕਰਮਚਾਰੀ ਤੁਰੰਤ ਮੌਕੇ ’ਤੇ ਪਹੁੰਚ ਗਏ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ। ਇਸ ਘਟਨਾ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਹੈ। ਇਸ ਤੋਂ ਇਲਾਵਾ, ਤਿੰਨ ਜ਼ਖਮੀਆਂ ਨੂੰ ਇਲਾਜ ਲਈ ਸਿਵਲ ਹਸਪਤਾਲ, ਫੇਜ਼ 6 ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਸ਼ਲ ਮੀਡੀਆ ਐਕਸ ਨੇ ਕਿਹਾ ਕਿ ਮੁਹਾਲੀ ਦੇ ਇੰਡਸਟਰੀ ਏਰੀਆ ਫੇਜ਼ 9 ‘ਚ ਸਥਿਤ ਇੱਕ ਨਿਜੀ ਫੈਕਟਰੀ ’ਚ ਆਕਸੀਜਨ ਸਿਲੰਡਰ ਫਟਣ ਦੌਰਾਨ ਵਾਪਰੇ ਵੱਡੇ ਹਾਦਸੇ ਦੀ ਖ਼ਬਰ ਮਿਲੀ ਹੈ। ਜਿਸ ਵਿੱਚ ਕੁੱਝ ਲੋਕਾਂ ਦੀ ਦੁਖਦਾਈ ਮੌਤ ਦੀ ਖ਼ਬਰ ਮਿਲੀ ਹੈ ਅਤੇ ਕੁੱਝ ਲੋਕ ਜ਼ਖ਼ਮੀ ਦੱਸੇ ਜਾ ਰਹੇ ਹਨ। ਪ੍ਰਸ਼ਾਸਨ ਦੀਆਂ ਟੀਮਾਂ ਮੌਕੇ ‘ਤੇ ਮੌਜੂਦ ਹਨ। ਬਚਾਅ ਕਾਰਜਾਂ ‘ਤੇ ਮੈਂ ਪਲ ਪਲ ਦੀ ਅਪਡੇਟ ਲੈ ਰਿਹਾ ਹਾਂ।

## ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ’ਤੇ

# ਹਾਈ ਕੋਰਟ ਵੱਲੋਂ ਲਗਾਈ ਗਈ ਰੋਕ !

**ਚੰਡੀਗੜ੍ਹ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਖ਼ਿਲਾਫ਼ ਪਟੀਸ਼ਨ ’ਤੇ ਅੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਸੁਣਵਾਈ ਹੋਈ ਹੈ। ਹਾਈ ਕੋਰਟ ਨੇ ਲੈਂਡ ਪੂਲਿੰਗ ਪਾਲਿਸੀ ਉਤੇ 7 ਅਗਸਤ ਤੱਕ ਯਾਨੀ ਕੱਲ੍ਹ ਤੱਕ ਰੋਕ ਲਗਾ ਦਿੱਤੀ ਹੈ। ਹਾਈ ਕੋਰਟ ਨੇ ਕਿਹਾ ਕਿ ਜਿਨ੍ਹਾਂ ਕੋਲ ਜ਼ਮੀਨ ਹੈ ,ਉਨ੍ਹਾਂ ਨੂੰ ਤਾਂ ਮੁਆਵਜ਼ਾ ਦੇਵੋਗੇ ਪਰ ਜਿਨ੍ਹਾਂ ਕੋਲ ਜ਼ਮੀਨ ਨਹੀਂ ਹੈ, ਭਾਵੇਂ ਉਹ ਮਜ਼ਦੂਰ ਹੋਣ ਜਾਂ ਕਾਰੀਗਰ ? ਤੁਹਾਡੇ ਬਾਰੇ ਤੁਹਾਡੇ ਕੋਲ ਕੀ ਹੈ ? ਲੈਂਡ ਪੂਲਿੰਗ ਨੀਤੀ ਵਿਰੁੱਧ ਦਾਇਰ ਪਟੀਸ਼ਨ ’ਤੇ ਹਾਈ ਕੋਰਟ ਨੇ ਕਿਹਾ ਕਿ ਹੁਣ ਕੱਲ੍ਹ ਇਸ ’ਤੇ ਦੁਬਾਰਾ ਸੁਣਵਾਈ ਹੋਵੇਗੀ, ਉਦੋਂ ਤੱਕ ਸਰਕਾਰ ਇਸ ’ਤੇ ਅੱਗੇ ਨਾ ਵਧੇ। ਹਾਈ ਕੋਰਟ ਨੇ ਸੁਣਵਾਈ ਦੌਰਾਨ ਕਿਹਾ ਹੈ ਕਿ ਜੇਕਰ ਤੁਸੀਂ 60000 ਏਕੜ ਜ਼ਮੀਨ ਲੈਂਡ ਪੂਲਿੰਗ ਲਈ ਲੈਣ ਜਾ ਰਹੇ ਹੋ ਤਾਂ ਪ੍ਰਤੀ ਏਕੜ ਰਕਮ ਡੇਢ ਕਰੋੜ ਬਣਦੀ ਹੈ। ਇਸ ਲਿਹਾਜ ਨਾਲ ਕੀ ਤੁਹਾਡੇ ਕੋਲ 90000 ਕਰੋੜ ਦਾ ਬਜਟ ਹੈ ? ਇਸ ਮਾਮਲੇ ’ਤੇ 7 ਅਗਸਤ ਨੂੰ ਹਾਈ ਕੋਰਟ ’ਚ ਮੁੜ ਸੁਣਵਾਈ ਹੋਵੇਗੀ।




**ਹਾਈ ਕੋਰਟ ਨੇ ਸਰਕਾਰ ਨੂੰ ਪੁੱਛਿਆ ਸਖ਼ਤ ਸਵਾਲ**

ਹਾਈ ਕੋਰਟ ਨੇ ਕਿਹਾ ਕਿ ਜਿਨ੍ਹਾਂ ਕੋਲ ਜ਼ਮੀਨ ਹੈ ,ਉਨ੍ਹਾਂ ਨੂੰ ਤਾਂ ਮੁਆਵਜ਼ਾ ਦੇਵੋਗੇ ਪਰ ਜਿਨ੍ਹਾਂ ਕੋਲ ਜ਼ਮੀਨ ਨਹੀਂ ਹੈ, ਭਾਵੇਂ ਉਹ ਮਜ਼ਦੂਰ ਹੋਣ ਜਾਂ ਕਾਰੀਗਰ ? ਤੁਹਾਡੇ ਬਾਰੇ ਤੁਹਾਡੇ ਕੋਲ ਕੀ ਹੈ ?

ਇਹ ਪਟੀਸ਼ਨ ਐਡਵੋਕੇਟ ਗੁਰਦੀਪ ਸਿੰਘ ਫਾਗਲਾ ਵੱਲੋਂ ਦਾਇਰ ਕੀਤੀ ਗਈ ਹੈ। ਉਸ ਦੀ ਪਿੰਡ ਫਾਗਲਾ ਵਿੱਚ ਜ਼ਮੀਨ ਦਾ ਮਹੱਤਵਪੂਰਨ ਹਿੱਸਾ ਇਸ ਨੀਤੀ ਤਹਿਤ ਆਉਂਦਾ ਹੈ। ਐਡਵੋਕੇਟ ਫਾਗਲਾ ਨੇ ਕਿਹਾ ਕਿ ਉਨ੍ਹਾਂ ਕਿਸਾਨਾਂ ਅਤੇ ਜ਼ਿਮੀਂਦਾਰਾਂ ਵੱਲੋਂ ਪਟੀਸ਼ਨ ਦਾਇਰ ਕਰਦਿਆਂ ‘ਆਪ’ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਨੂੰ ਚੁਣੌਤੀ ਦਿੱਤੀ ਹੈ। ਇਹ ਪਾਲਿਸੀ ਪੂਰੀ ਤਰ੍ਹਾਂ ਗੈਰ-ਵਾਜਬ ਅਤੇ ਭੂਮੀ ਪ੍ਰਾਪਤੀ ਐਕਟ, 2013 ਦੀ ਉਲੰਘਣਾ ਹੈ।

## ਅਧਿਕਾਰੀਆਂ ਦੇ ਗ਼ਲਤ ਵਤੀਰੇ ਕਾਰਨ ਪੇਪਰ ਦੇਣ ਤੋਂ ਰਹਿ ਗਈ ਗੁਰਪ੍ਰੀਤ ਕੌਰ ਨੂੰ ਇਕ ਵਿਸ਼ੇਸ਼ ਮੌਕਾ ਦੇਵੇ ਸਰਕਾਰ : ਐਡਵੋਕੇਟ ਧਾਮੀ

**ਅੰਮ੍ਰਿਤਸਰ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਬੀਤੇ ਕੱਲ੍ਹ ਗੁਰਸਿੱਖ ਲੜਕੀ ਗੁਰਪ੍ਰੀਤ ਕੌਰ ਨੂੰ ਉਸ ਵੱਲੋਂ ਦਰਸਾਏ ਸਿੱਖੀ ਜਜ਼ਬੇ ਕਰਕੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਗੁਰਪ੍ਰੀਤ ਕੌਰ ਨੂੰ ਕਿਰਪਾਨ ਤੇ ਕੜਾ ਪਹਿਨੇ ਹੋਣ ਕਰਕੇ ਰਾਜਸਥਾਨ ਵਿਚ ਹੋਈ ਜੁਡੀਸ਼ੀਅਲ ਸਰਵਿਸ ਦੀ ਪ੍ਰੀਖਿਆ ਵਿੱਚ ਦਾਖ਼ਲੇ ਲਈ ਕਕਾਰ ਉਤਾਰਨ ਲਈ ਕਿਹਾ ਗਿਆ ਸੀ ਪ੍ਰੰਤੂ ਗੁਰਪ੍ਰੀਤ ਕੌਰ ਨੇ ਸਿੱਖ ਮਰਿਆਦਾ ਦਾ ਹਵਾਲਾ ਦਿੰਦਿਆਂ ਕਕਾਰ ਉਤਾਰਨ ਤੋਂ ਮਨ੍ਹਾ ਕਰ ਦਿੱਤਾ ਸੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਅਨੁਸਾਰ ਸਿੱਖਾਂ ਨੂੰ ਕਿਰਪਾਨ ਪਹਿਨਣ ਦਾ ਪੂਰਾ ਅਧਿਕਾਰ ਹੈ ਅਤੇ ਸਿੱਖ ਰਹਿਤ ਮਰਯਾਦਾ ਅਨੁਸਾਰ ਕੋਈ ਵੀ ਅੰਮ੍ਰਿਤਧਾਰੀ ਸਿੱਖ ਆਪਣੇ ਸਰੀਰ ਨਾਲੋਂ ਪੰਜ ਕਕਾਰ ਵੱਖ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੇ ਗੁਰਸਿੱਖ ਲੜਕੀ ਨੂੰ ਧਾਰਮਿਕ ਚਿੰਨ੍ਹ ਕਕਾਰ ਉਤਾਰਣ ਲਈ ਮਜ਼ਬੂਰ ਕੀਤਾ ਅਤੇ ਵਿਰੋਧ ਕਰਨ ਉੱਤੇ ਪ੍ਰੀਖਿਆ ਵਿੱਚ ਦਾਖ਼ਲਾ ਨਹੀਂ ਦਿੱਤਾ ਗਿਆ, ਜੋ ਇਕ ਵਿਦਿਆਰਥੀ ਦੇ ਭਵਿੱਖ ਨਾਲ ਖਿਲਵਾੜ ਹੈ। ਉਨ੍ਹਾਂ ਰਾਜਿਸਥਾਨ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਅਧਿਕਾਰੀਆਂ ਦੇ ਗ਼ਲਤ ਵਤੀਰੇ ਕਾਰਨ ਪੇਪਰ ਦੇਣ ਤੋਂ ਵਾਂਝੀ ਰਹਿ ਗਈ ਸਿੱਖ ਉਮੀਦਵਾਰ ਨੂੰ ਵਿਸ਼ੇਸ਼ ਤੌਰ ’ਤੇ ਇੱਕ ਮੌਕਾ ਦਿੰਦਿਆਂ ਉਸ ਦੀ ਪ੍ਰੀਖਿਆ ਕਰਵਾਈ ਜਾਵੇ। ਇਸ ਮੌਕੇ ਗੁਰਪ੍ਰੀਤ ਕੌਰ ਨੇ ਮਿਲੇ ਸਹਿਯੋਗ ਅਤੇ ਸਨਮਾਨ ਲਈ ਸਿੱਖ ਸੰਸਥਾ ਦਾ ਧੰਨਵਾਦ ਕੀਤਾ।



## Donald Trump ਨੇ ਬਿਹਾਰ ’ਚ ਰਿਹਾਇਸ਼ੀ ਸਰਟੀਫਿਕੇਟ ਲਈ ਦਿੱਤੀ ਅਰਜ਼ੀ ! ਪੁਲਿਸ ਸਟੇਸ਼ਨ ਪਹੁੰਚਿਆ ਮਾਮਲਾ

**ਨਵੀਂ ਦਿੱਲੀ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਬਿਹਾਰ ਵਿੱਚ ਰਿਹਾਇਸ਼ੀ ਸਰਟੀਫਿਕੇਟ ਬਣਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਇਸ ਸਮੇਂ ਦੌਰਾਨ ਵਿਭਾਗ ਨੂੰ ਰਿਹਾਇਸ਼ੀ ਸਰਟੀਫਿਕੇਟਾਂ ਲਈ ਮਸ਼ਹੂਰ ਲੋਕਾਂ ਦੇ ਨਾਮ ’ਤੇ ਜਾਅਲੀ ਅਰਜ਼ੀਆਂ ਵੀ ਮਿਲ ਰਹੀਆਂ ਹਨ। ਇਸ ਵਾਰ ਜਿਸ ਵਿਅਕਤੀ ਦੇ ਨਾਮ ’ਤੇ ਅਰਜ਼ੀ ਪ੍ਰਾਪਤ ਹੋਈ ਹੈ, ਉਹ ਦੁਨੀਆ ਦੀ ਇੱਕ ਸ਼ਕਤੀਸ਼ਾਲੀ ਸ਼ਖਸੀਅਤ ਹੈ। ਅਸੀਂ ਗੱਲ ਕਰ ਰਹੇ ਹਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ। ਇਸ ਵਾਰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਨਾਮ ’ਤੇ ਇੱਕ ਅਰਜ਼ੀ ਪ੍ਰਾਪਤ ਹੋਈ ਹੈ। ਅਰਜ਼ੀ ਫਾਰਮ ’ਤੇ ਡੋਨਾਲਡ ਟਰੰਪ ਦੀ ਫੋਟੋ ਹੈ। ਪੁਲਿਸ ਨੇ ਇੱਕ ਅਣਪਛਾਤੇ ਵਿਅਕਤੀ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ। ਤੁਹਾਨੂੰ ਦੱਸ ਦੇਈਏ ਕਿ ਕੁਝ ਦਿਨ ਪਹਿਲਾਂ ਭੋਜਪੁਰੀ ਅਦਾਕਾਰਾ ਮੋਨਾਲੀਸਾ ਦੇ ਨਾਮ ’ਤੇ ਇੱਕ ਅਰਜ਼ੀ ਮਿਲੀ ਸੀ। ਇਸ ਮਾਮਲੇ ਵਿੱਚ ਐਫਆਈਆਰ ਵੀ ਦਰਜ ਕੀਤੀ ਗਈ ਸੀ। ਅਗਲੇ ਹੀ ਦਿਨ ਵਿਭਾਗ ਨੂੰ ਸੀਐਮ ਨਿਤੀਸ਼ ਕੁਮਾਰ ਦੀ ਫੋਟੋ ਵਾਲੀ ਇੱਕ ਔਨਲਾਈਨ ਅਰਜ਼ੀ ਮਿਲੀ, ਜਿਸ ਵਿੱਚ ਪਤਾ ਮੁਜ਼ੱਫਰਪੁਰ ਜ਼ਿਲ੍ਹਾ ਲਿਖਿਆ ਗਿਆ ਸੀ। ਪੁਲਿਸ ਇਸ ਮਾਮਲੇ ਦੀ ਵੀ ਜਾਂਚ ਕਰ ਰਹੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਅਰਜ਼ੀ ਸਮਸਤੀਪੁਰ ਦੇ ਮੋਹੀਉਦੀਨ ਨਗਰ ਜ਼ੋਨ ਦੇ ਪਬਲਿਕ ਸਰਵਿਸ ਸੈਂਟਰ ਵਿਖੇ ਪ੍ਰਾਪਤ ਹੋਈ ਸੀ। ਅਰਜ਼ੀ ਵਿੱਚ ਡੋਨਾਲਡ ਟਰੰਪ ਦਾ ਪਤਾ ਪਿੰਡ ਹਸਨਪੁਰ, ਵਾਰਡ 13, ਡਾਕਘਰ ਬਾਕਰਪੁਰ, ਪੁਲਿਸ ਸਟੇਸ਼ਨ ਮੋਹੀਉਦੀਨ ਨਗਰ ਦਿੱਤਾ ਗਿਆ ਸੀ। ਅਰਜ਼ੀ ਫਾਰਮ ’ਤੇ ਡੋਨਾਲਡ ਟਰੰਪ ਦੀ ਫੋਟੋ, ਆਧਾਰ ਨੰਬਰ, ਬਾਰ ਕੋਡ ਅਤੇ ਪਤੇ ’ਚ ਬਦਲਾਵ ਕੀਤਾ ਗਿਆ ਹੈ। ਇਸ ਲਈ ਮਾਲ ਅਧਿਕਾਰੀ ਮੋਹੀਉਦੀਨ ਨਗਰ ਨੇ 4 ਅਗਸਤ 2025 ਨੂੰ ਅਰਜ਼ੀ ਰੱਦ ਕਰ ਦਿੱਤੀ। ਇਸ ਮਾਮਲੇ ਵਿੱਚ ਸਾਈਬਰ ਪੁਲਿਸ ਸਟੇਸ਼ਨ ਸਮਸਤੀਪੁਰ ਵਿੱਚ ਇੱਕ ਅਣਪਛਾਤੇ ਵਿਅਕਤੀ ਵਿਰੁੱਧ ਐਫਆਈਆਰ ਦਰਜ ਕੀਤੀ ਗਈ ਹੈ। ਲੋਕ ਸੇਵਾ ਕੇਂਦਰ ਇੰਚਾਰਜ ਸ੍ਰਿਸ਼ਟੀ ਸਾਗਰ ਨੇ ਕਿਹਾ ਕਿ ਮਾਲ ਕਰਮਚਾਰੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਨਾਮ ’ਤੇ ਪ੍ਰਾਪਤ ਅਰਜ਼ੀ ਰੱਦ ਕਰ ਦਿੱਤੀ ਹੈ। ਇਸ ਮਾਮਲੇ ਵਿੱਚ ਅਣਪਛਾਤੇ ਵਿਅਕਤੀ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸੰਭਵ ਹੈ ਕਿ ਚੋਣ ਕਮਿਸ਼ਨ ਦੇ ਨਿਰਦੇਸ਼ਾਂ ’ਤੇ ਕੀਤੇ ਜਾ ਰਹੇ ਤੀਬਰ ਸੋਧ ਪ੍ਰੋਗਰਾਮ ਨੂੰ ਪ੍ਰਭਾਵਿਤ ਕਰਨ ਲਈ ਅਜਿਹਾ ਕੀਤਾ ਗਿਆ ਹੋਵੇ। ਪ੍ਰਸ਼ਾਸਨ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਿਹਾ ਹੈ।



## ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਹੋਈ ਪੰਜ ਸਿੰਘ ਸਾਹਿਬਾਨਾਂ ਦੀ ਮੀਟਿੰਗ ’ਚ ਵੱਡਾ ਫੈਸਲਾ, ‘ਕੋਈ ਵੀ ਧਿਰ ਖ਼ੁਦ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹਾਸਲ ਹੋਣ ਦਾ ਨਾ ਕਰੇ ਦਾਅਵਾ’

**ਅੰਮ੍ਰਿਤਸਰ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ’ਤੇ ਪੰਜ ਸਿੰਘ ਸਾਹਿਬਾਨਾਂ ਦੀ ਮੀਟਿੰਗ ’ਚ ਵੱਡਾ ਫੈਸਲਾ ਲਿਆ ਗਿਆ। ਨਾਲ ਹੀ ਖੁਦ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਸਰਪ੍ਰਸਤੀ ਹਾਸਲ ਹੋਣ ਦਾ ਦਾਅਵਾ ਕਰਨ ਵਾਲੇ ਧੜੇ ਨੂੰ ਤਾੜਨਾ ਵੀ ਪਾਈ। ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਕਿਹਾ ਗਿਆ ਸੰਗਤ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਨਾ ਕੀਤੀ ਜਾਵੇ। ਦੱਸ ਦਈਏ ਕਿ ਜਾਰੀ ਹੁਕਮਨਾਮੇ ਮੁਤਾਬਿਕ 22 ਸਾਵਣ ਨਾਨਕਸ਼ਾਹੀ ਸੰਮਤ 557 ਮੁਤਾਬਿਕ 06 ਅਗਸਤ 2025 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿੱਚ ਪਿਛਲੇ ਕੁਝ ਸਮੇਂ ਤੋਂ ਵੱਖ-ਵੱਖ ਸਿੰਘ ਸਭਾਵਾਂ, ਸਿੱਖ ਸਿਆਸੀ ਧਿਰਾਂ ਅਤੇ ਧਾਰਮਿਕ ਜਥੇਬੰਦੀਆਂ ਵੱਲੋਂ ਪ੍ਰਾਪਤ ਹੋਏ ਪੱਤਰਾਂ ਵਿੱਚ ਪੁੱਜੀਆਂ ਸ਼ਿਕਾਇਤਾਂ ਕਿ, “ਕੁਝ ਧਿਰਾਂ ਆਪਣੇ ਆਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਰਪ੍ਰਸਤੀ ਹੋਣ ਦਾ ਦਾਅਵਾ ਕਰਕੇ ਸਿਆਸੀ ਲਾਭ ਲੈਣ ਦੀ ਕੋਸ਼ਿਸ਼ ਕਰ ਰਹੀਆਂ ਹਨ” - ਦਾ ਮਾਮਲਾ ਵਿਚਾਰਿਆ ਗਿਆ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ 2 ਦਸੰਬਰ 2024 ਨੂੰ ਪੰਜ ਸਿੰਘ ਸਾਹਿਬਾਨ ਵਲੋਂ ਕੀਤੇ ਗਏ ਆਦੇਸ਼ ਵਿੱਚ ਸਮੂਹ ਅਕਾਲੀ ਦਲ ਧਿਰਾਂ ਨੂੰ ਤਾਕੀਦ ਕੀਤੀ ਗਈ ਸੀ ਕਿ ਉਹ ਆਪੋ ਆਪਣੇ ਵੱਖਰੇ ਚੁੱਲ੍ਹੇ ਸਮੇਟ ਕੇ ਇਕਜੁੱਟ ਹੋਣ। ਇਸ ਸਬੰਧੀ ਹੁਣ ਤੱਕ ਕੋਈ ਸਾਰਥਕ ਨਤੀਜੇ ਸਾਹਮਣੇ ਨਹੀਂ ਆਏ। ਅੱਜ ਸਿੱਖ ਵਿਸ਼ਵ ਭਰ ਅੰਦਰ ਵੱਖ-ਵੱਖ ਦੇਸ਼ਾਂ ਸਿਆਸੀ ਧਿਰਾਂ ਵਿਚ ਰਹਿੰਦਾ ਹੋਇਆ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਹਰ ਸਿੱਖ ਮਾਈ ਭਾਈ ਦੇ ਹੱਕ ਹਕੂਕ ਤੇ ਹਿੱਤ ਵਿੱਚ ਖੜਾ ਹੈ। ਜੇਕਰ 2 ਦਸੰਬਰ 2024 ਨੂੰ ਹੋਏ ਆਦੇਸ਼ ਨੂੰ ਕੋਈ ਵੀ ਧਿਰ ਇੰਨ-ਬਿੰਨ ਨਹੀਂ ਮੰਨਣਾ ਚਾਹੁੰਦੀ ਤਾਂ ਉਨ੍ਹਾਂ ਨੂੰ ਆਪੋ-ਆਪਣੀ ਸਿਆਸਤ ਮੁਬਾਰਕ ਹੈ, ਪਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਦਾ ਦਾਅਵਾ ਕਰਕੇ ਸੰਗਤ ਵਿੱਚ ਭਰਮ-ਭੁਲੇਖੇ ਪੈਦਾ ਨਾ ਕੀਤੇ ਜਾਣ। ਕਿਉਂਕਿ ਵੱਖੋ-ਵੱਖਰੇ ਚੁੱਲ੍ਹੇ ਕਾਇਮ ਰੱਖ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ ਦੀ ਭਾਵਨਾ ਸੰਪੂਰਨ ਨਹੀਂ ਕੀਤੀ ਜਾ ਸਕਦੀ। ਅੱਜ ਦੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਦੀਰਘ ਵਿਚਾਰ ਵਟਾਂਦਰਾ ਕਰਕੇ ਆਦੇਸ਼ ਕੀਤਾ ਜਾਂਦਾ ਹੈ ਕਿ ਕੋਈ ਵੀ ਧਿਰ ਜਾਂ ਕਮੇਟੀ ਆਪਣੇ ਆਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੋਣ ਦਾ ਦਾਅਵਾ ਨਾ ਕਰੇ। ਖ਼ਾਲਸਾ ਪੰਥ ਦੇ ਵਡੇਰੇ ਹਿਤਾਂ, ਪੰਜਾਬ ਦੀ ਜ਼ਮੀਨ ਨੂੰ ਬਚਾਉਣ, ਸਿੱਖ ਪਛਾਣ ਤੇ ਕਕਾਰਾਂ ਨੂੰ ਦੁਰਪੇਸ਼ ਚੁਣੋਤੀਆਂ, ਮੌਜੂਦਾ ਤਕਨੀਕੀ (ਆਰਟੀਫੀਸ਼ੀਅਲ ਇੰਟੈਲੀਜੈਂਸ) ਯੁੱਗ ਅੰਦਰ ਸਿੱਖ ਇਤਿਹਾਸ. ਸਿਧਾਂਤ ਅਤੇ ਪਾਵਨ ਗੁਰਬਾਣੀ ਨਾਲ ਛੇੜਛਾੜ ਅਤੇ ਦੇਸ਼-ਵਿਦੇਸ਼ ਅੰਦਰ ਸਿੱਖਾਂ ਨੂੰ ਨਿਸ਼ਾਨਾ ਬਣਾਏ ਜਾਣ ਦੇ ਮਾਮਲਿਆਂ ਨੂੰ ਨਜਿੱਠਣ ਲਈ ਸਮੂਹ ਅਕਾਲੀ ਅਤੇ ਪੰਥਕ ਧਿਰਾਂ ਲਾਮਬੰਦੀ ਕਰਕੇ ਇਕਜੁਟ ਹੋ ਕੇ ਚਲਣ। ਇਹ ਪੰਥਕ ਫੈਸਲਾ ਸਾਰੇ ਪੰਜ ਤਖ਼ਤਾਂ ਦੇ ਜਥੇਦਾਰਾਂ ਦੀ ਸਰਬਸੰਮਤੀ ਨਾਲ ਲਿਆ ਗਿਆ, ਜਿਸ ਵਿੱਚ ਸ਼ਾਮਲ ਹਨ: ਸ੍ਰੀ ਅਕਾਲ ਤਖਤ ਸਾਹਿਬ (ਅੰਮ੍ਰਿਤਸਰ), ਤਖਤ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਆਨੰਦਪੁਰ ਸਾਹਿਬ), ਤਖਤ ਸ੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ), ਤਖਤ ਸ੍ਰੀ ਪਟਨਾ ਸਾਹਿਬ (ਪਟਨਾ), ਤਖਤ ਸ੍ਰੀ ਹਜ਼ੂਰ ਸਾਹਿਬ (ਨੰਦੇਰ, ਮਹਾਰਾਸ਼ਟਰ)



## ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤਨਖ਼ਾਹੀਆ ਕਰਾਰ, ਲੱਗੀ ਧਾਰਮਿਕ ਸਜ਼ਾ

**ਅੰਮ੍ਰਿਤਸਰ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਕੈਬਨਿਟ ਦੇ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਤਨਖਾਹੀਆ ਕਰਾਰ ਦਿੱਤਾ ਗਿਆ ਹੈ। ਉਨ੍ਹਾਂ ਨੂੰ ਸ੍ਰੀਨਗਰ ਵਿਖੇ ਸ਼ਹੀਦੀ ਸਮਾਗਮ ਦੌਰਾਨ ਮਰਿਆਦਾ ਦੀ ਉਲੰਘਣਾ ਦੇ ਮਾਮਲੇ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਗਿਆ ਸੀ। ਇਸ ਮੌਕੇ ਹਰਜੋਤ ਬੈਂਸ ਤੋਂ ਸਪਸ਼ਟੀਕਰਨ ਲੈਣ ਤੋਂ ਬਾਅਦ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਾਹਮਣੇ ਆਏ ਤੱਥਾਂ ਤੋਂ ਸਪੱਸ਼ਟ ਹੋਇਆ ਹੈ ਕਿ ਉਕਤ ਸਮਾਗਮ ਦੌਰਾਨ ਸਿੱਖ ਮਰਿਆਦਾਂ ਦੀ ਉਲੰਘਣਾ ਹੋਈ ਹੈ। ਹਰਜੋਤ ਸਿੰਘ ਨੇ ਗਲਤੀ ਮੰਨ ਲਈ ਹੈ। ਇਸ ਦੌਰਾਨ ਹਰਜੋਤ ਸਿੰਘ ਬੈਂਸ ਨੂੰ ਧਾਰਮਿਕ ਸਜ਼ਾ ਵੀ ਲਗਾਈ ਗਈ ਕਿ ਉਹ ਅੱਜ ਹੀ ਨੌਂਵੇਂ ਪਾਤਸ਼ਾਹ ਦੇ ਜਨਮ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਤੁਰ ਕੇ ਜਾਣਗੇ। ਇਸ ਅਸਥਾਨ ਨੂੰ ਜਾਂਦੇ ਰਸਤਿਆਂ ਤੇ ਗਲੀਆਂ ਨੂੰ ਆਉਣ ਵਾਲੇ ਸਮੇਂ ਵਿਚ ਠੀਕ ਕਰਵਾਉਣਗੇ। ਇਸ ਤੋਂ ਬਾਅਦ ਗੁਰਦੁਆਰਾ ਕੋਠਾ ਸਾਹਿਬ ਵਿਖੇ 100 ਮੀਟਰ ਤੁਰ ਕੇ ਜਾਣਗੇ। ਇਸ ਗੁਰੂ ਘਰ ਨੂੰ ਜਾਣ ਵਾਲੇ ਰਸਤੇ ਦੀ ਹਾਲਤ ਨੂੰ ਸੁਧਾਰਨ ਲਈ ਕਾਰਜ ਕਰਨਗੇ। ਇਸ ਉਪਰੰਤ ਉਹ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਜਾਣਗੇ। ਉਪਰੰਤ ਉਹ ਗੁਰਦੁਆਰਾ ਸ੍ਰੀ ਅਨੰਦਪੁਰ ਸਾਹਿਬ ਵਿਖੇ 2 ਦਿਨ ਜੋੜਾ ਘਰ ਸੇਵਾ ਕਰਨ ਉਪਰੰਤ 1100 ਰੁਪਏ ਦੀ ਕੜਾਹ ਪ੍ਰਸ਼ਾਦਿ ਦੇ ਦੇਗ ਕਰਵਾ ਕੇ ਅਰਦਾਸ ਕਰਵਾਉਣਗੇ। ਹਰਜੋਤ ਸਿੰਘ ਬੈਂਸ ਨੇ ਸੀਸ ਨਿਵਾ ਕੇ ਇਹ ਸਜ਼ਾ ਕਬੂਲ ਕਰ ਲਈ ਹੈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ 24 ਜੁਲਾਈ ਨੂੰ ਪੰਜਾਬ ਸਰਕਾਰ ਦੇ ਭਾਸ਼ਾ ਵਿਭਾਗ ਵੱਲੋਂ ਸ੍ਰੀਨਗਰ ਵਿਖੇ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ ਇਕ ਪ੍ਰੋਗਰਾਮ ਕਰਵਾਇਆ ਗਿਆ। ਇਸ ਵਿਚ ਨਾਚ-ਗਾਣੇ ਤੇ ਮਨੋਰੰਜਨ ਕਰ ਕੇ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰੀ ਗਈ। ਇਸ ਸਬੰਧੀ ਦੇਸ਼ ਵਿਦੇਸ਼ ਤੋਂ ਸਿੱਖ ਸੰਗਤ ਨੇ ਇਸ ਸਬੰਧੀ ਪੰਜਾਬ ਕੈਬਨਿਟ ਮੰਤਰੀ ਹਰਜੋਤ ਸਿੰਘ, ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ, ਪੰਜਾਬੀ ਗਾਇਕ ਬੀਰ ਸਿੰਘ ਵਿਰੁੱਧ ਲਿਖਤੀ ਸ਼ਿਕਾਇਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜੀਆਂ। ਇਨ੍ਹਾਂ ਤੇ ਵਿਚਾਰ ਕਰਦਿਆਂ ਪੰਜ ਸਿੰਘ ਸਾਹਿਬਾਨ ਵੱਲੋਂ ਇਹ ਫ਼ੈਸਲਾ ਕੀਤਾ ਗਿਆ ਹੈ ਕਿ ਸਰਕਾਰਾਂ ਨੂੰ ਗੁਰੂ ਸਾਹਿਬ ਦੇ ਜੀਵਨ ਤੇ ਸਿੱਖਿਆ ਉੱਤੇ ਸੈਮੀਨਾਰ, ਗੋਸ਼ਟੀਆਂ ਤੇ ਲੈਕਚਰ ਕਰਵਾਉਣੇ ਚਾਹੀਦੇ ਹਨ, ਪਰ ਉਨ੍ਹਾਂ ਵਿਚ ਸਿੱਖ ਧਾਰਮਿਕ ਮਰਿਆਦਾ ਦਾ ਪੂਰਨ ਧਿਆਨ ਰੱਖਿਆ ਜਾਵੇ।



ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ☛ ਲਗਜਰੀ ਹੋਟਲਾਂ 'ਚ ਸਟੇਅ
- ☛ ਲਗਜ਼ਰੀ ਏ. ਸੀ. ਕੋਚ
- ☛ ਡੋਮੈਸਟਿਕ ਫਲਾਈਟਾਂ
- ☛ ਗਾਈਡ
- ☛ ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ☛ ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪੰਹੁਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜ਼ੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


## RAGHBIR SINGH (Call : +44 7976 210161)

121. Broadway west Walsall, West Midlands, WS1 4DW, England uk




ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

**To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.**

**--ADVICE--**

**Request to all Sangat to have own travel Insurance individualy!**

**Program is subject to change without Prior Notice.**

## JOURNEY OF A LIFE TIME

# PANJ TAKHAT YATRA

### 5 TAKHAT YATRA - 10 NIGHTS / 11 DAYS

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**

| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT


RAGHBIR SINGH
(CALL +44 7458 381111, +44 7976 210161)

PARAMJIT SHERGILL +44 7858 198159
INDERJIT KAUR +44 7883 635835
KULVINDER MANN +44 7900 982906

121, BROADWAY WEST WALSALL, WEST MIDLANDS, WS1 4DW, ENGLAND UK

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਆਵਾਜ਼ਿ ਕੌਮ AWAZE QAUM
International Newspaper & WEB TV



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪੰਰਤ 5 ਵਜੇ ਤੱਕ ਦੀਵਾਨ ਸੱਜਣਗੇ

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

--✶ ਗੁਰੂ ਪੰਥ ਦੇ ਸੇਵਾਦਾਰ ✶--

# ਸਮੂਹ ਮੰਡ ਪਰਿਵਾਰ

## ਅਤੇ ਸਾਕ-ਸਬੰਧੀ




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੱਦਾ ਪੱਤਰ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ,

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਮਹਾਰਾਜ ਜੀ ਦੇ 350 ਸਾਲਾ ਗੁਰਤਾ ਗੱਦੀ ਦਿਵਸ ਅਤੇ

## ਦਮਦਮੀ ਟਕਸਾਲ ਦੇ 319ਵੇਂ ਸਥਾਪਨਾ ਦਿਵਸ ਨੂੰ ਸਮਰਪਿਤ

# ਮਹਾਨ ਗੁਰਮਤਿ ਸਮਾਗਮ

ਮਿਤੀ 1 ਅਗਸਤ 2025
ਦਿਨ ਸ਼ੁੱਕਰਵਾਰ ਤੋਂ
7 ਅਗਸਤ 2025 ਦਿਨ ਵੀਰਵਾਰ ਤੱਕ

ਅਸਥਾਨ
ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਬਠਿੰਡਾ)

ਵਿਖੇ ਕਰਵਾਏ ਜਾ ਰਹੇ ਹਨ।

ਸਵੇਰੇ ਕਥਾ ਦਾ ਸਮਾਂ : ਸਵੇਰੇ 6:15 ਵਜੇ ਤੋਂ 7:00 ਵਜੇ ਤੱਕ
ਸ਼ਾਮ ਨੂੰ ਕਥਾ ਦਾ ਸਮਾਂ : ਸ਼ਾਮ 5:30 ਵਜੇ ਤੋਂ 6:15 ਤੱਕ

ਆਰੰਭ ਸ੍ਰੀ ਅਖੰਡ ਪਾਠ ਸਾਹਿਬ
**ਮਿਤੀ 5 ਅਗਸਤ 2025**
ਦਿਨ ਮੰਗਲਵਾਰ ਸਮਾਂ ਸਵੇਰੇ 8:00 ਵਜੇ

ਭੋਗ ਸ੍ਰੀ ਅਖੰਡ ਪਾਠ ਸਾਹਿਬ
**ਮਿਤੀ 7 ਅਗਸਤ 2025**
ਦਿਨ ਵੀਰਵਾਰ ਸਮਾਂ ਸਵੇਰੇ 8:30 ਵਜੇ

ਭੋਗ ਉਪਰੰਤ
ਸਵੇਰੇ 09:30 ਵਜੇ ਤੋਂ
02:00 ਵਜੇ ਤੱਕ
ਮਹਾਨ ਗੁਰਮਤਿ ਸਮਾਗਮ ਹੋਣਗੇ

ਜਿਸ ਵਿੱਚ ਸੰਤ ਮਹਾਂ ਪੁਰਖ ਹਾਜਰੀਆਂ ਭਰਣਗੇ।



6 ਅਤੇ 7 ਅਗਸਤ ਨੂੰ ਵਰਤਮਾਨ ਮੁਖੀ ਦਮਦਮੀ ਟਕਸਾਲ,
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ ਕਥਾ ਕਰਨਗੇ।

ਸੋ ਆਪ ਜੀ ਨੂੰ ਬੇਨਤੀ ਹੈ
ਆਪ ਜੀ ਅਤੇ ਸੰਗਤਾ ਸਮੇਤ ਸਮੇਂ ਸਿਰ ਆਉਣ ਦੀ
ਕ੍ਰਿਪਾਲਤਾ ਕਰਨੀ ਜੀ।

ਗੁਰੂ ਪੰਥ ਦੇ ਦਾਸ:
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ,
ਪ੍ਰਧਾਨ ਸੰਤ ਸਮਾਜ, ਮੋ:98551-17300

ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




## ਸਮੂਹ ਸ਼ਹੀਦਾਂ ਨੂੰ ਸਮਰਪਿਤ 15/16/17 ਅਗਸਤ 2025 ਨੂੰ ਮਹਾਨ ਗੁਰਮਤਿ ਸਮਾਗਮ

ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ।

ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ਸ਼ੁੱਕਰਵਾਰ 15 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ 10 ਵਜੇ ਆਰੰਭ ਹੋਵੇਗੀ ਅਤੇ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।
☛ਸ਼ਨਿੱਚਰਵਾਰ 16 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 17 ਅਗਸਤ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

☛ ਕਵੀਸ਼ਰੀ ਜਥਾ ਗਿਆਨੀ ਸੁਖਵਿੰਦਰ ਸਿੰਘ ਚੀਮਾ ਖੁੱਡੀ ਮਾਝੇ ਵਾਲੇ । ☛ ਕਥਾ ਵਾਚਕ ਗਿਆਨੀ ਹੀਰਾਂ ਸਿੰਘ ਦਮਦਮੀ ਟਕਸਾਲ ਵਾਲੇ। ☛ ਕੀਰਤਨੀ ਜਥਾ ਰਾਗੀ ਭਾਈ ਅਵਤਾਰ ਸਿੰਘ ਬੁੱਟਰ ਬਾਬਾ ਬਕਾਲਾ ਸਾਹਿਬ ਵਾਲੇ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਵੱਖ-ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ • ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


# ਸਾਂਝਾ ਪੰਜਾਬ

## VEG & NON-VEG INDIAN

WE CATER FOR

★★★★★






SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD

LEICESTER LE4 6AR

visit us : www.sanjhapunjab.co.uk

email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk

email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM

International Newspaper & WEB TV


CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ
AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR
WEBSITE



SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV





# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਬਾਬਾ ਬਕਾਲਾ ਵਿਖੇ ਕੀਤੀ ਜਾ ਰਹੀ ''ਬੰਦੀ ਸਿੰਘ ਰਿਹਾਈ ਕਾਨਫਰੰਸ'' ਕੇਂਦਰ ਤੇ ਪੰਜਾਬ ਸਰਕਾਰ ਦੀਆਂ ਜੜ੍ਹਾਂ ਹਿਲਾਕੇ ਰੱਖ ਦੇਵੇਗੀ : ਸ਼ਮਸ਼ੇਰ ਸਿੰਘ ਪੱਧਰੀ

**ਅੰਮ੍ਰਿਤਸਰ 6 ਅਗਸਤ (ਆਵਾਜ਼ਿ ਕੌਮ ਬਿਊਰੋ)-** ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 9 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ''ਬੰਦੀ ਸਿੰਘ ਰਿਹਾਈ ਕਾਨਫਰੰਸ ਕੀਤੀ ਜਾ ਰਹੀ ਹੈ, ਜਿਸ ਵਿੱਚ ਪੰਜਾਬ ਭਰ ਤੋਂ ਲੱਖਾਂ

## ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਵੱਡੇ ਕਾਫਲੇ ਦੇ ਰੂਪ ਵਿੱਚ ਪਹੁੰਚੇਗੀ ਸੰਗਤ

ਸੰਗਤਾਂ ਦੇ ਰਿਕਾਰਡਤੋੜ ਇਕੱਠ ਦੀ ਉਮੀਦ ਕੀਤੀ ਜਾ ਰਹੀ ਹੈ, ਅਤੇ ਇਹ ਇਹ ਕਾਨਫਰੰਸ ਕੇਂਦਰ ਤੇ ਪੰਜਾਬ

ਆਵਾਜ਼ਿ ਕੌਮ AWAZE QAUM International Newspaper & WEB TV

ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗੀ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਜਿਲਾ ਅੰਮ੍ਰਿਤਸਰ ਤੋਂ ਕਾਰਜਕਾਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਅਤੇ ਭੁਪਿੰਦਰ ਸਿੰਘ ਗੱਦਲੀ ਦੀ ਅਗਵਾਈ ਵਿੱਚ ਕੀਤੀ ਗਈ ਇਕ ਮੀਟਿੰਗ ਉਪਰੰਤ ਪ੍ਰੈਸ ਨੋਟ ਰਾਹੀਂ ਕੀਤਾ। ਇਸ ਮੀਟਿੰਗ ਵਿੱਚ ਉਹਨਾਂ ਦੇ ਨਾਲ ਭਾਈ ਸੁਖਬੀਰ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਪ੍ਰਭਜੋਤ ਸਿੰਘ, ਭਾਈ ਸਵਰਨ ਸਿੰਘ ਗੋਲਡਨ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ? ਅਤੇ ਭਾਈ ਜੁਗਰਾਜ ਸਿੰਘ ਵੀ ਹਾਜਰ ਸਨ ।ਉਹਨਾਂ ਕਿਹਾ ਕਿ ਪੰਜਾਬ ਦੇ ਸਮਾਜਿਕ, ਰਾਜਨੀਤਕ ਤੇ ਧਾਰਮਿਕ ਮੱਦੇ 'ਤੇ ਦਿੱਲੀ ਸਰਕਾਰ ਅਤੇ ਪੰਜਾਬ ਸਰਕਾਰ ਦੀ ਪੰਜਾਬ ਵਿਰੋਧੀ ਨੀਤੀਆਂ ਦਾ ਖੁੱਲ੍ਹਾ ਪਰਦਾਫਾਸ਼ ਕੀਤਾ ਜਾਵੇਗਾ। ਪੱਧਰੀ ਨੇ ਦੱਸਿਆ ਕਿ ਇਸ ਕਾਨਫਰੰਸ ਵਿੱਚ ਸਮੂਹ ਸਿੱਖ ਬੰਦੀ ਸਿੰਘਾਂ ਦੀ ਰਿਹਾਈ, ਲੈਂਡ ਪੂਲਿੰਗ ਨੀਤੀ ਦੇ ਵਿਰੋਧ, ਨੌਜਵਾਨਾਂ ਦੇ ਝੂਠੇ ਮੁਕਾਬਲਿਆਂ ਰਾਹੀਂ ਕੀਤੇ ਜਾ ਰਹੇ ਸਰਕਾਰੀ ਕਤਲਾਂ,





ਅਤੇ ਨਸ਼ਿਆਂ ਦੇ ਵਿਰੁੱਧ ਚਲ ਰਹੀ ਲਹਿਰ ਨੂੰ ਮੁੱਖ ਮੁੱਦੇ ਵਜੋਂ ਚੁੱਕਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰਾਂ ਵੱਲੋਂ ਸਿੱਖ ਕੌਮ ਦੇ ਜਜ਼ਬਾਤਾਂ ਨਾਲ ਖੇਡਣ, ਸਿੱਖ ਨੌਜਵਾਨਾਂ ਨੂੰ ਝੂਠੇ ਕੇਸਾਂ 'ਚ ਫਸਾਉਣ, ਅਤੇ ਪੰਜਾਬ ਦੀਆਂ ਜਮੀਨਾਂ ਨੂੰ ਹੜੱਪਣ ਦੀ ਯੋਜਨਾ ਤਹਿਤ ਲੈਂਡ ਪੂਲਿੰਗ ਵਰਗੀਆਂ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ ਅਤੇ ਵਾਹੀਯੋਗ ਜਮੀਨਾਂ ਨੂੰ ਕਾਰਪੋਰੇਟ ਘਰਾਣਿਆਂ ਦੀ ਝੋਲੀ ਪਾਕੇ ਵੱਡੇ ਮੁਨਾਫੇ ਦਿੱਤੇ ਜਾ ਰਹੇ ਹਨ। ਕੇਂਦਰ ਅਤੇ ਪੰਜਾਬ ਸਰਕਾਰ ਇਕ ਸਲਾਹ ਹੋਕੇ ਪੰਜਾਬ ਨੂੰ ਬਰਬਾਦ ਕਰਨ ਵਿੱਚ ਲੱਗੀਆਂ ਹੋਈਆਂ ਹਨ। ਇਨ੍ਹਾਂ ਸਾਰੇ ਮੁੱਦਿਆਂ 'ਤੇ ਹੁਣ ਕੌਮ ਚੁੱਪ ਨਹੀਂ ਰਹੇਗੀ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੰਚ ਤੋਂ ਇਸ ਕਾਨਫਰੰਸ ਰਾਹੀਂ ਪੰਜਾਬ ਦੀ ਜਨਤਾ ਨੂੰ ਇਹ ਸੁਨੇਹਾ ਦਿੱਤਾ ਜਾਵੇਗਾ ਕਿ ਅਸੀਂ ਆਪਣੇ ਹੱਕਾਂ ਦੀ ਰਾਖੀ ਲਈ ਇੱਕਜੁੱਟ ਹਾਂ। ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ, ਜੋ ਕਿ ਇਸ ਸਮੇਂ ਭਾਰਤੀ ਸਰਕਾਰ ਵੱਲੋਂ NSA ਤੇ ਝੂਠੇ ਕੇਸ ਹੇਠ ਗੈਰਕਾਨੂੰਨੀ ਢੰਗ ਨਾਲ ਨਜਾਇਜ਼ ਹਿਰਾਸਤ 'ਚ ਹਨ, ਉਹਨਾਂ ਦੀ ਅਤੇ ਉਹਨਾਂ ਦੇ ਸਾਥੀਆਂ ਦੀ ਰਿਹਾਈ ਦੀ ਮੰਗ ਵੀ ਇਸ ਕਾਨਫਰੰਸ ਰਾਹੀਂ ਜ਼ੋਰਦਾਰ ਢੰਗ ਨਾਲ ਉਠਾਈ ਜਾਵੇਗੀ ਅਤੇ ਇਹਨਾਂ ਧੱਕੇਸ਼ਾਹੀਆਂ ਦਾ ਚੋਰਾਹੇ ਵਿੱਚ ਭਾਂਡਾ ਭੰਨਿਆ ਜਾਵੇਗਾ। ਇਸ ਪੰਥਕ ਕਾਨਫਰੰਸ ਵਿੱਚ ਪਾਰਟੀ ਦੇ ਸਾਰੇ ਆਗੂ, ਵੱਖ-ਵੱਖ ਜਥੇਬੰਦੀਆਂ ਦੇ ਪ੍ਰਤੀਨਿਧੀ, ਕਿਸਾਨ ਮੋਰਚੇ ਅਤੇ ਨੌਜਵਾਨ ਵਲੰਟੀਅਰ ਵੱਡੀ ਗਿਣਤੀ ਵਿੱਚ ਹਿੱਸਾ ਲੈਣਗੇ।ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਵੱਡੇ ਕਾਫਲੇ ਦੇ ਰੂਪ ਵਿੱਚ ਸੰਗਤਾਂ ਦਾ ਬਾਬਾ ਬਕਾਲਾ ਸਾਹਿਬ ਪਹੁੰਚਣਾ, ਇਸ ਕਾਨਫਰੰਸ ਦੀ ਪੰਥਕ ਮਹੱਤਤਾ ਨੂੰ ਦਰਸਾਏਗਾ। ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਜਾਬ ਦੀ ਸਾਰਥਕ ਸਿਆਸਤ ਨੂੰ ਦੁਬਾਰਾ ਜਨਤਾ ਨਾਲ ਜੋੜਨ ਲਈ ਇਹ ਕਦਮ ਇਕ ਇਤਿਹਾਸਕ ਕਦਮ ਹੋਵੇਗਾ।

# ਵਿਸ਼ਵ ਪੰਜਾਬੀ ਸਭਾ, ਕੈਨੇਡਾ

ਵੱਲੋਂ

ਅੰਤਰਰਾਸ਼ਟਰੀ ਸਿੱਖ ਪ੍ਰਚਾਰਕ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ

ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜੀ ਦਾ

## ਵਿਸ਼ੇਸ ਸਨਮਾਨ ਸਮਾਰੋਹ

ਮਿਤੀ 7 ਅਗਸਤ 2025 । ਸਮਾਂ: ਸ਼ਾਮ 7 ਤੋਂ 9 ਵਜੇ ਤੱਕ

ਸਥਾਨ – ਵਿਸ਼ਵ ਪੰਜਾਬੀ ਭਵਨ 114 ਕੈਨੇਡੀ ਰੋਡ ਬਰੈਂਪਟਨ

ਸਵਾਗਤ ਕਰਤਾ :

ਚੇਅਰਮੈਨ ਡਾ . ਦਲਬੀਰ ਸਿੰਘ ਕਥੂਰੀਆ



ਆਵਾਜ਼ਿ ਕੌਮ AWAZE QAUM International Newspaper & WEB TV

https:/vishavpunjabisabha.in/ Email-vishavpunjabisabha2023@gmail.com

ਸੰਪਰਕ: +1 (416) 700-9100, 98144-12610



## ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ



ਕਲਮ ਫ਼ਾਊਡੇਸ਼ਨ ਅਤੇ ਸਿੰਘ ਟਰੈਵਲ ਕੈਨੇਡਾ ਵਲੋਂ

(ਅਜੀਤ ਵੀਕਲੀ, ਦਰਸ਼ਨ ਟੀਵੀ ਅਤੇ ਪੰਜਾਬੀ ਸਿੱਖ ਸੰਗਤ ਕੈਨੇਡਾ ਦੇ ਸਹਿਯੋਗ ਨਾਲ)



## 11ਵੀਂ ਵਿਸ਼ਵ ਪੰਜਾਬੀ ਕਾਨਫ਼ਰੰਸ

9 ਅਗਸਤ ਦਿਨ ਸ਼ਨੀਵਾਰ ਸਵੇਰੇ 10 ਤੋ ਸ਼ਾਮ 5 ਵਜੇ ਤੱਕ

ਸਥਾਨ: ਅਜੀਤ ਭਵਨ 7015 Tranmere Drive Mississauga Canada

ਆਵਾਜ਼ਿ ਕੌਮ AWAZE QAUM International Newspaper & WEB TV

ਬੁਲਾਰੇ ਅਤੇ ਪ੍ਰਬੰਧਕ: ਕਾਨਫਰੰਸ ਵਿੱਚ ਵਿਸ਼ੇਸ਼ ਤੌਰ ਤੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਡਾ. ਰਵੇਲ ਸਿੰਘ ਦਿੱਲੀ, ਡਾ. ਪ੍ਰਮਜੀਤ ਸਿੰਘ ਸਰੋਆ, ਡਾ. ਗੁਰਨਾਮ ਕੌਰ, ਪ੍ਰਿੰਸੀਪਲ ਜਸਬੀਰ ਕੌਰ ਪਟਿਆਲਾ, ਡਾ. ਅਮਰ ਸਿੰਘ GNDU, ਡਾ. ਅਖਤਰ ਸੰਧੂ ਹਿਸਟੋਰੀਅਨ, ਤਾਹਿਰਾ ਸਰਾ ਅਤੇ ਡਾ. ਹੁਸਨੈਨ ਅਕਬਰ ਸਮੇਤ ਬਹੁਤ ਸਾਰੇ ਬੁਲਾਰੇ ਤੇ ਕਵੀ ਵੀ ਭਾਗ ਲੈਣਗੇ।





# ‘ਦਮਦਮੀ ਟਕਸਾਲ’ : ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਵੱਲੋਂ ਵਰੋਸਾਈ ਸਿੱਖ ਪੰਥ ਦੀ ਸਿਰਮੌਰ ਜਥੇਬੰਦੀ

**ਖ਼ਾਲਸੇ ਦੀ** ਸਿਰਜਣਾ ਭਾਰਤ ਦੇ ਮੱਧਕਾਲੀਨ ਇਤਿਹਾਸ ਦੀ ਇਕ ਅਜਿਹੀ ਅਦੁੱਤੀ ਘਟਨਾ ਹੈ, ਜਿਸ ਨੇ ਵਿਲੱਖਣ ਜੀਵਨ ਜੁਗਤ ਅਤੇ ਮਾਨਵ ਹਿਤਕਾਰੀ ਸਮਾਜ ਉਸਾਰੀ ਨੂੰ ਰੂਪਮਾਨ ਕੀਤਾ। ਮੁਗ਼ਲ ਹਕੂਮਤ ਦੇ ਜ਼ੁਲਮਾਂ ਤੋਂ ਹਿੰਦ ਨੂੰ ਨਿਜਾਤ ਦਿਵਾਉਣ ਲਈ ਜਦੋਂ 1699 ਦੀ ਵਿਸਾਖੀ ’ਤੇ ਅੰਮ੍ਰਿਤ ਸੰਚਾਰ ਰਾਹੀਂ ਖ਼ਾਲਸੇ ਦੀ ਸਿਰਜਣਾ ਦੌਰਾਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਕਿਰਪਾਨ ਸੂਤਦਿਆਂ ਸਿੱਖਾਂ ਨੂੰ ਸੀਸ ਅਰਪਣ ਕਰਨ ਲਈ ਅੱਗੇ ਆਉਣ ਲਈ ਲਲਕਾਰਿਆ ਤਾਂ ਸੀਸ ਭੇਂਟ ਕਰਨ ਲਈ ਤਤਪਰ ਇਕ ਇਕ ਕਰਕੇ ਗੁਰੂ ਸਾਹਿਬ ਦੇ ਸਨਮੁੱਖ ਆਉਣ ਵਾਲੇ ਪੰਜ ਪਿਆਰੇ ਭਾਰਤ ਦੇ ਕੋਨੇ ਕੋਨੇ ਤੋਂ ਅਤੇ ਭਿੰਨ ਭਿੰਨ ਜਾਤ- ਬਰਾਦਰੀਆਂ ਨਾਲ ਸੰਬੰਧਿਤ ਸਨ। ਇਹੀ ਖ਼ਾਲਸੇ ਦੀ ਖ਼ੂਬਸੂਰਤੀ ਸੀ, ਹੈ ਅਤੇ ਰਹੇਗੀ। ਦਸ ਗੁਰੂ ਸਾਹਿਬਾਨ ਵੱਲੋਂ ਵਰੋਸਾਈ ਖ਼ਾਲਸੇ ਨੇ ਮਜ਼ਲੂਮ ਤੇ ਗ਼ਰੀਬ ਦੀ ਰੱਖਿਆ ਅਤੇ ਅਨਿਆਂਈਂ ਵਿਰੁੱਧ ਡਟ ਕੇ ਪਹਿਰਾ ਦੇਣ ਦੀ ਪਰੰਪਰਾ ਉੱਪਰ ਹਮੇਸ਼ਾਂ ਪਹਿਰਾ ਦਿੱਤਾ। ਅਠਾਰ੍ਹਵੀਂ ਸਦੀ ’ਚ ਅਫ਼ਗ਼ਾਨਿਸਤਾਨ ਦੇ ਧਾੜਵੀ ਅਹਿਮਦ ਸ਼ਾਹ ਅਬਦਾਲੀ ਦੀ ਸ਼ਕਤੀਸ਼ਾਲੀ ਫ਼ੌਜ ਨਾਲ ਖ਼ਾਲਸੇ ਨੇ ਜ਼ਬਰਦਸਤ ਟੱਕਰ ਲਈ, ਉਸ ਤੋਂ ਭਾਰਤ ਦਾ ਲੁੱਟਿਆ ਮਾਲ ਅਸਬਾਬ ਹੀ ਵਾਪਸ ਨਹੀਂ ਖੋਹ ਲਿਆ ਜਾਂਦਾ ਰਿਹਾ ਸਗੋਂ ਭਾਰਤ ਦੀਆਂ ਧੀਆਂ ਨੂੰ ਵੀ ਉਨ੍ਹਾਂ ਤੋਂ ਛਡਵਾ ਕੇ ਘਰ ਘਰ ਭੇਜਣਾ ਕੀਤਾ। ਮੁਗ਼ਲਾਂ ਅਤੇ ਅਫਗਾਨੀਆਂ ਖ਼ਿਲਾਫ਼ ਲੜੀਆਂ ਗਈਆਂ ਉਨ੍ਹਾਂ ਜੰਗਾਂ ’ਚ ਦਮਦਮੀ ਟਕਸਾਲ ਦੀ ਅਹਿਮ ਭੂਮਿਕਾ ਰਹੀ ਹੈ।

ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਵੱਲੋਂ ਵਰੋਸਾਈ ਸਿੱਖ ਪੰਥ ਦੀ ਸਿਰਮੌਰ ਜਥੇਬੰਦੀ ’ਦਮਦਮੀ ਟਕਸਾਲ’ ਦੀ ਧਾਰਮਿਕ ਅਤੇ ਰਾਜਸੀ ਖੇਤਰ ਵਿੱਚ ਆਪਣੀ ਇੱਕ ਅਹਿਮ ਅਤੇ ਵਿਲੱਖਣ ਪਛਾਣ ਹੈ ਅਤੇ ਅੱਜ ਵੀ ਸਿੱਖ ਮਾਨਸਿਕਤਾ ਨਾਲ ਅਟੁੱਟ ਤੇ ਅਕੱਟ ਰਿਸ਼ਤੇ ਨਾਲ ਬੱਝੀ ਹੋਈ ਹੈ।

ਦਮਦਮੀ ਟਕਸਾਲ ਦੀ ਸਥਾਪਨਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੁਆਰਾ 7 ਅਗਸਤ 1706 ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਕੀਤੀ ਗਈ ਅਤੇ ਪਹਿਲੇ ਮੁਖੀ ਸ਼ਹੀਦ ਬਾਬਾ ਦੀਪ ਸਿੰਘ ਜੀ ਨੂੰ ਥਾਪਿਆ ਗਿਆ। 1704 ਈ. ਵਿਚ ਮੁਕਤਸਰ ਦੀ ਜੰਗ ਤੋਂ ਬਾਅਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਪਹੁੰਚੇ । ਜਿੱਥੇ ਦਸਮੇਸ਼ ਪਿਤਾ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੰਘਾਂ ਨਾਲ ਗੁਰਬਾਣੀ ਦੇ ਅਰਥ ਪੜ੍ਹਾਉਣ ਦੇ ਕੀਤੇ ਵਾਅਦੇ ਨੂੰ ਪੂਰਿਆਂ ਕਰਨਾ ਸੀ। ਜਦੋਂ ਦਸਵੇਂ ਪਾਤਸ਼ਾਹ ਸ੍ਰੀ ਅਨੰਦਪੁਰ ਸਾਹਿਬ ਨਿਵਾਸ ਕਰਦੇ ਸਨ, ਉਸ ਵਕਤ ਇਕ ਦਿਨ ਇਕ ਪ੍ਰੇਮੀ ਸਿੰਘ ਪੰਜ ਗ੍ਰੰਥੀ ਦਾ ਨਿੱਤਨੇਮ ਬੜੀ ਸ਼ਰਧਾ ਨਾਲ ਜ਼ੁਬਾਨੀ ਕਰ ਰਿਹਾ ਸੀ। ਜੋ ਗੁਰੂ ਸਾਹਿਬ ਨੂੰ ਸੁਣਾਈ ਦੇ ਰਿਹਾ ਸੀ। ’ਦੱਖਣੀ ਓਅੰਕਾਰ’ ਦੀ ਬਾਣੀ ਪੜ੍ਹਦਿਆਂ ਜਦੋਂ ਪੰਗਤੀ ’ਕਰਤੇ ਕੀ ਮਿਤਿ ਕਰਤਾ ਜਾਣੈ ਕੈ ਜਾਣੈ ਗੁਰ ਸੂਰਾ।। ਨੂੰ ਸਿੰਘ ਨੇ ”ਕੈ” ਦੀ ਥਾਂ ”ਕੇ” ਪੜ੍ਹ ਗਿਆ। ਗੁਰੂ ਸਾਹਿਬ ਨੇ ਇਹ ਸੁਣ ਕੇ ਦੋ ਵਾਰੀ ਸਿੰਘ ਨੂੰ ਗੁਰਬਾਣੀ ਦਾ ਸ਼ੁੱਧ ਪਾਠ ਕਰਨ ਲਈ ਕਿਹਾ। ਸਿੰਘ ਬਾਣੀ ਪੜ੍ਹਨ ਵਿਚ ਮਗਨ ਸੀ, ਅਵਾਜ਼ ਨਾ ਸੁਣੀ, ਸੋਧ ਨਾ ਕੀਤੀ ਅਤੇ ਅੱਗੇ ਪੜ੍ਹੀ ਗਿਆ। ਤਾਂ ਹਜ਼ੂਰ ਨੇ ਇਕ ਸਿੰਘ ਭੇਜ ਕੇ ਤਾੜਨਾ ਕਰਵਾਈ ਤੇ ਚਾਟਾਂ ਮਰਵਾਈਆਂ। ਉਸੇ ਦਿਨ ਹੀ ਸਿੰਘ ਦੀਵਾਨ ’ਚ ਆ ਕੇ ਬੇਨਤੀ ਕੀਤੀ ਕਿ ਕਿ ਸਤਿਗੁਰੂ ਜੀ ਜੇਕਰ ਗੁਰਬਾਣੀ ਪੜ੍ਹਦਿਆਂ ਤਮਾਚੇ ਵੀ ਵੱਜਦੇ ਹਨ ਤਾਂ ਸਾਡੀ ਕਲਿਆਣ ਕਿਵੇਂ ਹੋਵੇਗੀ ? ਇਹ ਸੁਣ ਸਤਿਗੁਰੂ ਜੀ ਨੇ ਕਿਹਾ, ”ਸਿੰਘਾ, ਗੁਰਬਾਣੀ ਸਾਡੇ ਅੰਗ ਹਨ। ਤੂੰ ਗੁਰਬਾਣੀ ਗ਼ਲਤ ਪੜ੍ਹਦਾ ਸੀ, ਸਾਨੂੰ ਜੋ ਖੇਦ ਗੁਰਬਾਣੀ ਗ਼ਲਤ ਪੜ੍ਹਨ ਤੋਂ ਹੋਇਆ ਹੈ, ਤੈਨੂੰ ਚਪੇੜਾਂ ਨਾਲ ਨਹੀਂ ਹੋਇਆ।” ਇਹ ਸੁਣ ਸਿੰਘ ਦੀ ਨਰਾਜ਼ਗੀ ਘਟੀ ਅਤੇ ਨਿਮਰਤਾ ਨਾਲ ਪੁੱਛਿਆ, ਸਤਿਗੁਰੂ ਜੀ ਕ੍ਰਿਪਾ ਕਰਕੇ ਦੱਸੋ ਕਿਥੋਂ ਗ਼ਲਤ ਪੜ੍ਹਦਾ ਸੀ, ਸੋ ਸੋਧ ਲਵਾਂ। ਮਹਾਰਾਜ ਨੇ ਕਿਹਾ ਦੱਖਣੀ ਓਅੰਕਾਰ ਦੀ ’ਕਰਤੇ ਕੀ ਮਿਤਿ ਕਰਤਾ ਜਾਣੈ ਕੈ ਜਾਣੈ ਗੁਰ ਸੂਰਾ।। ਨੂੰ ”ਕੈ” ਦੀ ਥਾਂ ”ਕੇ” ਪੜ੍ਹਿਆ। ਜਿਸ ਕਰਕੇ ਅਰਥ ਦਾ ਉਲਟਾ ਅਨਰਥ ਹੋ ਗਿਆ। ਕਿਉਂਕਿ ‘ਕਰਤੇ’ ਵਾਹਿਗੁਰੂ ਦੀ ਮਰਿਆਦਾ ਨੂੰ ਕਰਤਾ ਆਪ, ਜਾਣਦਾ ਹੈ (ਕੈ) ਅਥਵਾ ਗੁਰੂ ਸੂਰਮੇ ਜਾਣਦੇ ਹਨ। ਪਰ (ਕੇ) ਦਾ ਅਰਥ ਹੈ ’ਕੀ’ ਸਤਿਗੁਰੂ ਸੂਰਮੇ (ਕੇ) ਕੀ ਜਾਣਦੇ ਹਨ ? ਭਾਵ ਨਹੀਂ ਜਾਣਦੇ। ਜੇ ਸਤਿਗੁਰੂ ਸੂਰਮੇ ਹੀ ਮਰਿਆਦਾ ਨੂੰ ਨਹੀਂ ਜਾਣਦੇ ਤਾਂ ਹੋਰ ਕੌਣ ਜਾਣਨਗੇ ? ਸੋ ਹੇ ਖ਼ਾਲਸਾ ਜੀ ! ਸਭ ਸਿੰਘ ਗੁਰਬਾਣੀ ਨੂੰ ਸੋਧ ਕੇ, ਵਿਚਾਰ ਕੇ ਤੇ ਚਿੱਤ ਟਿਕਾ ਕੇ ਪੜ੍ਹਿਆ ਕਰੇ। ਇਹ ਸੁਣ ਕੇ ਭਾਈ ਦਇਆ ਸਿੰਘ ਜੀ ਆਦਿ, ਮੁਖੀ ਸਿੰਘਾਂ ਨੇ ਬੇਨਤੀ ਕੀਤੀ, ‘ਹੇ ਗ਼ਰੀਬ ਨਿਵਾਜ ਜੀ’, ਆਪ ਕ੍ਰਿਪਾ ਕਰਕੇ ਗੁਰਬਾਣੀ ਦੇ ਅਰਥ ਪੜ੍ਹਾਓ ਜੀ। ਅਰਥਾਂ ਬਿਨਾਂ ਗੁਰਬਾਣੀ ਦੀ ਸ਼ੁੱਧੀ ਅਸ਼ੁੱਧੀ ਦਾ ਪਤਾ ਨਹੀਂ ਲੱਗਦਾ। ਤਾਂ ਹਜ਼ੂਰ ਨੇ ਫ਼ਰਮਾਇਆ ਸਿੰਘੋ ! ਸਾਡਾ ਇਕਰਾਰ ਰਿਹਾ, ਹੁਣ ਤਾਂ ਧਰਮ ਯੁੱਧ ਦਾ ਸਮਾਂ ਹੈ, ਜੰਗ ਤੋਂ ਵਿਹਲੇ ਹੋ ਕੇ ਅਰਥ ਪੜ੍ਹਾਵਾਂਗੇ।



ਜਦੋਂ ਕਲਗ਼ੀਧਰ ਪਿਤਾ ਜੀ, ਸਰਬੰਸ ਵਾਰ ਕੇ ਮੁਕਤਸਰ ਸਾਹਿਬ ਟੁੱਟੀ ਗੰਢ ਕੇ, ਸਾਬੋ ਕੀ ਤਲਵੰਡੀ ਆਏ ਤਾਂ ਸਿੰਘਾਂ ਨੇ ਬੇਨਤੀ ਕੀਤੀ, ਹਜ਼ੂਰ ਜੋ ਆਪ ਜੀ ਨੇ ਗੁਰਬਾਣੀ ਦੇ ਅਰਥ ਪੜ੍ਹਾਉਣ ਦਾ ਇਕਰਾਰ ਕੀਤਾ ਸੀ, ਸੋ ਕ੍ਰਿਪਾ ਕਰਕੇ ਪੂਰਾ ਕਰੋ ਜੀ। ਤਾਂ ਮਹਾਰਾਜ ਜੀ ਨੇ ਕਿਹਾ, “ਤੁਸੀਂ ਧੀਰ ਮੱਲ ਦੇ ਪਾਸ ਕਰਤਾਰਪੁਰ ਸਾਹਿਬ ਜਾਓ, ਪੰਜਵੇਂ ਪਾਤਿਸ਼ਾਹ ਜੀ ਨੇ ਜੋ ਗੁਰਬਾਣੀ ਦੀ ਬੀੜ ਰਚੀ ਹੈ, ਉਹ ਸਰੂਪ ਲੈ ਆਵੋ, ਨਾਲੇ ਉਸ ਵਿਚ ਨੌਂਵੇਂ ਪਾਤਸ਼ਾਹ ਜੀ ਦੀ ਗੁਰਬਾਣੀ ਚੜ੍ਹਾ ਦੇਈਏ।” ਸਤਿਗੁਰਾਂ ਦਾ ਹੁਕਮ ਮੰਨ ਕੇ ਮੁਖੀ ਸਿੰਘ ਧੀਰ ਮੱਲ ਕੋਲ ਗਏ ਤਾਂ ਧੀਰ ਮੱਲ ਨੇ ਉਤਰ ਦਿੱਤਾ, “ਇਹ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਪੰਜਵੇਂ ਸਰੂਪ ਵਿਚ ਤਿਆਰ ਕੀਤੀ ਹੈ, ਆਪ ਵੀ ਸਤਿਗੁਰੂ ਜੀ ਉਨ੍ਹਾਂ ਦੇ ਸਰੂਪ ਹੀ ਹਨ, ਆਪ ਕੰਠੋਂ ਕਿਉਂ ਨਹੀਂ ਰਚ ਲੈਂਦੇ।” ਇਹ ਸੁਣ ਕੇ ਸਿੰਘਾਂ ਨੇ ਵਾਪਸ ਆ ਕੇ ਹਜ਼ੂਰ ਦੇ ਸਨਮੁੱਖ ਬੇਨਤੀ ਕੀਤੀ, ਮਹਾਰਾਜ ਜੀ ਧੀਰ ਮੱਲ ਤਾਂ ਇਸ ਪ੍ਰਕਾਰ ਕਹਿੰਦਾ ਹੈ। ਧੀਰ ਮੱਲ ਦਾ ਜਵਾਬ ਸੁਣ ਕੇ ਹਜ਼ੂਰ ਆਪ, ਬਾਬਾ ਦੀਪ ਸਿੰਘ ਜੀ ਸ਼ਹੀਦ ਦੀ ਕਲਮਾਂ, ਸਿਆਹੀ ਤੇ ਕਾਗ਼ਜ਼ ਦਾ ਪ੍ਰਬੰਧ ਕਰਨ ਦੀ ਸੇਵਾ ਲਾਈ ਅਤੇ ਭਾਈ ਮਨੀ ਸਿੰਘ ਜੀ ਨੂੰ ਲਿਖਾਰੀ ਲਾ ਕੇ ਆਪਣੀ ਪਵਿੱਤਰ ਰਸਣਾ ਤੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਕੰਠੋਂ ਉਚਾਰਨ ਲੱਗੇ। ਐਸੀ ਅਗੰਮੀ ਕਲਮ ਚਲੀ, ਕਿ ‘ਜਪੁਜੀ ਸਾਹਿਬ, ਰਹਿਰਾਸ ਸਾਹਿਬ, ਤੇ ਕੀਰਤਨ ਸੋਹਿਲਾ’ ਤਕ ਗੁਰਬਾਣੀ ਪਹਿਲੇ ਦਿਨ ਹੀ ਲਿਖੀ ਗਈ ਅਤੇ ਸ਼ਾਮ ਨੂੰ ਸਾਰੀ ਬਾਣੀ ਦੇ ਅਰਥ ਸੰਗਤਾਂ ਨੂੰ ਸੁਣਾਏ। ਇਸ ਤਰ੍ਹਾਂ ਗੁਰਬਾਣੀ ਦੀ ਲਿਖਾਈ, ਪੜ੍ਹਾਈ ਅਤੇ ਅਰਥ ਸ਼ੁਰੂ ਹੋਏ। ਹਜ਼ੂਰ ਅੰਮ੍ਰਿਤ ਵੇਲੇ ਜਿੰਨੀ ਗੁਰਬਾਣੀ ਲਿਖਵਾਇਆ ਕਰਦੇ, ਪਿਛਲੇ ਪਹਿਰ ਉਤਨੀ ਦੇ ਹੀ 48 ਸਿੰਘਾਂ ਅਤੇ ਬੇਅੰਤ ਸੰਗਤਾਂ ਨੂੰ ਅਰਥ ਪੜ੍ਹਾਇਆ ਕਰਦੇ। ਇਸ ਪ੍ਰਕਾਰ ਸੰਮਤ 1762 ਕੱਤਕ ਸੁਦੀ ਪੂਰਨਮਾਸ਼ੀ ਤੋਂ ਅਰੰਭ ਕਰ ਕੇ 9 ਮਹੀਨੇ 9 ਦਿਨ 9 ਘੜੀਆਂ 9 ਪਲਾਂ ਵਿਚ 1763 ਬਿਕਰਮੀ 23 ਸਾਵਣ ( ਸੰਨ 1706ਈ ) ’ਚ ‘ਨੌਂਵੇਂ ਪਾਤਸ਼ਾਹ ਜੀ ਦੀ ਬਾਣੀ ਸਮੇਤ, “੧ਓ ਤੋਂ ਲੈ ਕੇ ਅਠਾਰਹ ਦਸ ਬੀਸ’ ਤੱਕ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੰਪੂਰਨ ਹੋਇਆ।



ਇਸੇ ਵਕਤ ਹੀ ਅਰਥਾਂ ਦੀ ਟਕਸਾਲ ਆਰੰਭ ਹੋਈ। ਇੱਥੇ ਹੀ ਸਤਿਗੁਰਾਂ ਨੇ ਬਾਬਾ ਦੀਪ ਸਿੰਘ ਜੀ ਨੂੰ ਟਕਸਾਲ ਦਾ ਮੁਖੀ ਥਾਪਦਿਆਂ ਸੰਗਤ ਨੂੰ ਗੁਰਬਾਣੀ ਦਾ ਸ਼ੁੱਧ ਉਚਾਰਨ ਸਰਵਣ ਕਰਾਉਣ ਅਤੇ ਅਰਥ ਪੜ੍ਹਾਉਣ ਦੀ ਸੇਵਾ ਸੌਂਪੀ ।

ਅਫਗਾਨੀ ਅਹਿਮਦ ਸ਼ਾਹ ਦੁਰਾਨੀ (ਅਬਦਾਲੀ) ਦੇ ਹਮਲਿਆਂ ਦੌਰਾਨ ਸਿੱਖਾਂ ਦੇ ਜ਼ਬਰਦਸਤ ਟੱਕਰ ਕਾਰਨ ਅਬਦਾਲੀ ਸਿੱਖਾਂ ਦਾ ਸਖ਼ਤ ਵਿਰੋਧੀ ਬਣ ਗਿਆ ਅਤੇ ਸਿੱਖਾਂ ਨੂੰ ਖ਼ਤਮ ਕਰਨ ’ਤੇ ਤੁੱਲ ਗਿਆ। ਅਬਦਾਲੀ ਨੇ 1757 ਈ: ਦੇ ਵਿਚ ਦਿੱਲੀ ਜਾਂਦਾ ਹੋਇਆ ਅੰਮ੍ਰਿਤਸਰ ਸ਼ਹਿਰ ਨੂੰ ਲੁੱਟਿਆ ਅਤੇ ਸ਼ਹਿਰ ਦੀਆਂ ਇਮਾਰਤਾਂ ਨੂੰ ਢਾਹਿਆ। ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ, ਪਵਿੱਤਰ ਸਰੋਵਰ ਨੂੰ ਪੂਰ ਦੇਣ ਦੀ ਖ਼ਬਰ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਨਿਵਾਸ ਕਰ ਰਹੇ ਬਾਬਾ ਦੀਪ ਸਿੰਘ ਜੀ ਨੂੰ ਮਿਲੀ ਤਾਂ ਉਹ ਕਰੋਧ ਵਿਚ ਆਗਿਆ। ਆਪ ਜੀ ਨੇ ਸ੍ਰੀ ਦਰਬਾਰ ਸਾਹਿਬ ਜੀ ਦੀ ਪਵਿੱਤਰਤਾ ਭੰਗ ਕਰਨ ਵਾਲਿਆਂ ਨਾਲ ਟੱਕਰ ਲੈਣ ਦਾ ਫ਼ੈਸਲਾ ਕੀਤਾ ਅਤੇ ਸਿੰਘਾਂ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਚਾਲੇ ਪਾ ਦਿੱਤਾ। ਸਿੰਘਾਂ ਦੀ ਚੜ੍ਹਾਈ ਬਾਰੇ ਅਫ਼ਗ਼ਾਨੀਆਂ ਨੂੰ ਖ਼ਬਰ ਮਿਲ ਚੁੱਕੀ ਸੀ। ਉਸ ਵਕਤ ਅੰਮ੍ਰਿਤਸਰ ਸ਼ਹਿਰ ਤੋਂ ਕੁਝ ਦੂਰ ਗੋਹਲਵੜ ਪਿੰਡ ਕੋਲ ਜਥੇ ਦੇ ਸਿੰਘਾਂ ਦਾ ਦੁਸ਼ਮਣ ਫ਼ੌਜ ਟਾਕਰਾ ਹੋਇਆ। ਅਫਗਾਨੀ ਸਿੰਘਾਂ ਦੇ ਕਰਤਬ ਦੇਖ ਅਸ਼ ਅਸ਼ ਕਰ ਉੱਠੇ। ਅਫ਼ਗ਼ਾਨ ਕਮਾਂਡਰ ਜਹਾਨ ਖ਼ਾਨ ਨੇ ਵੀ ਬਾਬਾ ਦੀਪ ਸਿੰਘ ਨਾਲ ਦਵੰਦ ਯੁੱਧ ਦੀ ਇੱਛਾ ਜਤਾਈ। ਬਾਬਾ ਦੀਪ ਸਿੰਘ ਨੇ ਉਸ ਨਾਲ ਪਿੰਡ ਚਬਾ ਅਤੇ ਪਿੰਡ ਗੁਰੂਵਾਲੀ ਦੇ ਵਿਚਕਾਰ ਮੈਦਾਨ ਏ ਜੰਗ ਵਿਚ ਦਵੰਦ ਯੁੱਧ ਕੀਤਾ। ਜਿੱਥੇ ਦੋਹਾਂ ਦੇ ਘੋੜੇ ਮਾਰੇ ਗਏ ਅਤੇ ਸੰਜੋਅ ਵੀ ਟੁੱਟ ਗਈਆਂ। ਅਖੀਰ ਦੋਹਾਂ ਦੇ ਆਪਸ ਵਿਚੀਂ ਸਾਂਝੇ ਵਾਰ ਨਾਲ ਦੋਹਾਂ ਦੇ ਸੀਸ ਲੱਥ ਗਏ। ( ਜਿਥੇ ਅੱਜ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ, ਸੁਭਾਈਮਾਨ ਹੈ ਅਤੇ ਸੰਤ ਬਾਬਾ ਦਰਸ਼ਨ ਸਿੰਘ ਸੇਵਾ ਕਰਵਾ ਰਹੇ ਹਨ )

’ਚਲੀ ਤੇਗ ਅਤਿ ਬੇਗ ਸੈਂ, ਦੁਹੂੰ ਕੇਰ ਬਲ-ਵਾਰ।।
ਉਤਰ ਗਏ ਸਿਰ ਦੁਹੂੰ ਕੇ, ਪਰਸ-ਪਰੈਂ ਇਕ ਸਾਰ।।” (ਸ੍ਰੀ ਗੁਰੁ ਪੰਥ ਪ੍ਰਕਾਸ਼- ਕ੍ਰਿਤ, ਗਿਆਨੀ ਗਿਆਨ ਸਿੰਘ)

ਬਾਬਾ ਜੀ ਦਾ ਸੀਸ ਧੜ ਤੋਂ ਅਲੱਗ ਹੋ ਜਾਣ ਸਦਕਾ ਸਰੀਰ ਜ਼ਮੀਨ ’ਤੇ ਡਿਗ ਪਿਆ। ਇਹ ਕੌਤਕ ਦੇਖ ਇਕ ਸਿੰਘ ਨੇ ਹੱਥ ਜੋੜ ਕੇ ਬਾਬਾ ਜੀ ਨੂੰ ਬੇਨਤੀ ਕੀਤੀ, ਕਿ ਬਾਬਾ ਜੀ ਤੁਸਾਂ ਅਰਦਾਸ ਕੀਤੀ ਸੀ ਸੀਸ ਸੁਧਾਸਰ ਜਾ ਕੇ ਗੁਰੂ ਦੇ ਚਰਨਾਂ ’ਚ ਭੇਟ ਕਰਨਾ ਹੈ। ਇਹ ਹੁਣ ਕੀ ਭਾਣਾ ਵਰਤਾਇਆ ਜੇ ? ਸੁਧਾਸਰ ਇਥੋਂ ਦੋ ਕੋਹ ਦੂਰ ਹੈ।

ਢਿਗ ਤੈ ਏਕ ਸਿੰਘ ਪਿਖਿ ਕਹਯੋ। ਪਰਣ ਤੁਮਾਰਾ ਦੀਪ ਸਿੰਘ ਰਹਯੋ।
ਗੁਰਪੁਰਿ ਜਾਇ ਸੀਸ ਮੈਂ ਦੈਹੋਂ। ਸੋ ਤੇ ਦੋਇ ਕੋਸ ਇਸ ਠੈਹੋਂ।। (ਸ੍ਰੀ ਗੁਰੁ ਪੰਥ ਪ੍ਰਕਾਸ਼- ਕ੍ਰਿਤ, ਗਿਆਨੀ ਗਿਆਨ ਸਿੰਘ)

ਫੇਰ ਕੀ ਸੀ ਬਚਨ ਕੇ ਬਲੀ ਸੂਰਬੀਰ ਯੋਧੇ ਬਾਬਾ ਜੀ ਦਾ ਧੜ ਹਰਕਤ ਵਿਚ ਆਇਆ ਅਤੇ ਉਨ੍ਹਾਂ ਆਪਣਾ ਪਾਵਨ ਸੀਸ ਖੱਬੇ ਹੱਥ ’ਤੇ ਧਰ ਕੇ ਸਜੇ ਹੱਥ ਨਾਲ ਤਿੱਖਾ ਖੰਡਾ ਵਾਹੁੰਦੇ ਹੋਏ ਲੜਦੇ ਚਲੇ ਗਏ। ਬਾਬਾ ਦੀਪ ਸਿੰਘ ਜੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪ੍ਰਕਰਮਾ ਤਕ ਜਾ ਪਹੁੰਚੇ ਤਾਂ ਸਿੰਘਾਂ ਨੇ ਜਿੱਤ ਦੇ ਜੈਕਾਰੇ ਗੁੰਜਾਏ, ਬਾਬਾ ਜੀ ਨੇ ਸੀਸ ਸਤਿਗੁਰੂ ਸ੍ਰੀ ਗੁਰੂ ਰਾਮਦਾਸ ਜੀ ਦੇ ਚਰਨਾਂ ’ਚ ਭੇਟ ਕਰਦਿਆਂ ਸੱਚਖੰਡ ਨੂੰ ਪਿਆਨਾ ਕੀਤਾ।

ਬਾਬਾ ਦੀਪ ਸਿੰਘ ਜੀ ਸ਼ਹੀਦ ਤੋਂ ਬਾਅਦ ਦਮਦਮੀ ਟਕਸਾਲ ਦੇ ਦੂਸਰੇ ਮੁਖੀ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ, ਜਿਨ੍ਹਾਂ ਨੇ ਅਬਦਾਲੀ ਦੀਆਂ ਫ਼ੌਜਾਂ ਨਾਲ ਲੜਦਿਆਂ ਸ੍ਰੀ ਦਰਬਾਰ ਸਾਹਿਬ ਦੀ ਰੱਖਿਆ ਲਈ ਆਪਾ ਵਾਰਿਆ, ਜਿਨ੍ਹਾਂ ਦਾ ਸ਼ਹੀਦੀ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮਗਰ ਹੈ। ਆਪ ਜੀ ਤੋਂ ਬਾਅਦ ਭਾਈ ਸੂਰਤ ਸਿੰਘ ਜੀ, ਭਾਈ ਗੁਰਦਾਸ ਸਿੰਘ ਜੀ, ਭਾਈ ਸੰਤ ਸਿੰਘ ਜੀ, ਸੰਤ ਦਯਾ ਸਿੰਘ ਜੀ, ਸੰਤ ਗਿਆਨੀ ਭਗਵਾਨ ਸਿੰਘ ਜੀ, ਸੰਤ ਹਰਨਾਮ ਸਿੰਘ ਬੇਦੀ ਜੀ, ਸੰਤ ਬਾਬਾ ਬਿਸ਼ਨ ਸਿੰਘ ਜੀ ਮੁਰਾਲੇ ਵਾਲੇ ਅਤੇ ਉਨ੍ਹਾਂ ਤੋਂ ਬਾਅਦ ਸੰਤ ਬਾਬਾ ਸੁੰਦਰ ਸਿੰਘ ਜੀ ਦਮਦਮੀ ਟਕਸਾਲ ਦੇ ਗਿਆਰ੍ਹਵੇਂ ਮੁਖੀ ਹੋਏ ਹਨ, ਜਿਨ੍ਹਾਂ ਸਿੱਖੀ ਦੇ ਪ੍ਰਚਾਰ ਦੇ ਨਾਲ ਨਾਲ ਹਿੰਦੁਸਤਾਨ ਦੀ ਆਜ਼ਾਦੀ ਲਈ ਵੀ ਬਹੁਤ ਵੱਡਾ ਯੋਗਦਾਨ ਪਾਇਆ। ਉਨ੍ਹਾਂ ਤੋ ਬਾਅਦ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ ਦਮਦਮੀ ਟਕਸਾਲ ਦੇ ਲਗਭਗ 48 ਸਾਲ ਮੁਖੀ ਰਹੇ। ਉਨ੍ਹਾਂ ਵੀ ਜਥੇਬੰਦੀ ’ਚ ਵਿਦਿਆਰਥੀਆਂ ਨੂੰ ਗੁਰਬਾਣੀ ਦੇ ਸੰਥਿਆ, ਕਥਾ ਕੀਰਤਨ ਦੀ ਵੱਡੀ ਸਿਖਲਾਈ ਦਿੱਤੀ, ਫਲਸਰੂਪ ਉਨ੍ਹਾਂ ਦੇ ਸਮੇਂ ਅਤੇ ਉਨ੍ਹਾਂ ਤੋਂ ਬਾਅਦ ਵੀ ਜਥੇ ਤੋਂ ਸਿੱਖਿਆ ਪ੍ਰਾਪਤ ਸਿੰਘ ਤਖ਼ਤਾਂ ਦੇ ਜਥੇਦਾਰ, ਸਿੰਘ ਸਾਹਿਬਾਨ ਅਤੇ ਗੁਰੂ ਘਰਾਂ ਦੇ ਗ੍ਰੰਥੀ ਤੇ ਪ੍ਰਚਾਰਕ ਵਜੋਂ ਸੇਵਾ ਨਿਭਾਉਂਦੇ ਰਹੇ। ਸੰਤ ਬਾਬਾ ਕਰਤਾਰ ਸਿੰਘ ਜੀ ਖ਼ਾਲਸਾ ਦਮਦਮੀ ਟਕਸਾਲ ਦੇ ਤੇਹਰਵੇ ਮੁਖੀ ਸਨ, ਨੇ 8 ਸਾਲਾਂ ਦੇ ਸਮੇਂ ਦੌਰਾਨ ਪੰਜਾਬ ਅਤੇ ਪੰਜਾਬ ਤੋਂ ਬਾਹਰ ਵੀ ਸਿੱਖੀ ਦੇ ਵਿਰੁੱਧ ’ਚ ਕੰਮ ਕਰ ਰਹੇ ਦੇਹਧਾਰੀ ਗੁਰੂਡੰਮ ਦੇ ਖ਼ਿਲਾਫ਼ ਬਹੁਤ ਵੱਡੀ ਲਹਿਰ ਚਲਾਈ। ਦੇਸ਼ ਭਰ ਵਿੱਚ ਵੱਡੇ ਵੱਡੇ ਨਗਰ ਕੀਰਤਨ ਆਯੋਜਿਤ ਕਰ ਹਕੂਮਤ ਵੱਲੋਂ ਲਗਾਈ ਗਈ ਐਮਰਜੈਂਸੀ ਵਿਰੁੱਧ ਅੱਗੇ ਹੋ ਕੇ ਪ੍ਰਚਾਰ ਕੀਤਾ।

ਉਨ੍ਹਾਂ ਤੋਂ ਪਿੱਛੋਂ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਦਮਦਮੀ ਟਕਸਾਲ ਦੇ ਚੌਦ੍ਹਵੇਂ ਮੁਖੀ ਬਣੇ। ਬਾਬਾ ਠਾਕੁਰ ਸਿੰਘ ਦੇ ਮਗਰੋਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਹਨ। ਜੋ ਦਮਦਮੀ ਟਕਸਾਲ ਨੂੰ ਸਥਾਪਿਤ ਕਰਨ ਦਾ ਮਕਸਦ ਤਹਿਤ ਸਿੱਖ ਸੰਗਤ ਦੇ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦਾ ਪ੍ਰਚਾਰ, ਗੁਰਬਾਣੀ ਦਾ ਸ਼ੁੱਧ ਉਚਾਰਨ, ਗੁਰਬਾਣੀ ਦੇ ਅਰਥ, ਗੁਰ ਇਤਿਹਾਸ ਅਤੇ ਰਹਿਤ ਮਰਿਆਦਾ ਦੇ ਸੰਪੂਰਨ ਨਿਯਮਾਂ ’ਤੇ ਪਹਿਰਾ ਦੇਣ, ਸੰਗਤ ਨੂੰ ਅੰਮ੍ਰਿਤ ਛਕਾਉਣ ਅਤੇ ਗੁਰ ਸਿੱਖੀ ਦੇ ਲੜ ਲਾਉਣ ਦੀ ਮੁਹਿੰਮ ਦੀ ਅਗਵਾਈ ਕਰ ਰਹੇ ਹਨ। ਇਹ ਕਹਿਣ ’ਚ ਕੋਈ ਅੱਤਕਥਨੀ ਨਹੀਂ ਹੋਵੇਗੀ ਕਿ ਦਮਦਮੀ ਟਕਸਾਲ ਨੇ ਜਿੰਨੇ ਪਾਠੀ, ਗਿਆਨੀ, ਰਾਗੀ, ਪ੍ਰਚਾਰਕ ਤੇ ਕਥਾਵਾਚਕ ਪੈਦਾ ਕੀਤੇ ਹਨ, ਸ਼ਾਇਦ ਹੀ ਕੋਈ ਹੋਰ ਸੰਸਥਾ ਇਸ ਕਾਰਜ ਨੂੰ ਇਨ੍ਹੀਂ ਸਫਲਤਾ ਪੂਰਵਕ ਕਰ ਸਕੀ ਹੋਵੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਦੇ 319 ਵਾਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 7 ਅਗਸਤ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਵਿਖੇ ਕਰਾਇਆ ਜਾ ਰਿਹਾ ਹੈ।

**-ਪ੍ਰੋ: ਸਰਚਾਂਦ ਸਿੰਘ ਖਿਆਲਾ, ਫ਼ੋਨ : 9781355522**

ਆਵਾਜ਼ਿ ਕੌਮ AWAZE QAUM International Newspaper & WEB TV

# ਪੰਨੂ ਵੱਲੋਂ ਬਚਿਆਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਤੋਂ ਬਾਅਦ ਬਜ਼ੁਰਗਾਂ ਦੇ ਹੱਕ ’ਤੇ ਡਾਕਾ: ਪ੍ਰੋ. ਸਰਚਾਂਦ ਸਿੰਘ ਖਿਆਲਾ

## ਸਿੱਖ ਫ਼ਾਰ ਜਸਟਿਸ ਵੱਲੋਂ ਕੈਨੇਡਾ ’ਚ ਖ਼ਾਲਿਸਤਾਨ ਦਾ ਫ਼ਰਜ਼ੀ ਦੂਤਾਵਾਸ ਖੋਲ੍ਹਣ ਦਾ ਮਾਮਲਾ




**ਅੰਮ੍ਰਿਤਸਰ, 06 ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਬ੍ਰਿਟਿਸ਼ ਕੋਲੰਬੀਆ ਦੇ ਸਰੀ ਸ਼ਹਿਰ ਵਿੱਚ ਅਖੌਤੀ ਸਿੱਖ ਫ਼ਾਰ ਜਸਟਿਸ (SFJ) ਵੱਲੋਂ “ਰਿਪਬਲਿਕ ਆਫ ਖ਼ਾਲਿਸਤਾਨ” ਦੇ ਨਾਮ ’ਤੇ ਫ਼ਰਜ਼ੀ ਦੂਤਾਵਾਸ ਖੋਲ੍ਹਣ ਦੇ ਦਾਅਵੇ ਨੂੰ ਸਿੱਖ ਪੰਥ ਅਤੇ ਭਾਰਤੀ ਸੰਪ੍ਰਭੂਤਾ ਉੱਤੇ ਖੁੱਲ੍ਹੀ ਚੋਟ ਕਰਾਰ ਦਿੱਤਾ ਹੈ। ਇਹ ਭਾਰਤ ਕੈਨੇਡਾ ਦੇ ਰਿਸ਼ਤਿਆਂ ਵਿੱਚ ਆ ਰਹੇ ਸੁਧਾਰ ਉੱਤੇ ਵੀ ਇੱਕ ਵੱਡੀ ਸੱਟ ਹੈ। ਉਨ੍ਹਾਂ ਕਿਹਾ ਕਿ ਕੈਨੇਡਾ ਦੀ ਧਰਤੀ ’ਤੇ ਕੁਝ ਅਤਿਵਾਦੀ ਤੱਤਾਂ ਵੱਲੋਂ ਸਿੱਖ ਭਾਈਚਾਰੇ ਦੇ ਨਾਂ ਦੀ ਆੜ ਲੈ ਕੇ ਭਾਰਤ ਵਿਰੋਧੀ ਝੂਠਾ ਬਿਰਤਾਂਤ ਸਿਰਜਿਆ ਜਾ ਰਿਹਾ ਹੈ, ਜਿਸਨੂੰ ਭਾਰਤੀ ਸਰਕਾਰ ਅਤੇ ਸਾਰੀ ਦੁਨੀਆ ਦੇ ਅਮਨਪਸੰਦ ਸਿੱਖ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।

ਵਿਚਾਰ ਆਪੋ-ਆਪਣਾ

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਮੀਡੀਆ ਵਿੱਚ ਫੈਲਾਏ ਜਾ ਰਹੇ “ਖ਼ਾਲਿਸਤਾਨ ਦੂਤਾਵਾਸ” ਦੇ ਦਾਅਵੇ ਸੱਚਾਈ ਤੋਂ ਪਰੇ ਹਨ। ਅਸਲ ਵਿਚ ਇਹ 1984 ਤੋਂ ਚੱਲ ਰਹੀ ਉੱਤਰੀ ਅਮਰੀਕਾ ਦੀ ਸਭ ਤੋਂ ਪੁਰਾਣੀ ਭਾਰਤੀ ਮੂਲ ਦੇ ਬਜ਼ੁਰਗਾਂ ਦੀ ਇੱਕ ਸਭ ਤੋਂ ਪੁਰਾਣੇ ਇੰਡੋ-ਕੈਨੇਡੀਅਨ ਸੀਨੀਅਰ ਸੈਂਟਰ ਦੀ ਇਮਾਰਤ ’ਤੇ ਨਜਾਇਜ਼ ਕਬਜ਼ੇ ਦਾ ਹੈ। ਜੋ ਕਿ ਐਸ ਐਫ ਜੇ ਦੇ ਗੁਰ ਪਤਵੰਤ ਪੰਨੂ ਦੀ ਅੱਜ ਤਕ ਦੀ ਸਭ ਤੋਂ ਘਟੀਆ ਹਰਕਤ ਅਤੇ ਬਜ਼ੁਰਗਾਂ ਦੇ ਹੱਕ ਹਕੂਕ ਅਤੇ ਸੁਰੱਖਿਆ ’ਤੇ ਬੇਸ਼ਰਮੀ ਨਾਲ ਕੀਤਾ ਗਿਆ ਸਿੱਧਾ ਹਮਲਾ ਹੈ। ਇਸੇ ਲਈ ਸੁਸਾਇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਢਿੱਲੋਂ ਨੇ ਗੁਰਦੁਆਰਾ ਪ੍ਰਬੰਧਕਾਂ ਅਤੇ ਪੁਲਿਸ ਨੂੰ ਲਿਖਤੀ ਸ਼ਿਕਾਇਤ ਕਰਕੇ ਬਜ਼ੁਰਗਾਂ ਦੇ ਸੀਨੀਅਰ ਸੈਂਟਰ ਦਾ ਬੋਰਡ ਦੁਬਾਰਾ ਲਗਾਉਣ ਅਤੇ ਖਾਲਿਸਤਾਨੀ ਬੋਰਡ ਹਟਾਉਣ ਦੀ ਮੰਗ ਕੀਤੀ ਹੈ। ਇਸ ਸੰਸਥਾ ਵਿਚ ਵੱਡੀ ਗਿਣਤੀ ਵਿੱਚ ਭਾਰਤ ਸਰਕਾਰ ਦੇ ਪੈਨਸ਼ਨਰ ਅਤੇ ਸਾਬਕਾ ਸੈਨਿਕ ਸ਼ਾਮਲ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਖ ਧਰਮ ਦੀਆਂ ਕਦਰਾਂ ਕੀਮਤਾਂ ਵਿੱਚ ਬਰਾਬਰੀ, ਸਨਮਾਨ ਅਤੇ ਸੇਵਾ ਹੈ। ਪਰ ਇਹ ਕਿਹੋ ਜਿਹੀ ਸਿੱਖੀ ਹੈ ਕਿ ਸਿੱਖ ਹੋਣ ਦਾ ਦਾਅਵਾ ਕਰਨ ਵਾਲੇ ਪੰਨੂ ਐਂਡ ਗਿਰੋਹ ਸਤਿਕਾਰਤ ਬਜ਼ੁਰਗਾਂ ਦੀ ਸੰਸਥਾ ਦੀ ਇਮਾਰਤ ਉੱਤੇ ਜ਼ਬਰਦਸਤੀ ਬੋਰਡ ਲਗਾਉਂਦਿਆਂ ਬਜ਼ੁਰਗਾਂ ਨੂੰ ਬੇਦਖ਼ਲ ਕਰਕੇ ਨਜਾਇਜ਼ ਕਬਜ਼ਾ ਜਮਾ ਰਹੇ ਹਨ ? ਇਹ ਘਟਨਾ ਨਾ ਸਿਰਫ਼ ਉਨ੍ਹਾਂ ਬਜ਼ੁਰਗਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀ ਹੈ, ਸਗੋਂ ਵਿਦੇਸ਼ਾਂ ਵਿੱਚ ਰਹਿੰਦੇ ਸਿੱਖਾਂ ਦੀ ਛਵੀ ਨੂੰ ਵੀ ਖ਼ਰਾਬ ਕਰਦੀ ਹੈ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪੰਨੂ ਅਤੇ ਖਾਲਿਸਤਾਨੀਆਂ ਦਾ ਸਿੱਖੀ ਸਿਧਾਂਤਾਂ ਅਤੇ ਸਿੱਖਾਂ ਨਾਲ ਕੋਈ ਵੀ ਲੈਣਾ ਦੇਣਾ ਨਹੀਂ ਹੈ। ਕੋਈ ਵੀ ਦਸ ਸਕਦਾ ਹੈ ਕਿ ਪੰਨੂ ਵੱਲੋਂ ਅਮਰੀਕਾ ਤੋਂ ਭਾਰਤੀ ਮਾਲ ’ਤੇ 500 ਫ਼ੀਸਦੀ ਟੈਰਿਫ਼ ਲਾਉਣ ਦੀ ਕੀਤੀ ਗਈ ਮੰਗ ਨਾਲ ਪੰਜਾਬੀਆਂ ਤੇ ਸਿੱਖਾਂ ਨੂੰ ਫ਼ਾਇਦਾ ਹੋਵੇਗਾ ਜਾਂ ਨੁਕਸਾਨ ? ਏਅਰ ਇੰਡੀਆ ਨੂੰ ਉਡਾਉਣ ਦੀ ਜਿੱਥੇ ਪੰਨੂ ਨੇ ਧਮਕੀ ਦਿੱਤੀ ਹੈ ਤਾਂ ਕੀ ਉਸ ਵਿੱਚ ਪੰਜਾਬੀ ਅਤੇ ਸਿੱਖ ਸਵਾਰ ਨਹੀਂ ਹੁੰਦੇ ਹਨ ? ਪੰਜਾਬ ਦੇ ਲੋਕਾਂ ਦੇ ਬੱਚਿਆਂ ਦੀ ਗੱਲ ਕਰਨ ਵਾਲਾ ਪੰਨੂ ਤੇ ਸਾਥੀ ਜਦੋਂ ਬੇੜੀਆਂ ਨਾਲ ਬੰਨ੍ਹ ਕੇ ਸਾਡੇ ਬੱਚੇ ਵਿਦੇਸ਼ਾਂ ਤੋਂ ਵਾਪਸ ਭੇਜੇ ਜਾ ਰਹੇ ਸਨ ਉਦੋਂ ਚੁੱਪ ਕਿਉਂ ਰਹੇ ? ਅੱਜ ਅਮਰੀਕਾ ਵਿੱਚ ਅੰਗਰੇਜ਼ੀ ਨਾ ਜਾਣਨ ਵਾਲੇ ਪੰਜਾਬੀ ਬੱਚਿਆਂ ਦੇ ਡਰਾਈਵਰ ਲਾਇਸੈਂਸ ਰੱਦ ਕੀਤੇ ਜਾ ਰਹੇ ਹਨ ਤਾਂ ਵੀ ਪੰਨੂ ਚੁੱਪ ਕਿਉਂ ਹੈ ? ਅੱਤ ਦਰਜੇ ਦੀ ਘਟੀਆ ਗੱਲ ਤਾਂ ਉਹਨਾਂ ਉਸ ਵੇਲੇ ਕੀਤੀ ਜਦੋਂ ਜੀ7 ਸੰਮੇਲਨ ਦੌਰਾਨ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੌਰੇ ਸਮੇਂ ਮਾਸੂਮ ਸਿੱਖ ਬੱਚਿਆਂ ਤੋਂ ਨਰਿੰਦਰ ਮੋਦੀ ਦੀ ਤਸਵੀਰ ਦਾ ਨਿਰਾਦਰ ਕਰਵਾਇਆ ਗਿਆ ਅਤੇ ਨਾਲ ਹੀ ਰਾਸ਼ਟਰੀ ਝੰਡੇ ਦਾ ਵੀ ਅਪਮਾਨ ਕੀਤਾ ਗਿਆ, ਜਿਸ ਵਿੱਚ ਕੇਸਰੀ ਨਿਸ਼ਾਨ ਜਿਸ ਬਾਰੇ ਸਿੱਖ ਸਭ ਤੋਂ ਵੱਧ ਸਨਮਾਨ ਕਰਦੇ ਹਨ, ਅਤੇ ਕੇਸਰੀ ਰੰਗ ਦੇ ਕੱਪੜੇ ਨੂੰ ਜਿੱਥੇ ਸਿੱਖ ਆਪਣੇ ਕੇਸਾਂ ਉੱਤੇ ਸਜਾਉਂਦੇ ਹਨ ਉੱਥੇ ਇਸ ਕੇਸਰੀ ਰੰਗ ਦੇ ਕੱਪੜੇ ਨੂੰ ਤੇੜ ਬੰਨ੍ਹਣਾ ਵੀ ਗੁਨਾਹ ਸਮਝਿਆ ਜਾਂਦਾ ਹੋਵੇ ਉਸ ਨੂੰ ਪੈਰਾਂ ਥੱਲੇ ਮਧੋਲ਼ ਕੇ ਪੰਨੂ ਅਤੇ ਸਾਥੀਆਂ ਨੇ ਕਿਸ ਸਿੱਖੀ ਦੀ ਸੇਵਾ ਕੀਤੀ ਹੈ ?

ਪ੍ਰੋ. ਖਿਆਲਾ ਨੇ ਚੇਤਾਵਨੀ ਦਿੱਤੀ ਕਿ ਜੇ ਕੈਨੇਡਾ ਸਰਕਾਰ ਅਜਿਹੀਆਂ ਗ਼ੈਰਕਨੂੰਨੀ ਕਾਰਵਾਈਆਂ ’ਤੇ ਤੁਰੰਤ ਰੋਕਥਾਮ ਨਹੀਂ ਕਰਦੀ, ਤਾਂ ਇਹ ਸਮਾਜ ਵਿੱਚ ਵੰਡ ਪੈਦਾ ਕਰਨ ਵਾਲੀਆਂ ਤਾਕਤਾਂ ਨੂੰ ਹੋਰ ਹਿੰਮਤ ਦੇਵੇਗੀ। ਉਨ੍ਹਾਂ ਕਿਹਾ ਕਿ ਪੰਨੂ ਦੀ ਹਰਕਤ ਨੇ ਪਿਛਲੇ ਦਿਨੀਂ ਕੈਨੇਡਾ ਦੀ ਖ਼ੁਫ਼ੀਆ ਏਜੰਸੀ ਸੀਐਸਆਈਐਸ ਵੱਲੋਂ ਕੀਤੇ ਗਏ ਇਸ ਖ਼ੁਲਾਸੇ ਨੂੰ ਹਕੀਕਤ ਬਣਾ ਦਿੱਤਾ ਹੈ, ਜਿਸ ਵਿਚ ਕੈਨੇਡਾ ਦੀ ਧਰਤੀ ਨੂੰ ਖਾਲਿਸਤਾਨੀ ਕਾਰਕੁਨਾਂ ਵੱਲੋਂ ਭਾਰਤ ਵਿਰੋਧੀ ਗਤੀਵਿਧੀਆਂ ਪੈਸਾ ਇਕੱਠਾ ਕਰਨ ਅਤੇ ਯੋਜਨਾ ਬਣਾਉਣ ਲਈ ਇਸਤੇਮਾਲ ਕੀਤੇ ਜਾ ਰਹੇ ਹੋਣ ਦੀ ਗਲ ਕੀਤੀ ਸੀ। ਉਨ੍ਹਾਂ ਕਿਹਾ ਕਿ ਕੈਨੇਡਾ ਅਸਲ ਵਿੱਚ ਖਾਲਿਸਤਾਨੀ ਕੱਟੜਪੰਥੀ ਅਤੇ ਭਾਰਤ ਤੋਂ ਭੱਜੇ ਗੈਂਗਸਟਰਾਂ ਲਈ ਪਨਾਹਗਾਹ ਬਣ ਗਿਆ ਹੈ। ਇਹ ਕੈਨੇਡਾ ਲਈ ਖ਼ਤਰੇ ਦੀ ਘੰਟੀ ਹੈ ਜੋ ਅੱਗੇ ਚੱਲ ਕੇ ਕੈਨੇਡਾ ਲਈ ਮੁਸੀਬਤ ਲਿਆਵੇਗੀ।

ਪ੍ਰੋ. ਖਿਆਲਾ ਨੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਤੋਂ ਅਪੀਲ ਕੀਤੀ ਕਿ ਕੈਨੇਡਾ ਸਰਕਾਰ ਕੋਲੋਂ ਇਸ ਅੰਬੈਸੀ ਘਟਨਾ ’ਤੇ ਤੁਰੰਤ ਸਪਸ਼ਟੀਕਰਨ ਲਿਆ ਜਾਵੇ ਅਤੇ ਸੀਨੀਅਰ ਸੈਂਟਰ ਦੀ ਇਮਾਰਤ ਨਾਲ ਛੇੜਛਾੜ ਕਰਨ ਵਾਲਿਆਂ ’ਤੇ ਕਾਰਵਾਈ ਦੀ ਮੰਗ ਕੀਤੀ ਜਾਵੇ। ਨਾਲ ਹੀ ਉਨ੍ਹਾਂ ਵਿਦੇਸ਼ਾਂ ਵਿੱਚ ਰਹਿੰਦੇ ਭਾਰਤੀ ਮੂਲ ਦੇ ਬਜ਼ੁਰਗਾਂ ਦੀ ਸੁਰੱਖਿਆ ਅਤੇ ਸਨਮਾਨ ਯਕੀਨੀ ਬਣਾਇਆ ਦੀ ਵੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਗੁਰ ਪਤਵੰਤ ਸਿੰਘ ਪੰਨੂ ਜ਼ਿਹਰ ਉਗਲ ਕੇ ਭਾਰਤ ਦੀ ਖੇਤਰੀ ਅਖੰਡਤਾ ਦਾ ਵਿਰੋਧ ਆਈ ਐਸ ਆਈ ਦੇ ਇਸ਼ਾਰਿਆਂ ’ਤੇ ਕਰ ਰਿਹਾ ਹੈ। ਖ਼ਾਲਿਸਤਾਨ ਦਾ ਫ਼ਰਜ਼ੀ ਦਫ਼ਤਰ ਭਾਰਤੀ ਰਾਜਨੀਤੀ ਅਤੇ ਪੰਜਾਬ ਦੀ ਅਮਨ ਸ਼ਾਂਤੀ ਨੂੰ ਖ਼ਰਾਬ ਕਰਨ ਲਈ ਅੰਤਰਰਾਸ਼ਟਰੀ ਪੱਧਰ ’ਤੇ ਝੂਠਾ ਨੈਰੇਟਿਵਜ਼ ਖੜ੍ਹਾ ਕਰਨ ਦੀ ਕੋਸ਼ਿਸ਼ ਹੈ। ਜਿਸ ਦੀ ਕੋਈ ਕਾਨੂੰਨੀ ਦਰਜਾ ਨਹੀਂ, ਕਿਸੇ ਵੀ ਦੇਸ਼ ਦੀ ਸਰਕਾਰ ਨੇ “ਖ਼ਾਲਿਸਤਾਨ” ਨੂੰ ਕਦੇ ਵੀ ਸਵੀਕਾਰ ਨਹੀਂ ਕੀਤਾ। ਇਹ ਸਾਰੇ ਦਾਅਵੇ ਪੂਰੀ ਤਰ੍ਹਾਂ ਗੈਰ-ਕਾਨੂੰਨੀ ਅਤੇ ਬੇਬੁਨਿਆਦ ਹਨ। ਜੋ ਵਿਦੇਸ਼ਾਂ ਵਿੱਚ ਰਹਿੰਦੇ ਕੁਝ ਭੋਲੇ ਭਾਲੇ ਸਿੱਖਾਂ ਦੀ ਭਾਵਨਾਵਾਂ ਨਾਲ ਖੇਡ ਕੇ ਉਹਨਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਹੈ।।

ਪ੍ਰੋ. ਖਿਆਲਾ ਨੇ ਵਿਦੇਸ਼ਾਂ ਵਿੱਚ ਰਹਿੰਦੇ ਸਿੱਖ ਭਾਈਚਾਰੇ ਨੂੰ ਅਪੀਲ ਕੀਤੀ ਕਿ ਪੰਨੂ ਵਰਗੇ ਲੋਕ ਭਾਰਤ ਖਿਲਾਫ ਗ਼ਲਤ ਬਿਰਤਾਂਤ ਸਿਰਜ ਕੇ ਗੁਮਰਾਹਕੁਨ ਪ੍ਰਚਾਰ ਕਰ ਰਹੇ ਹਨ, ਅਜਿਹੇ ਲੋਕਾਂ ਦੀ ਜਾਲ ਵਿੱਚ ਨਾ ਫਸਣ ਅਤੇ ਬਜ਼ੁਰਗਾਂ ਦੇ ਸਨਮਾਨ ਦੀ ਰੱਖਿਆ ਲਈ ਇਕੱਠੇ ਹੋਣ । ਉਨ੍ਹਾਂ ਕਿਹਾ ਕਿ “ਸੱਚ, ਇਨਸਾਫ਼ ਅਤੇ ਮਨੁੱਖਤਾ ਦੀਆਂ ਕਦਰਾਂ ਕੀਮਤਾਂ ਨਾਲ ਹੀ ਸਿੱਖ ਕੌਮ ਦੀ ਸ਼ਾਨ ਉੱਚੀ ਰਹੇਗੀ। ਅਜਿਹੀਆਂ ਛਲੀਆ ਕੋਸ਼ਿਸ਼ਾਂ ਨੂੰ ਪੰਥ ਅਤੇ ਪੰਜਾਬ ਦੇ ਸਿਆਣੇ ਲੋਕ ਕਦੇ ਵੀ ਸਵੀਕਾਰ ਨਹੀਂ ਕਰਨਗੇ।”

**-ਪ੍ਰੋ: ਸਰਚਾਂਦ ਸਿੰਘ ਖਿਆਲਾ, ਫ਼ੋਨ : 9781355522**





# ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਦਮਦਮੀ ਟਕਸਾਲ ਵੱਲੋਂ ਸਮਾਗਮ 7 ਅਗਸਤ ਨੂੰ





ਚੌਕ ਮਹਿਤਾ 5 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ) ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਤਖਤ ਸਾਹਿਬ ਤਖਤ ਦਮਦਮਾ ਸਾਹਿਬ ਵਿੱਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 350 ਸਹੀਦੀ ਦਿਵਸ ਅਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 350 ਗੁਰਤਾਗੱਦੀ ਦਿਵਸ ਅਤੇ ਦਮਦਮੀ ਟਕਸਾਲ ਦੇ 319 ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 7 ਅਗਸਤ 2025 ਦਿਨ ਵੀਰਵਾਰ ਨੂੰ ਪਵਿੱਤਰ ਪਾਵਨ ਅਸਥਾਨ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਬਠਿਡਾ ਵਿੱਖੇ ਕਰਵਾਏ ਜਾ ਰਹੇ ਹਨ । ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ 7 ਅਗਸਤ ਦਿਨ ਵੀਰਵਾਰ 2025 ਸਵੇਰੇ 9 ਵਜੇ ਪੈਣਗੇ। ਉਪਰੰਤ ਸਵੇਰੇ 10 ਵਜੇ ਤੋਂ 2ਵਜੇ ਤੱਕ ਮਹਾਨ ਗੁਰਮਤਿ ਸਮਾਗਮ ਹੋਣਗੇ, ਜਿਸ ਵਿੱਚ ਵੱਖ ਵੱਖ ਜੱਥੇਬੰਦੀਆਂ ਦੇ ਸੰਤ ਮਹਾਪੁਰਸ਼ ਪੰਥਕ ਸਖਸੀਅਤਾਂ ਸੰਗਤਾਂ ਦੇ ਦਰਸ਼ਨ ਕਰਨਗੀਆਂ , 7 ਅਗਸਤ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਆਏ ਹੋਏ ਸ੍ਰੀ ਮੁੱਖਵਾਕ ਸਾਹਿਬ ਦੀ ਕਥਾ ਸੰਗਤਾਂ ਨੂੰ ਆਪ ਸਰਵਣ ਕਰਾਉਣਗੇ ਸਮੂਹ ਸੰਗਤਾਂ ਨੇ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ, । ਇਹ ਜਾਣਕਾਰੀ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਸ੍ਰੀ ਆਨੰਦਪੁਰ ਵਾਲਿਆਂ ਨੇ ਦਿੱਤੀ। ਅਤੇ ਬੇਨਤੀ ਕੀਤੀ ਕਿ ਇੰਨਾਂ ਸਮਾਗਮ ਵਿੱਚ ਹਾਜਰੀ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ ਗੁਰੂ ਜੀ ਦੇ ਲੰਗਰ ਅਟੁੱਟ ਵਰਤਨਗੇ ।ਇਸ ਸਮਾਗਮ ਵਿੱਚ ਸੰਤ, ਮਹਾਪੁਰਸ਼, ਨਿਹੰਗ ਸਿੰਘ, ਸਮਾਜ ਸੇਵੀ ਅਤੇ ਸਮੂਹ ਇਲਾਕੇ ਸੰਗਤਾਂ ਅਤੇ ਐਨ ਆਰ ਆਈ ਸੰਗਤਾਂ ਵੀ ਹਾਜਰੀਆ ਭਰਨਗੀਆ।

ਆਵਾਜ਼ਿ ਕੌਮ AWAZE QAUM International Newspaper & WEB TV

### ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਨੇ

# ਐਡਵੋਕੇਟ ਧਾਮੀ ਨਾਲ ਕੀਤੀ ਮੁਲਾਕਾਤ





**ਅੰਮ੍ਰਿਤਸਰ, 6 ਅਗਸਤ (ਆਵਾਜ਼ਿ ਕੌਮ ਬਿਊਰੋ)-** ਬੀਤੇ ਕੱਲ੍ਹ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਦੀ ਅਗਵਾਈ ਹੇਠ ਇਕ ਵਫ਼ਦ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਬਾਰੇ ਵਿਚਾਰ-ਚਰਚਾ ਕੀਤੀ। ਵਫ਼ਦ ਨੇ ਐਡਵੋਕੇਟ ਧਾਮੀ ਨੂੰ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ 31 ਅਗਸਤ ਨੂੰ ਸਜਾਏ ਜਾ ਰਹੇ ਨਗਰ ਕੀਰਤਨ ਵਿਚ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਅਤੇ ਸਿੱਖ ਸੰਸਥਾ ਵੱਲੋਂ ਸਹਿਯੋਗ ਦੀ ਅਪੀਲ ਕੀਤੀ।

ਇਸ ਵਫ਼ਦ ਵਿਚ ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ, ਸਿੱਖ ਆਗੂ ਸ. ਜਸਬੀਰ ਸਿੰਘ ਧਾਮ ਮੁੰਬਈ, ਜਨਰਲ ਸਕੱਤਰ ਸ. ਇੰਦਰਜੀਤ ਸਿੰਘ ਅਤੇ ਮੀਤ ਪ੍ਰਧਾਨ ਸ. ਗੁਰਵਿੰਦਰ ਸਿੰਘ ਮੌਜੂਦ ਸਨ।

ਮੁਲਾਕਾਤ ਦੌਰਾਨ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਜੀ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਪਟਨਾ ਸਾਹਿਬ ਤੋਂ 31 ਅਗਸਤ ਨੂੰ ਵਿਸ਼ੇਸ਼ ਤੌਰ ’ਤੇ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ, ਜੋ ਝਾੜਖੰਡ, ਬੰਗਾਲ, ਕਲਕੱਤਾ, ਆਸਣਸੋਲ, ਉੜੀਸਾ, ਬਨਾਰਸ, ਕਾਨ੍ਹਪੁਰ, ਲਖਨਊ, ਉਤਰਾਖੰਡ, ਦਿੱਲੀ ਅਤੇ ਹਰਿਆਣਾ ਰਾਹੀਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚੇਗਾ। ਉਨ੍ਹਾਂ ਕਿਹਾ ਕਿ ਅੱਜ ਉਹ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੂੰ ਜਿਥੇ ਸ਼ਮੂਲੀਅਤ ਲਈ ਬੇਨਤੀ ਕਰਨ ਆਏ ਹਨ, ਉਥੇ ਹੀ ਉਨ੍ਹਾਂ ਨੇ ਸਿੱਖ ਸੰਸਥਾ ਵੱਲੋਂ ਸਹਿਯੋਗ ਲਈ ਵੀ ਅਪੀਲ ਕੀਤੀ ਹੈ।

### 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਸਜਾਇਆ ਜਾਵੇਗਾ ਨਗਰ ਕੀਰਤਨ

ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਕੌਮ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਕੌਮੀ ਜਾਹੋ-ਜਲਾਲ ਨਾਲ ਮਨਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸਜਾਏ ਜਾ ਰਹੇ ਨਗਰ ਕੀਰਤਨ ਲਈ ਹਰ ਤਰ੍ਹਾਂ ਦੇਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸਜਾਏ ਜਾ ਰਹੇ ਨਗਰ ਕੀਰਤਨ ਲਈ ਹਰ ਤਰ੍ਹਾਂ ਦਾ ਸਹਿਯੋਗ ਦੇਵੇਗੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਆਗੂਆਂ ਨੂੰ ਸਨਮਾਨਿਤ ਵੀ ਕੀਤਾ।

### ਪਹਿਲਾਂ ਅਕਾਲੀ ਦਲ ਨੇ ਅਕਾਲ ਤਖ਼ਤ ਤੋਂ ਦਾਅਵਾ ਛੱਡਿਆ ਸੀ

# ਅੱਜ ਅਕਾਲ ਤਖ਼ਤ ਨੇ ਅਕਾਲੀ ਦਲ ਤੋਂ ਦਾਅਵਾ ਛੱਡਿਆ ?

ਅੱਜ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਕੁਝ ਸਜ਼ਾਵਾਂ ਲਾਈਆਂ ਗਈਆਂ ਅਤੇ ਇਸ ਦੌਰਾਨ ਦਫ਼ਤਰ ਵਿੱਚੋਂ ਇਕ ਬਹੁਤ ਹੀ ਵਿਸ਼ੇਸ਼ ਮਤਾ ਕੀਤਾ ਗਿਆ ਇਸ ਵਿੱਚ ਮਾਣਯੋਗ ਸਿੰਘਸਾਹਿਬਾਨ ਨੇ ਲਿਖਤ ਜਾਰੀ ਕੀਤੀ ਹੈ ਉਸ ਵਿੱਚ ਮੁੱਖ ਤੌਰ ਤੇ ਕਿਹਾ ਗਿਆ ਹੈ ਕਿ ਕੋਈ ਵੀ ਧਿਰ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਦਾ ਦਾਅਵਾ ਪੇਸ਼ ਕਰਕੇ ਸੰਗਤ ਨੂੰ ਗੁੰਮਰਾਹ ਨਾ ਕਰੇ ਇਹ ਬਹੁਤ ਹੀ ਗੁਮਰਾਹਕੁੰਨ ਮਤਾ ਹੈ ਉਸ ਦਾ ਕਾਰਨ ਹੈ ਕਿ ਅਕਾਲੀ ਦਲ ਦੇ ਸੰਵਿਧਾਨ ਵਿੱਚ ਦਰਜ ਹੈ ਕਿ ਅਕਾਲੀ ਦਲ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਚੱਲੇਗਾ ਪਰ ਬਾਦਲ ਦਲ ਨੇ ਕਾਗਜ਼ਾਂ ਵਿੱਚ ਇਹ ਸਰਪ੍ਰਸਤੀ ਮੁੱਕਾ ਦਿੱਤੀ ਤੇ ਧਰਮ ਨਿਰਪੱਖ ਪੰਜਾਬੀ ਪਾਰਟੀ ਬਣਾ ਲਈ ਪਰ ਉਹਨਾਂ ਦਾ ਧੜਾ ਸ਼੍ਰੋਮਣੀ ਕਮੇਟੀ ਤੇ ਕਾਬਜ਼ ਹੋਣ ਕਾਰਨ ਉਹਨਾਂ ਨੇ ਲੰਮੇ ਸਮੇਂ ਤੋਂ ਆਵਦੀ ਕੁਰਸੀ ਲਈ ਅਕਾਲ ਤਖ਼ਤ ਸਾਹਿਬ ਦੀ ਦੁਰਵਰਤੋਂ ਕੀਤੀ, ਗੁਨਾਹ ਕੀਤੇ ਗੁਨਾਹ ਮੰਨੇ ਸਜ਼ਾ ਲਵਾਈ, ਅਕਾਲੀ ਦਲ ਬਾਦਲ ਵੱਲੋਂ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਉਲੰਘਣਾ ਕਰਕੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸੁਖਬੀਰ ਬਾਦਲ ਨੂੰ ਪ੍ਰਧਾਨ ਬਣਾਇਆ ਗਿਆ, ਉਹਨਾਂ ਨੂੰ ਮਾਣਯੋਗ ਜਥੇਦਾਰ ਗੜਗੱਜ ਨੇ ਅਕਾਲ ਤਖ਼ਤ ਸਾਹਿਬ ਬੁਲਾਕੇ ਸਰੋਪਾ ਦੇ ਕੇ ਸਨਮਾਨਿਤ ਕੀਤਾ ਤੇ ਸਰਪ੍ਰਸਤੀ ਦਿੱਤੀ ਹੁਣ ਜਦੋਂ 2 ਦਸੰਬਰ ਦੇ ਹੁਕਮਾਂ ਮੁਤਾਬਕ ਪੰਜ ਮੈਂਬਰੀ ਕਮੇਟੀ ਨਵੀਂ ਭਰਤੀ ਕਰਕੇ ਚੋਣ ਪ੍ਰਕਿਰਿਆ ਕਰ ਰਹੀ ਹੈ ਤਾਂ ਅਕਾਲੀ ਦਲਾਂ ਦੀ ਏਕਤਾ ਦਾ ਵਾਸਤਾ ਪਾਕੇ ਮਾਣਯੋਗ ਜਥੇਦਾਰ ਦੀ ਕਹਿ ਰਹੇ ਕਿ ਕੋਈ ਧਿਰ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਦਾ ਦਾਅਵਾ ਨਾ ਕਰੇ, ਕੀ ਇਹ ਪੰਥਕ ਏਕਤਾ ਵਾਲਾ ਹੁਕਮ ਸੁਖਬੀਰ ਬਾਦਲ ਦੇ ਅਕਾਲੀ ਦਲ ਦੀ ਚੋਣ ਵੇਲੇ ਯਾਦ ਨਹੀਂ ਸੀ ਜੋ ਅਕਾਲ ਤਖ਼ਤ ਸਾਹਿਬ ਦੇ ਨੱਕ ਹੇਠ ਹੋ ਰਹੀ ਸੀ ਤੇ ਜਥੇਦਾਰ ਜੀ ਸਰੋਪੇ ਵਧਾਈਆਂ ਦੇਕੇ ਜਸ਼ਨ ਮਨਾ ਰਹੇ ਸਨ ? ਅਕਾਲ ਤਖ਼ਤ ਵਿਤਕਰਾ ਕਿਵੇਂ ਕਰ ਸਕਦਾ ? ਇਤਿਹਾਸ, ਸਿਧਾਂਤ ਤੇ ਅਕਾਲੀ ਸੰਵਿਧਾਨ ਕਹਿੰਦਾ ਕਿ ਅਕਾਲੀ ਦਲ ਨੇ ਅਕਾਲ ਤਖ਼ਤ ਦੀ ਸਰਪ੍ਰਸਤੀ ਹੇਠ ਹੀ ਚੱਲਣਾ ਕੀ ਅੱਜ ਦਾ ਮਤਾ ਗੁਮਰਾਹਕੁੰਨ ਹੈ ਕਿ ਗੈਰ ਸਿਧਾਂਤਕ ? ਇਸ ਦਾ ਫੈਸਲਾ ਗੁਰੂ ਪੰਥ ਕਰੇ ਪਰ ਮਾਣਯੋਗ ਜਥੇਦਾਰ ਸਾਹਿਬਾਨ ਯਾਦ ਰੱਖਣ ਕਿ ਸਿੱਖਾਂ ਦੇ ਹਰ ਦਲ ਕਮੇਟੀ ਸੰਸਥਾ ਸੰਪਰਦਾ ਨੇ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਦਾ ਦਾਅਵਾ ਕਰਨਾ ਹੈ, ਜੇ ਜਥੇਦਾਰ ਸਾਹਿਬਾਨ ਨੂੰ ਕਿਸੇ ਵਿਸ਼ੇਸ਼ ਕਮੇਟੀ ਦੇ ਪੇਸ਼ ਕੀਤੇ ਜਾ ਰਹੇ ਦਾਅਵੇ ਦੀ ਗੱਲ ਗਲਤ ਲੱਗ ਰਹੀ ਹੈ ਤਾਂ ਉਹਨਾਂ ਨੂੰ ਅਕਾਲ ਤਖ਼ਤ ਤੇ ਬੁਲਾ ਕੇ ਉਹਨਾਂ ਤੋਂ ਕਾਗਜ ਮੰਗੋ ਉਹ ਆਪੇ ਕਾਗਜ ਦੇਣਗੇ ਕਿ ਉਹ ਕਿਉਂ ਦਾਅਵਾ ਪੇਸ਼ ਕਰ ਰਹੇ ਹਨ, ਨਾਲ ਬਾਦਲ ਦਲ ਦਾ ਸੰਵਿਧਾਨ ਵੀ ਮੰਗਵਾ ਲਵੋ ਕਿ ਉਹਨਾਂ ਦੇ ਕਾਗਜ ਕੀ ਬੋਲਦੇ ਨੇ ਉਹਨਾਂ ਦੇ ਪ੍ਰਧਾਨ ਨੂੰ ਪ੍ਰਧਾਨ ਬਣਨ ਤੇ ਸਿਰੋਪਾ ਕਿਉਂ ਦਿੱਤਾ ਸਰਪ੍ਰਸਤੀ ਕਿਉਂ ਕੀਤੀ ? ਜਥੇਦਾਰ ਜੀ ਚੀਫ ਖ਼ਾਲਸਾ ਦੀਵਾਨ ਦੇ ਕਾਗਜ਼ਾਂ ਦੀ ਜਾਂਚ ਆਪ ਜੀ ਨੇ ਮੀਡੀਆ ਸਾਹਮਣੇ ਕੀਤੀ ਕਿਉਂਕਿ ਉਹਨਾਂ ਦੇ ਸੰਵਿਧਾਨ ਵਿੱਚ ਵੀ ਸਰਪਰਸਤ ਅਕਾਲ ਤਖ਼ਤ ਹੈ ਫਿਰ ਜਾਂ ਤਾਂ ਸਾਰਿਆਂ ਦੇ ਕਾਗਜ ਮੰਗ ਲਵੋ ਜਾਂ ਆਵਦਾ ਮਤਾ ਸਪਸ਼ਟ ਕਰੋ ਤੇ ਸੰਬੰਧਤ ਧਿਰ ਦਾ ਨਾਮ ਲਿਖੋ ਤੁਹਾਡਾ ਮਤਾ ਸਾਰਿਆਂ ਨੂੰ ਇੱਕੋ ਰੱਸੇ ਬੰਨ ਰਿਹਾ ਹੈ ਜੋ ਗੈਰਵਾਜਿਬ ਤੇ ਗੈਰਸਿਧਾਂਤਕ ਹੈ ਗੁਮਰਾਹਕੁੰਨ ਹੈ


**-ਪਰਮਪਾਲ ਸਿੰਘ ਸਭਰਾਅ**



Shiromani Akali Dal
Apr 12

ਅੱਜ ਸ. ਸੁਖਬੀਰ ਸਿੰਘ ਜੀ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਵਜੋਂ ਮੁੜ ਸੇਵਾ ਮਿਲਣ ਉਪਰੰਤ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਸ੍ਰੀ ਅਟੱਲ ਰਾਏ ਸਾਹਿਬ ਜੀ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਕੀਤਾ।

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੈੱਡ ਗ੍ਰੰਥੀ ਸਾਹਿਬ ਵੱਲੋਂ ਸ਼ੁਕਰਾਨੇ ਦੀ ਅਤੇ ਚੜ੍ਹਦੀਕਲਾ ਦੀ ਅਰਦਾਸ ਕੀਤੀ ਗਈ। ਉਸ ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਸਿੰਘ ਸਾਹਿਬ ਜਥੇਦਾਰ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਦੀ ਹਾਜ਼ਰੀ ਵਿੱਚ ਪਾਰਟੀ ਪ੍ਰਧਾਨ ਅਤੇ ਸੀਨੀਅਰ ਲੀਡਰਸ਼ਿਪ ਨੇ ਮੂਲ ਮੰਤਰ ਤੇ ਗੁਰਮੰਤਰ ਦੇ ਜਾਪ ਕੀਤੇ ਅਤੇ ਸਿੰਘ ਸਾਹਿਬ ਜੀ ਨਾਲ ਪੰਥਕ ਵਿਚਾਰਾਂ ਵੀ ਕੀਤੀਆਂ। ਸਿੰਘ ਸਾਹਿਬ ਜੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਾਹਿਬ ਨੂੰ ਸਿਰਪਾਓ ਰੂਪ ਵਿੱਚ ਸਿੱਖ ਰਹਿਤ ਮਰਯਾਦਾ ਅਤੇ ਹੋਰ ਧਾਰਮਿਕ ਸਾਹਿਤ ਵੀ ਭੇਂਟ ਕੀਤਾ ਗਿਆ।



ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Sri Akal Takhat Sahib, Sri Amritsar Sahib

# ਪਿੰਡ ਰਾਜੇਆਣਾ ਨਾਲ ਸਬੰਧਿਤ 34 ਸਾਲਾ ਅਜੇ ਕੁਮਾਰ ਦਾ ਮ੍ਰਿਤਕ ਸਰੀਰ ਦੁਬਈ ਤੋਂ ਭਾਰਤ ਪੁੱਜਾ

### ਸਰਬੱਤ ਦਾ ਭਲਾ ਟਰੱਸਟ ਵੱਲੋਂ ਮੁਫ਼ਤ ਐਂਬੂਲੈਂਸ ਸੇਵਾ ਰਾਹੀਂ ਹਵਾਈ ਅੱਡੇ ਤੋਂ ਘਰ ਭੇਜਿਆ ਗਿਆ ਮ੍ਰਿਤਕ ਸਰੀਰ



**ਬਾਘਾਪੁਰਾਣਾ, 6 ਅਗਸਤ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)** -ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਜ਼ਿਲ੍ਹਾ ਮੋਗਾ ਦੇ ਜਿਲ੍ਹਾ ਪ੍ਰੈਸ ਸਕੱਤਰ ਭਵਨਦੀਪ ਸਿੰਘ ਪੁਰਬਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਤਹਿਸੀਲ ਬਾਘਾ ਪੁਰਾਣਾ ਦੇ ਪਿੰਡ ਰਾਜੇਆਣਾ ਨਾਲ ਸਬੰਧਿਤ 34 ਸਾਲਾ ਅਜੇ ਕੁਮਾਰ ਪੁੱਤਰ ਰਾਮ ਪ੍ਰਕਾਸ਼ ਦਾ ਮ੍ਰਿਤਕ ਸਰੀਰ ਕੱਲ੍ਹ ਸ਼ਾਮ ਨੂੰ ਦੁਬਈ ਤੋਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਵਿਖੇ ਪੁੱਜਿਆ, ਜਿਸ ਉਪਰੰਤ ਸਰਬੱਤ ਦਾ ਭਲਾ ਟਰੱਸਟ ਦੀ ਮੁਫ਼ਤ ਐਂਬੂਲੈਂਸ ਸੇਵਾ ਰਾਹੀਂ ਉਸ ਦੇ ਘਰ ਭੇਜਿਆ ਗਿਆ। ਟਰੱਸਟ ਦੀ ਮੋਗਾ ਟੀਮ ਦੇ ਜਰਨਲ ਸਕੱਤਰ ਸ. ਅਵਤਾਰ ਸਿੰਘ ਘੋਲੀਆਂ ਆਦਿ ਨੇ ਮ੍ਰਿਤਕ ਦੇਹ ਦੇ ਪਿੰਡ ਪਹੁੰਚਣ ਤੋਂ ਪਹਿਲਾ ਉਥੇ ਹਾਜਿਰ ਹੋ ਕੇ ਪਰਿਵਾਰ ਨੂੰ ਹੋਸਲ ਦਿੱਤਾ ਅਤੇ ਸਸਕਾਰ ਦੀਆਂ ਰਸਮਾਂ ਨੂੰ ਪੂਰੀਆ ਕਰਵਾਈਆ ।ਇਸ ਸਬੰਧੀ ਦੁਬਈ ਤੋਂ ਜਾਣਕਾਰੀ ਸਾਂਝੀ ਕਰਦਿਆਂ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ. ਐੱਸ.ਪੀ. ਸਿੰਘ ਓਬਰਾਏ ਨੇ ਦੱਸਿਆ ਅਜੇ ਕੁਮਾਰ ਵੀ ਹੋਰਨਾਂ ਨੌਜਵਾਨਾਂ ਵਾਂਗ ਆਪਣੇ ਪਰਿਵਾਰ ਦੀ ਗੁਰਬਤ ਨੂੰ ਦੂਰ ਕਰਨ ਲਈ ਕਰੀਬ ਪਿਛਲੇ 5 ਸਾਲਾਂ ਤੋਂ ਦੁਬਈ ਵਿਖੇ ਮਿਹਨਤ ਮਜ਼ਦੂਰੀ ਕਰ ਰਿਹਾ ਸੀ। ਉਨ੍ਹਾਂ ਦੱਸਿਆ ਕਿ ਪਰਿਵਾਰ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਿਕ ਬੀਤੀ 24 ਜੁਲਾਈ ਨੂੰ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਉਸਦੀ ਮੌਤ ਹੋ ਗਈ ਸੀ। ਉਨ੍ਹਾਂ ਦੱਸਿਆ ਕਿ ਅੱਜ ਅੰਮ੍ਰਿਤਸਰ ਹਵਾਈ ਅੱਡੇ ਤੋਂ ਮ੍ਰਿਤਕ ਸਰੀਰ ਪੀੜ੍ਹਤ ਪਰਿਵਾਰ ਦੀ ਹਾਜ਼ਰੀ ’ਚ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਸ਼ਿਸ਼ਪਾਲ ਸਿੰਘ ਲਾਡੀ, ਜਨਰਲ ਸਕੱਤਰ ਮਨਪ੍ਰੀਤ ਸਿੰਘ ਸੰਧੂ ਤੇ ਇੰਜੀ: ਜਗਦੇਵ ਸਿੰਘ ਛੀਨਾ ਵੱਲੋਂ ਪ੍ਰਾਪਤ ਕਰਕੇ ਟਰੱਸਟ ਦੀ ‘ਮੁਫ਼ਤ ਐਂਬੂਲੈਂਸ ਸੇਵਾ’ ਰਾਹੀਂ ਉਸ ਦੇ ਘਰ ਤੱਕ ਭੇਜਿਆ ਗਿਆ ਹੈ। ਡਾ. ਉਬਰਾਏ ਨੇ ਇਹ ਵੀ ਦੱਸਿਆ ਕਿ ਅਜੇ ਕੁਮਾਰ ਦਾ ਮ੍ਰਿਤਕ ਸਰੀਰ ਭਾਰਤ ਭੇਜਣ ਤੇ ਆਇਆ ਖਰਚ ਉਸ ਦੀ ਕੰਮ ਵਾਲੀ ਕੰਪਨੀ ਵੱਲੋਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਟਰੱਸਟ ਦੀ ਮੋਗੇ ਜਿਲ੍ਹੇ ਦੀ ਟੀਮ ਵੱਲੋਂ ਜਲਦ ਹੀ ਪਰਿਵਾਰ ਦੀ ਆਰਥਿਕ ਹਾਲਤ ਤੋਂ ਜਾਣੂ ਕਰਵਾਉਣ ਉਪਰੰਤ ਅਜੇ ਕੁਮਾਰ ਦੇ ਪਰਿਵਾਰ ਨੂੰ ਲੋੜ ਅਨੁਸਾਰ ਮਹੀਨਾਵਾਰ ਪੈਨਸ਼ਨ ਵੀ ਦਿੱਤੀ ਜਾਵੇਗੀ ।ਜ਼ਿਕਰਯੋਗ ਹੈ ਕਿ ਡਾ.ਉਬਰਾਏ ਦੀ ਸਰਪ੍ਰਸਤੀ ਹੇਠ ਹੁਣ ਤੱਕ 422 ਦੇ ਕਰੀਬ ਬਦਨਸੀਬ ਨੌਜਵਾਨਾਂ ਦੇ ਮ੍ਰਿਤਕ ਸਰੀਰ ਉਨ੍ਹਾਂ ਦੇ ਵਾਰਸਾਂ ਤੱਕ ਪਹੁੰਚਾਏ ਜਾ ਚੁੱਕੇ ਹਨ ਅਤੇ ਪਿਛਲੇ ਕੁਝ ਅਰਸੇ ਤੋਂ ਹਵਾਈ ਅੱਡਾ ਅੰਮ੍ਰਿਤਸਰ ਤੋਂ ਮਿਤ੍ਰਕ ਸਰੀਰ ਘਰਾਂ ਤੱਕ ਪਹੁੰਚਣ ਲਈ ਮੁਫ਼ਤ ਐਂਬੂਲੈਂਸ ਸੇਵਾ ਵੀ ਸ਼ੁਰੂ ਕੀਤੀ ਗਈ ਹੈ। ਇਸ ਦੌਰਾਨ ਹਵਾਈ ਅੱਡੇ ਤੇ ਮੌਜੂਦ ਮ੍ਰਿਤਕ ਦੇ ਪਿਤਾ ਰਾਮ ਪ੍ਰਕਾਸ਼, ਭਰਾ ਦਵਿੰਦਰ ਕੁਮਾਰ, ਸੋਮਾ ਅਤੇ ਪਿੰਡ ਵਾਸੀਆਂ ਨੇ ਡਾ. ਐੱਸ.ਪੀ. ਸਿੰਘ ਓਬਰਾਏ ਅਤੇ ਉਸ ਦੀ ਸਮੁੱਚੀ ਟੀਮ ਦਾ ਇਸ ਔਖੀ ਘੜੀ ਵੇਲੇ ਵੱਡੀ ਮਦਦ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ।

# ਰਾਜਸਥਾਨ ਵਿਚ ਸਿਵਲ ਜੱਜ ਦੀ ਪ੍ਰੀਖਿਆ ਤੋਂ ਪੀੜਤ ਗੁਰਸਿੱਖ ਬੱਚੀ ਬੀਬੀ ਗੁਰਪ੍ਰੀਤ ਕੌਰ ਫੈਲੋਕੇ ਦਾ ਸਨਮਾਨ



ਰਾਜਸਥਾਨ ਵਿਚ ਸਿਵਲ ਜੱਜ ਦੀ ਪ੍ਰੀਖਿਆ ਤੋਂ ਪੀੜਤ ਗੁਰਸਿੱਖ ਬੱਚੀ ਬੀਬੀ ਗੁਰਪ੍ਰੀਤ ਕੌਰ ਫੈਲੋਕੇ ਨੂੰ ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਤਰਨਤਾਰਨ ਦੇ ਆਗੂ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜਰ ਪੰਜਾਬ ਅਤੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਵੱਲੋਂ ਕੀਤਾ ਗਿਆ ਸਨਮਾਨਿਤ।

ਆਵਾਜ਼ਿ ਕੌਮ AWAZE QAUM International Newspaper & WEB TV

### ਲੈਂਡ ਪੂਲਿੰਗ ਪਾਲਸੀ ਦੇ ਵਿਰੋਧ ਵਿੱਚ 24 ਅਗਸਤ ਨੂੰ ਸਮਰਾਲਾ ਰੈਲੀ ਵਿੱਚ

# ਵੱਡੀ ਗਿਣਤੀ ਵਿਚ ਕੀਤੀ ਜਾਵੇਗੀ ਸ਼ਮੂਲੀਅਤ:- ਪ੍ਰਗਟ ਸਾਫੂਵਾਲਾ, ਚਮਕੌਰ ਰੋਡੇ, ਗੇਰਾ ਰਾਜਿਆਣਾ



**ਮੋਗਾ, 6 ਅਗਸਤ (ਰਾਜਿੰਦਰ ਸਿੰਘ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**-ਕਿਰਤੀ ਕਿਸਾਨ ਯੂਨੀਅਨ ਨੇ ਅੱਜ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਦੀ ਪ੍ਰਧਾਨਗੀ ਹੇਠ ਕੀਤੀ, ਜਿਸ ਵਿੱਚ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਵੀ ਹਾਜ਼ਰ ਹੋਏ। ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇਖੁਰਦ, ਜ਼ਿਲ੍ਹਾ ਪ੍ਰੈਸ ਸਕੱਤਰ ਜਸਮੇਲ ਸਿੰਘ ਰਾਜਿਆਣਾ ਨੇ ਪ੍ਰੈੱਸ ਨੂੰ ਪ੍ਰੈਸ ਨੋਟ ਜਾਰੀ ਕਰਦਿਆਂ ਆਖਿਆ ਕਿ ਜੋ ਪੰਜਾਬ ਸਰਕਾਰ ਵੱਲੋਂ ਲੈਂਡ ਪੂਲਿੰਗ ਪਾਲਸੀ ਲਿਆਂਦੀ ਗਈ ਹੈ, ਜਿਸ ਵਿੱਚ ਪੰਜਾਬ ਨੂੰ ਅਰਬਨ ਅਸਟੇਟ ਬਣਾਉਣ ਲਈ ਕਿਸਾਨਾਂ ਦੀਆਂ ਜ਼ਮੀਨਾਂ ਉੱਪਰ ਵੱਡਾ ਹਮਲਾ ਕੀਤਾ ਜਾ ਰਿਹਾ ਹੈ,ਜੋ ਕਿ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਜਿਸ ਦੇ ਵਿਰੋਧ ਵਿੱਚ 24 ਅਗਸਤ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਸਮਰਾਲਾ ਦੀ ਅਨਾਜ ਮੰਡੀ ਵਿੱਚ ਬਹੁਤ ਵੱਡੀ ਪੱਧਰ ਤੇ ਰੈਲੀ ਕੀਤੀ ਜਾ ਰਹੀ ਹੈ, ਤਾਂ ਜ਼ੋ ਕਿਸ਼ਾਨਾਂ ਦੀਆਂ ਜ਼ਮੀਨਾਂ ਲੈਂਡ ਪੂਲਿੰਗ ਪਾਲਸੀ ਤੋਂ ਬਚਾਈਆਂ ਜਾ ਸਕਣ। ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਤੇ ਵਿੱਤ ਸਕੱਤਰ ਕੁਲਜੀਤ ਸਿੰਘ ਪੰਡੋਰੀ ਨੇ ਆਖਿਆ ਕਿ ਜਿਵੇਂ 2021 ਵਿੱਚ ਬੀਜੇਪੀ ਦੀ ਮੋਦੀ ਸਰਕਾਰ ਤਿੰਨ ਕਾਲੇ ਕਾਨੂੰਨ ਲੈ ਕੇ ਆਈ ਸੀ ਤਾਂ ਕਿਸਾਨ ਜੱਥੇਬੰਦੀਆਂ ਨੇ ਸੰਯੁਕਤ ਮੋਰਚੇ ਦੇ ਬੈਨਰ ਹੇਠ ਪੰਜਾਬ ਵਿਚੋਂ ਦੋ ਮਹੀਨੇ ਟੋਲ ਪਲਾਜਿਆਂ, ਸ਼ਾਪਿੰਗ ਮਾਲ ਉੱਪਰ ਧਰਨੇ ਲਗਾ ਕੇ, ਲੋਕਾਂ ਨੂੰ ਇੱਕ ਵੱਡੇ ਸੰਘਰਸ਼ ਲਈ ਲਾਮਬੰਦ ਕਰ ਕੇ ਦਿੱਲੀ ਵੱਲ ਨੂੰ ਕੂਚ ਕੀਤਾ ਤੇ ਲਗਾਤਾਰ ਤੇਰਾਂ ਮਹੀਨੇ ਕਿਸਾਨ ਅੰਦੋਲਨ ( ਸੰਘਰਸ਼) ਚੱਲਿਆ ਤੇ ਕਾਲੇ ਕਾਨੂੰਨ ਰੱਦ ਕਰਵਾਏ। ਉਸੇ ਕਨੂੰਨਾਂ ਨੂੰ ਟੇਢੇ ਢੰਗ ਨਾਲ ਲਾਗੂ ਕਰਵਾਉਣ ਲਈ, ਤੇ ਕਿਸਾਨਾਂ ਦੀਆਂ ਜ਼ਮੀਨਾਂ ਹੜੱਪਣ ਲਈ ਪੰਜਾਬ ਸਰਕਾਰ ਨੇ ਲੈਂਡ ਪੂਲਿੰਗ ਨੀਤੀ ਲੈ ਕੇ ਆਂਦੀ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਮਝ ਲੈਣਾ ਚਾਹੀਦਾ ਹੈ ਕਿ, ਜੇਕਰ ਕਿਸਾਨ ਜਥੇਬੰਦੀਆਂ ਸੰਯੁਕਤ ਮੋਰਚੇ ਹੇਠ ਬੀਜੇਪੀ ਦੀ ਮੋਦੀ ਸਰਕਾਰ ਨੂੰ ਥੁੱਕ ਕੇ ਚੱਟਵਾ ਸਕਦੀ ਹੈ ਤਾਂ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਮਾਨ ਕਿਹੜੇ ਬਾਗ ਦੀ ਮੂਲੀ ਹੈ, ਲੈਂਡ ਪੂਲਿੰਗ ਨੂੰ ਲੈ ਕੇ ਦਿਨੋਂ ਦਿਨ ਲੋਕ ਵਿਦਰੋਹ ਪੰਜਾਬ ਸਰਕਾਰ ਖ਼ਿਲਾਫ਼ ਵੱਧਦਾ ਜਾ ਰਿਹਾ ਹੈ, ਆਮ ਆਦਮੀ ਪਾਰਟੀ ਦੇ ਬਹੁਤ ਸਾਰੇ ਚੇਅਰਮੈਨ, ਵਰਕਰ, ਸਰਪੰਚ ਆਪਣੀ ਹੀ ਪਾਰਟੀ ਦੇ ਖ਼ਿਲਾਫ਼ ਹੋ ਗਏ ਹਨ, ਸਰਪੰਚਾਂ ਪੰਚਾਂ ਵਲੋਂ ਪਾਲਸੀ ਖਿਲਾਫ ਮਤੇ ਪੈ ਰਹੇ ਹਨ। ਆਗੂਆਂ ਨੇ ਕਿਹਾ ਕਿ ਆਉਂਦੇ ਦਿਨਾਂ ਵਿੱਚ ਲੈਂਡ ਪੂਲਿੰਗ ਪਾਲਸੀ ਨੂੰ ਰੱਦ ਕਰਵਾਉਣ ਲਈ ਤੇ 24 ਅਗਸਤ ਦੀ ਰੈਲੀ ਦੀ ਸਫਲਤਾ ਲਈ ਮੋਗਾ ਜ਼ਿਲ੍ਹੇ ਦੇ ਵੱਖ ਵੱਖ ਬਲਾਕਾਂ ਦੇ ਪਿੰਡਾਂ ਵਿੱਚ ਰੈਲੀਆਂ, ਮੀਟਿੰਗਾਂ ਜ਼ਰੀਏ ਲੋਕਾਂ ਨੂੰ ਲੈਂਡ ਪੂਲਿੰਗ ਨੀਤੀ ਦੇ ਸਬੰਧ ਵਿੱਚ ਜਾਗਰੂਕ ਕੀਤਾ ਜਾਵੇਗਾ।ਔਰਤ ਵਿੰਗ ਦੇ ਕਨਵੀਨਰ ਛਿੰਦਰਪਾਲ ਕੌਰ ਰੋਡੇਖੁਰਦ ਤੇ ਯੂਥ ਆਗੂ ਬੇਅੰਤ ਮੱਲੇਆਣਾ ਨੇ ਆਖਿਆ ਕਿ 8 ਅਗਸਤ ਨੂੰ ਜਮਹੂਰੀ ਲੋਕ ਅਧਿਕਾਰ ਸਭਾ ਵੱਲੋਂ ਝਾਰਖੰਡ ਵਿੱਖੇ ਆਦਿਵਾਸੀਆਂ ਉੱਪਰ ਅਤਿਆਚਾਰ ਕਰਨ ਦੇ ਸਬੰਧ ਵਿੱਚ ਮੋਗਾ ਦੀ ਅਨਾਜ ਮੰਡੀ ਵਿੱਚ ਰੈਲੀ ਕੀਤੀ ਜਾਵੇਗੀ,13 ਅਗਸਤ ਨੂੰ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਵਲੋਂ ਅਨਾਜ ਤੇਲ ਤੇ ਵੱਧ ਟੈਰਿਫ ਲਗਾਉਣ ਦੇ ਵਿਰੋਧ ਵਿੱਚ ਨੇਚਰ ਪਾਰਕ ਮੋਗਾ ਵਿਖੇ ਰੈਲੀ ਤੇ ਸ਼ਹਿਰ ਵਿੱਚ ਰੋਸ ਪ੍ਰਦਰਸ਼ਨ ਮੇਨ ਚੌਕ ਤੱਕ ਕੀਤਾ ਜਾਵੇਗਾ ਤੇ ਨਰਿੰਦਰ ਮੋਦੀ ਤੇ ਟਰੰਪ ਦੇ ਪੁਤਲੇ ਫੂਕੇ ਜਾਣਗੇ, ਅਤੇ 15 ਅਗਸਤ ਨੂੰ ਕੌਮੀ ਇਨਸਾਫ਼ ਮੋਰਚਾ ਵਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਚੰਡੀਗੜ੍ਹ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਇਹਨਾਂ ਸਾਰਿਆਂ ਪ੍ਰੋਗਰਾਮਾਂ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਲੋਂ ਵੱਡੀ ਪੱਧਰ ਤੇ ਕਿਸਾਨ, ਨੌਜਵਾਨ, ਔਰਤਾਂ ਤੇ ਹਰੇਕ ਵਰਗ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਅੱਜ ਦੀ ਮੀਟਿੰਗ ਵਿੱਚ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ, ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇਖੁਰਦ, ਜ਼ਿਲ੍ਹਾ ਪ੍ਰੈਸ ਸਕੱਤਰ ਜਸਮੇਲ ਸਿੰਘ ਰਾਜਿਆਣਾ, ਜ਼ਿਲ੍ਹਾ ਵਿੱਤ ਸਕੱਤਰ ਕੁਲਜੀਤ ਸਿੰਘ ਪੰਡੋਰੀ, ਔਰਤ ਵਿੰਗ ਦੇ ਕਨਵੀਨਰ ਛਿੰਦਰਪਾਲ ਕੌਰ ਰੋਡੇਖੁਰਦ,ਜ਼ਿਲ੍ਹਾ ਮੀਤ ਪ੍ਰਧਾਨ ਤੇ ਸਹਾਇਕ ਪ੍ਰਧਾਨ ਜਸਪਾਲ ਸਿੰਘ ਪੁਰਾਣੇਵਾਲਾ, ਨਾਜ਼ਰ ਸਿੰਘ ਖਾਈ, ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ, ਮੋਹਨ ਸਿੰਘ ਡਾਲਾ, ਯੂਥ ਆਗੂ ਬਲਕਰਨ ਸਿੰਘ ਵੈਰੋਕੇ,ਤੀਰਥਵਿੰਦਰ ਸਿੰਘ ਘੱਲ ਕਲਾਂ, ਬੇਅੰਤ ਸਿੰਘ ਮੱਲੇਆਣਾ, ਗੁਰਪ੍ਰੀਤ ਸਿੰਘ ਭੈਣੀ,ਸਾਰਜ ਸਿੰਘ ਪੰਡੋਰੀ, ਅਜਮੇਰ ਸਿੰਘ ਛੋਟਾਘਰ ਹਾਜ਼ਰ ਹੋਏ।

### ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾਂ ਦੇ ਵਿਦਿਆਰਥੀਆਂ ਨੇ ਜੋਨ ਪੱਧਰੀ ਖੇਡਾਂ ਵਿੱਚ ਫਸਟ ਪੁਜੀਸ਼ਨਾਂ ਪ੍ਰਾਪਤ ਕੀਤੀਆਂ

# ਸਕੂਲ ਸਟਾਫ਼ ਨੇ ਜੇਤੂ ਬੱਚਿਆਂ ਨੂੰ ਦਿੱਤੀਆਂ ਮੁਬਾਰਕਾਂ





**ਬਰਨਾਲਾ (ਵਰਿਆਮ ਹਠੂਰ)**-ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਦੇ ਵਿਦਿਆਰਥੀਆਂ ਨੇ ਜੋਨ ਪੱਧਰੀ ਖੇਡਾਂ ਵਿੱਚ ਪੁਜੀਸ਼ਨ ਹਾਸਿਲ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸੰਸਥਾ ਦਾ ਨਾਂ ਰੌਸ਼ਨ ਕੀਤਾ। ਪ੍ਰੈੱਸ ਨਾਲ ਗੱਲ ਕਰਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਨੇ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਨੇ ਖੋ- ਖੋ ਅੰਡਰ 14 (ਲੜਕੇ) ਪਹਿਲਾ ਸਥਾਨ , ਅਤੇ ਅੰਡਰ 14 (ਲੜਕੀਆਂ) ਨੇ ਵੀ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਉਨ੍ਹਾਂ ਸਮੁੱਚੇ ਸਕੂਲ ਸਟਾਫ ਵੱਲੋਂ ਜੇਤੂ ਬੱਚਿਆਂ ਨੂੰ ਮੁਬਾਰਕਾਂ ਦਿੰਦਿਆਂ ਕਿਹਾ ਕਿ, ਸਾਡੀ ਹਮੇਸ਼ਾ ਕੋਸ਼ਿਸ਼ ਰਹਿੰਦੀ ਹੈ ਕਿ ਬੱਚਿਆਂ ਨੂੰ ਚੰਗੀ ਵਿਦਿਆ ਹਾਸਿਲ ਕਰਵਾਉਣ ਦੇ ਨਾਲ ਨਾਲ ਖੇਡਾਂ ਨਾਲ ਜੋੜਿਆ ਜਾਵੇ ਤਾਂ ਜੋ ਬੱਚੇ ਖੇਡ ਮੁਕਾਬਲਿਆਂ ਵਿੱਚ ਪੁਜੀਸ਼ਨਾਂ ਹਾਸਿਲ ਕਰਕੇ ਆਪਣਾ ਅਤੇ ਆਪਣੇ ਬੱਚਿਆਂ ਦੇ ਨਾਲ ਨਾਲ ਸਕੂਲ ਦਾ ਵੀ ਨਾਮ ਰੋਸ਼ਨ ਕਰਨ । ਇਸ ਮੌਕੇ ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਕੁਲਜੀਤ ਸਿੰਘ ਦੀਵਾਨਾ, ਗੁਰਪ੍ਰੀਤ ਕੌਰ, ਰਮਨਜੀਤ ਕੌਰ, ਪ੍ਰਦੀਪ ਕੌਰ ਪਵਨਜੀਤ ਕੌਰ,ਅਮਨਜੋਤ ਕੌਰ, ਲਛਮਣੀ, ਮਨਦੀਪ ਕੌਰ, ਸੁਖਮੀਤ ਕੌਰ, ਕਮਲਜੀਤ ਕੌਰ, ਕੁਲਵਿੰਦਰ ਕੌਰ, ਨਵਜੋਤ ਕੌਰ ਲਵਪ੍ਰੀਤ ਕੌਰ ,ਹਰਪ੍ਰੀਤ ਕੌਰ, ਸੁਖਪ੍ਰੀਤ ਕੌਰ, ਅਮਨਦੀਪ ਕੌਰ, ਸ਼ਬਦੀਪ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਦੇ ਆਲੇ-ਦੁਆਲੇ ਤੁਰੰਤ ਸਫਾਈ ਦੇ ਉਪਾਅ ਕੀਤੇ ਜਾਣ: ਵਿਕਰਮ ਸਾਹਨੀ



ਨਵੀਂ ਦਿੱਲੀ 6 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਤੋਂ ਸੰਸਦ ਮੈਂਬਰ (ਰਾਜ ਸਭਾ) ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਕੇਂਦਰੀ ਮੰਤਰੀਆਂ ਸ਼੍ਰੀ ਨਿਤਿਨ ਗਡਕਰੀ ਅਤੇ ਸ਼੍ਰੀ ਮਨੋਹਰ ਲਾਲ ਖੱਟਰ ਨੂੰ ਸ੍ਰੀ ਦਰਬਾਰ ਸਾਹਿਬ (ਗੋਲਡਨ ਟੈਂਪਲ), ਅੰਮ੍ਰਿਤਸਰ ਦੇ ਆਲੇ-ਦੁਆਲੇ ਆਵਾਜਾਈ ਨੂੰ ਘਟਾਉਣ ਲਈ ਪਰਿਵਰਤਨਸ਼ੀਲ ਬੁਨਿਆਦੀ ਢਾਂਚੇ ਨੂੰ ਪੇਸ਼ ਕਰਨ ਦੀ ਤੁਰੰਤ ਲੋੜ ਨੂੰ ਦੁਹਰਾਇਆ ਹੈ। ਡਾ. ਸਾਹਨੀ ਵੱਲੋਂ ਰਾਜ ਸਭਾ ਵਿੱਚ ਪੰਜਾਬ ਵਿੱਚ ਸਮਾਰਟ ਸਿਟੀ ਮਿਸ਼ਨ ਦੀ ਪ੍ਰਗਤੀ ਬਾਰੇ ਪੁੱਛੇ ਗਏ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ, ਹਾਊਸਿੰਗ ਅਤੇ ਸ਼ਹਿਰੀ ਮਾਮਲਿਆਂ ਦੇ ਰਾਜ ਮੰਤਰੀ ਵੱਲੋਂ ਦੱਸਿਆ ਗਿਆ ਕਿ ਪੰਜਾਬ ਰਾਜ ਵਿੱਚੋਂ ਤਿੰਨ ਸ਼ਹਿਰਾਂ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਨੂੰ ਚੁਣਿਆ ਗਿਆ ਹੈ। ਹਾਲਾਂਕਿ, ਡਾ. ਸਾਹਨੀ ਨੇ ਮੰਗ ਕੀਤੀ ਕਿ ਮੋਹਾਲੀ ਅਤੇ ਪਟਿਆਲਾ ਨੂੰ ਵੀ ਸਮਾਰਟ ਸਿਟੀ ਵਜੋਂ ਸ਼ਾਮਲ ਕੀਤਾ ਜਾਵੇ। ਡਾ. ਸਾਹਨੀ ਨੇ ਅੱਗੇ ਕਿਹਾ ਕਿ ਸਮਾਰਟ ਸਿਟੀ ਵਜੋਂ ਚੁਣੇ ਗਏ ਤਿੰਨ ਸ਼ਹਿਰਾਂ ਵਿੱਚ ਵੀ "ਸਮਾਰਟ" ਕਹਾਉਣ ਲਈ ਕੁਝ ਵੀ ਦਿਖਾਈ ਨਹੀਂ ਦਿੰਦਾ, ਜਿਸ ਵਿੱਚ ਬਹੁਤ ਜ਼ਿਆਦਾ ਭੀੜ-ਭੜੱਕਾ, ਅਸ਼ੁੱਧਤਾ, ਠੋਸ ਰਹਿੰਦ-ਖੂੰਹਦ ਪ੍ਰਬੰਧਨ ਦੀ ਘਾਟ ਆਦਿ ਸ਼ਾਮਲ ਹਨ। ਡਾ. ਸਾਹਨੀ ਨੇ ਜ਼ੋਰ ਦੇ ਕੇ ਕਿਹਾ ਕਿ ਪੁਰਾਣੇ ਸ਼ਹਿਰ ਦੀ ਪੁਰਾਣੀ ਭੀੜ ਨੂੰ ਦੂਰ ਕਰਨ ਲਈ ਜੀ.ਟੀ. ਰੋਡ ਨੂੰ ਹਰਿਮੰਦਰ ਸਾਹਿਬ ਨਾਲ ਜੋੜਨ ਵਾਲਾ ਮਾਸ ਰੈਪਿਡ ਟ੍ਰਾਂਸਪੋਰਟ ਸਿਸਟਮ (ਐਮ.ਆਰ.ਟੀ.ਐਸ.), ਈ-ਵਾਹਨਾਂ ਲਈ ਇੱਕ ਭੂਮੀਗਤ ਸੁਰੰਗ ਅਤੇ ਸ਼ਹਿਰ ਦੇ ਪ੍ਰਵੇਸ਼ ਸਥਾਨਾਂ ਦੇ ਨੇੜੇ ਬਹੁ-ਪੱਧਰੀ ਪਾਰਕਿੰਗ ਢਾਂਚੇ ਵਰਗੇ ਪ੍ਰਸਤਾਵ ਜ਼ਰੂਰੀ ਹਨ। ਡਾ. ਸਾਹਨੀ ਨੇ ਕਿਹਾ ਕਿ ਐਮ.ਆਰ.ਟੀ.ਐਸ., ਅੰਡਰਗਰਾਊਂਡ ਟਨਲ, ਐਲੀਵੇਟਿਡ ਮੋਨੋਰੇਲ ਜਾਂ ਕੈਪਸੂਲ ਕਾਰ ਸਿਸਟਮ ਵਿੱਚੋਂ ਕੋਈ ਵੀ ਪ੍ਰੋਜੈਕਟ ਨਾ ਸਿਰਫ਼ ਟ੍ਰੈਫਿਕ ਭੀੜ ਨੂੰ ਹੱਲ ਕਰੇਗਾ ਬਲਕਿ ਵਿਰਾਸਤੀ ਸੰਭਾਲ ਨੂੰ ਸਮਾਰਟ ਮੋਬਿਲਿਟੀ ਨਾਲ ਮਿਲਾਉਣ ਲਈ ਇੱਕ ਰਾਸ਼ਟਰੀ ਮਾਡਲ ਵਜੋਂ ਵੀ ਕੰਮ ਕਰੇਗਾ। ਸ੍ਰੀ ਦਰਬਾਰ ਸਾਹਿਬ ਸਿੱਖ ਧਰਮ ਦਾ ਅਧਿਆਤਮਿਕ ਦਿਲ ਹੈ ਅਤੇ ਇੱਥੇ ਰੋਜ਼ਾਨਾ 1.5 ਲੱਖ ਤੋਂ ਵੱਧ ਸ਼ਰਧਾਲੂ ਆਉਂਦੇ ਹਨ, ਅਤੇ ਇਹ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ ਕਿ ਅਸੀਂ ਉਨ੍ਹਾਂ ਦੇ ਆਰਾਮ, ਸੁਰੱਖਿਆ ਅਤੇ ਸਹੂਲਤ ਨੂੰ ਯਕੀਨੀ ਬਣਾਈਏ।

# ਨਵੇਂ ਬਣੇ ਜਿਲ੍ਹਾ ਪ੍ਰਧਾਨ ਹਰਦੀਪ ਗਿੱਲ ਦਾ ਅਸ਼ਵਨੀ ਸ਼ਰਮਾ ਨੇ ਮੂੰਹ ਮਿੱਠਾ ਕਰਵਾਇਆ

## ਪਾਰਟੀ ਨੇ ਹਮੇਸ਼ਾ ਮਿਹਨਤੀ ਵਰਕਰਾਂ ਨੂੰ ਸਤਿਕਾਰ ਦਿੱਤਾ ਅਸ਼ਵਨੀ ਸ਼ਰਮਾ



**ਜੰਡਿਆਲਾ ਗੁਰੂ, 6 ਅਗਸਤ ( ਕੁਲਵੰਤ ਸਿੰਘ ਵਿਰਦੀ )**- ਭਾਜਪਾ ਕੰਮ ਕਰਨ ਵਾਲੇ ਮਿਹਨਤੀ ਵਰਕਰਾਂ ਦਾ ਹਮੇਸ਼ਾ ਸਤਿਕਾਰ ਕਰਦੀ ਰਹੀ ਹੈ ਅਤੇ ਪਾਰਟੀ ਨੂੰ ਸਮਰਪਿਤ ਕਾਰਜਕਰਤਾਵਾਂ ਨੂੰ ਕੰਮ ਦੇ ਆਧਾਰ 'ਤੇ ਜ਼ਿੰਮੇਵਾਰੀ ਸੌਂਪਦੀ ਹੈ। ਇਹ ਪ੍ਰਗਟਾਵਾ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕੀਤਾ। ਭਾਰਤੀ ਜਨਤਾ ਪਾਰਟੀ ਜਿਲ੍ਹਾ ਦਿਹਾਤੀ ਦੇ ਨਵੇਂ ਬਣੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿੱਲ ਅਤੇ ਭਾਜਪਾ ਦੇ ਸੀਨੀਅਰ ਆਗੂ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਮੀਆਂਵਿੰਡ ਨੇ ਨਵੀਂ ਜ਼ਿੰਮੇਵਾਰੀ ਮਿਲਣ ਤੋਂ ਬਾਅਦ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਦਾ ਧੰਨਵਾਦ ਕੀਤਾ ਅਤੇ ਉਨਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਨਮਾਨਿਤ ਕੀਤਾ।ਹਰਦੀਪ ਸਿੰਘ ਗਿੱਲ ਨੇ ਵਿਸ਼ਵਾਸ ਦਵਾਇਆ ਕਿ ਉਹ ਪਾਰਟੀ ਦੀਆਂ ਭਾਵਨਾਵਾਂ 'ਤੇ ਖਰੇ ਉਤਰਨਗੇ ਅਤੇ ਪਿੰਡਾਂ ਵਿੱਚ ਪਾਰਟੀ ਦੇ ਆਧਾਰ ਨੂੰ ਹੋਰ ਮਜਬੂਤ ਕਰਨ ਲਈ ਦਿਨ ਰਾਤ ਇੱਕ ਕਰਨਗੇ। ਅਸ਼ਵਨੀ ਸ਼ਰਮਾ ਨੇ ਪਾਰਟੀ ਸੰਗਠਨ ਨੂੰ ਮਜਬੂਤ ਕਰਨ ਲਈ ਹਰਦੀਪ ਸਿੰਘ ਗਿੱਲ ਨੂੰ ਦਿਸ਼ਾ ਨਿਰਦੇਸ਼ ਵੀ ਦਿੱਤੇ। ਹਰਦੀਪ ਸਿੰਘ ਗਿੱਲ ਨੇ ਨਿਯੁਕਤੀ ਲਈ ਕੇਂਦਰੀ ਤੇ ਪੰਜਾਬ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਮਨਜੀਤ ਸਿੰਘ ਮੰਨਾ ਮੀਆਂਵਿੰਡ ਨੇ ਪਾਰਟੀ ਨੂੰ ਵਿਸ਼ਵਾਸ਼ ਦਵਾਇਆ ਕਿ ਉਹ ਪਹਿਲਾਂ ਦੀ ਤਰ੍ਹਾਂ ਹੀ ਹਰਦੀਪ ਸਿੰਘ ਗਿੱਲ ਨੂੰ ਪੂਰਨ ਸਹਿਯੋਗ ਦੇਣਗੇ। ਇਸ ਮੌਕੇ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਮਨਜੀਤ ਸਿੰਘ ਮੰਨਾ ਨਵੇਂ ਚੁਣੇ ਜਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿੱਲ ਦਾ ਮੂੰਹ ਮਿੱਠਾ ਕਰਵਾਉਂਦੇ ਸਮੇਂ ਮੰਡਲ ਪ੍ਰਧਾਨ ਰਾਜੇਸ਼ ਟਾਂਗਰੀ,ਬਲਵਿੰਦਰ ਸਿੰਘ ਪੱਡਾ ਹਾਜ਼ਰ ਸਨ!

ਆਵਾਜ਼ਿ ਕੌਮ AWAZE QAUM WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਲੇਰ, ਗਰੇਵਾਲ, ਅਤੇ ਡੱਲਾ ਨੇ ਜਗਰਾਉਂ ਹਲਕੇ ਦੀ ਜਥੇਬੰਦੀ ਢਾਂਚੇ ਦਾ ਕੀਤਾ ਐਲਾਨ

# ਸੀਨੀਅਰ ਆਗੂਆਂ ਨੇ ਨਵ ਨਿਯੁਕਤ ਅਹੁਦੇਦਾਰਾਂ ਨੂੰ ਦਿੱਤੀਆਂ ਮੁਬਾਰਕਾਂ



**ਜਗਰਾਉਂ (ਵਰਿਆਮ ਹਠੂਰ)**-ਅੱਜ ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਜਗਰਾਉਂ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਸ੍ਰੀ ਐਸ ਆਰ ਕਲੇਰ ਦੀ ਅਗਵਾਈ ਹੇਠ ਹਲਕੇ ਦੇ ਨਵ ਨਿਯੁਕਤ ਜੱਥੇਬੰਦਕ ਢਾਂਚੇ ਦਾ ਐਲਾਨ ਕੀਤਾ। ਜਿਸ ਵਿੱਚ ਸਰਕਲ ਹਠੂਰ ਤੋਂ ਸਾਬਕਾ ਸਰਪੰਚ ਰਣਧੀਰ ਸਿੰਘ ਧੀਰਾ ਚਕਰ, ਸਰਕਲ ਮੱਲ੍ਹਾ ਤੋਂ ਸਰਪੰਚ ਪਰਮਿੰਦਰ ਸਿੰਘ ਚੀਮਾ, ਸਰਕਲ ਕਾਉਂਕੇ ਤੋਂ ਸਰਪ੍ਰੀਤ ਸਿੰਘ ਕਾਉਂਕੇ ਕਲਾਂ, ਸਰਕਲ ਸਬਅਰਬਨ ਜਗਰਾਉਂ ਤੋਂ ਸਰਪੰਚ ਸ਼ਿਵਰਾਜ ਸਿੰਘ ਅਗਵਾੜ ਲੋਪੋਂ ਕਲਾਂ, ਸਰਕਲ ਸ਼ਹਿਰੀ ਤੋਂ ਚਰਨਜੀਤ ਸਿੰਘ, ਸਰਕਲ ਗਾਲਿਬ ਤੋਂ ਮਨਦੀਪ ਸਿੰਘ ਗਾਲਿਬ ਕਲਾਂ, ਸਰਕਲ ਗਿੱਦੜਵਿੰਡੀ ਤੋਂ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਕੰਨੀਆ ਤੋਂ ਤਜਿੰਦਰਪਾਲ ਸਿੰਘ ਕੰਨੀਆ ਖੁਰਦ, ਇਨ੍ਹਾਂ ਨੂੰ ਸਰਕਲ ਪ੍ਰਧਾਨ ਨਿਯੁਕਤ ਕੀਤਾ ਅਤੇ ਸੁਖਦੇਵ ਸਿੰਘ ਜੱਗਾ ਸੇਖੋਂ ਕਾਉਂਕੇ ਕਲਾਂ ਨੂੰ ਆਈ ਟੀ ਵਿੰਗ ਹਲਕਾ ਜਗਰਾਉਂ ਦਾ ਪ੍ਰਧਾਨ ਤੇ ਸਾਬਕਾ ਸਰਪੰਚ ਰੇਸ਼ਮ ਸਿੰਘ ਮਾਣੂੰਕੇ ਨੂੰ ਹਲਕਾ ਜਗਰਾਉਂ ਦਿਹਾਤੀ ਦਾ ਐਸ.ਸੀ. ਵਿੰਗ ਦਾ ਪ੍ਰਧਾਨ ਨਿਯੁਕਤ ਕਰਨ ਮੌਕੇ ਸਨਮਾਨਿਤ ਕੀਤਾ । ਇਸ ਮੌਕੇ ਐਸ.ਆਰ. ਕਲੇਰ , ਗੁਰਚਰਨ ਸਿੰਘ ਗਰੇਵਾਲ ਤੇ ਚੰਦ ਸਿੰਘ ਡੱਲਾ ਨੇ ਨਵ ਨਿਯੁਕਤ ਅਹੁਦੇਦਾਰਾਂ ਨੂੰ ਸ਼ੁੱਭ ਇਛਾਵਾਂ ਭੇਂਟ ਕੀਤੀਆਂ। ਇਸ ਮੌਕੇ ਕੋਰ ਕਮੇਟੀ ਮੈਂਬਰ ਸ੍ਰੀ ਐਸ ਆਰ ਕਲੇਰ, ਭਾਈ ਗੁਰਚਰਨ ਸਿੰਘ ਗਰੇਵਾਲ ਤੇ ਪ੍ਰਧਾਨ ਚੰਦ ਸਿੰਘ ਡੱਲਾ ਨੇ ਆਖਿਆ ਕਿ ਨਵ ਨਿਯੁਕਤ ਟੀਮ ਪਾਰਟੀ ਦੇ ਜੱਥਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰੇਗੀ । ਇਸ ਮੌਕੇ ਨਵ ਨਿਯੁਕਤ ਅਹੁਦੇਦਾਰਾਂ ਨੇ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਅਤੇ ਕੋਰ ਕਮੇਟੀ ਮੈਂਬਰ ਐਸ ਆਰ ਕਲੇਰ ਸਾਬਕਾ ਵਿਧਾਇਕ ਜਗਰਾਓਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀ ਚੜ੍ਹਦੀ ਕਲਾ ਤੇ ਪਾਰਟੀ ਦੀ ਮਜਬੂਤੀ ਲਈ ਮਿਹਨਤ ਕਰਨ ਦਾ ਲਿਆ ਅਹਿਦ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਗੁਰਚਰਨ ਸਿੰਘ ਗਰੇਵਾਲ ਮੈਂਬਰ ਐਸ ਜੀ ਪੀ ਸੀ, ਜਿਲਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਦਵਿੰਦਰਜੀਤ ਸਿੰਘ ਸਿੱਧੂ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ ਨੇ ਨਵ ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ। ਇਸ ਮੌਕੇ ਹਰਦੀਪ ਸਿੰਘ ਬੌਬੀ ਅਕਾਲੀ ਆਗੂ, ਹਰਵਿੰਦਰ ਸਿੰਘ ਚਾਵਲਾ, ਗੁਰਸਰਨ ਸਿੰਘ ਮੁਗਲਾਨੀ, ਜਸਕਰਨ ਸਿੰਘ ਸੀ.ਏ., ਪ੍ਰਤਾਪ ਸਿੰਘ ਸੀਨੀਅਰ ਆਗੂ, ਰਸ਼ਪਾਲ ਸਿੰਘ ਚਕਰ, ਰੂਪ ਸਿੰਘ ਬਾਠ ਚਕਰ, ਪੰਚ ਸੁਖਜਿੰਦਰ ਸ਼ਿੰਦਾ ਚਕਰ, ਝਿਲਮਿਲ ਬਾਠ ਪੰਚ ਚਕਰ, ਗੁਰਮੇਲ ਸਿੰਘ ਚਕਰ, ਸਾਬਕਾ ਪੰਚ ਮਹਿੰਦਰ ਸਿੰਘ ਚਕਰ, ਨੰਬਰਦਾਰ ਭੋਲਾ ਸਿੰਘ ਚਕਰ, ਪ੍ਰਦੀਪ ਹੰਸਰਾ ਚਕਰ, ਜੱਗਾ ਚੱਕਰ, ਬੂਟਾ ਸਿੰਘ ਚੱਕਰ, ਕੁਲਦੀਪ ਸਿੰਘ ਚੱਕਰ, ਦਿਲਬਾਗ ਸਿੰਘ ਚਕਰ, ਪ੍ਰਧਾਨ ਰਣਜੀਤ ਸਿੰਘ ਚਕਰ, ਸਰਵੇਸ਼ ਕੁਮਾਰ ਗੁਡਗੋ ਮਾਣੂੰਕੇ, ਸੁਖਮੰਦਰ ਸਿੰਘ ਮਾਣੂੰਕੇ, ਪ੍ਰਧਾਨ ਜਗਜੀਤ ਸਿੰਘ ਡੱਲਾ, ਪੰਚ ਸਾਧੂ ਸਿੰਘ ਮਾਣੂੰਕੇ, ਦਰਸ਼ਨ ਸਿੰਘ ਮਾਣੂੰਕੇ ਤੇ ਹੋਰ ਹਾਜ਼ਰ।

ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੇ ਵਿਦਿਆਰਥੀਆਂ ਵੱਲੋਂ

# ਪਨ ਜੋਏ ਬਠਿੰਡਾ ਦਾ ਲਗਾਇਆ ਟੂਰ



ਬਠਿੰਡਾ -(ਵਰਿਆਮ ਹਠੂਰ) ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵੱਲੋਂ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਸਕੂਲ ਸਟਾਫ਼ ਦੀ ਖ਼ਾਸ ਦੇਖ ਰੇਖ ਹੇਠ ਇੱਕ ਰੋਜ਼ਾ ਵਾਟਰ ਪਾਰਕ ਅਤੇ ਐਡਵੈਂਚਰ ਪਾਰਕ ਯਾਤਰਾ ਪਨ ਜੋਏ (ਬਠਿੰਡਾ) ਕਰਵਾਈ ਗਈ। ਸਤਿਕਾਰਯੋਗ ਤੇ ਮਾਣਮੱਤੀ ਸ਼ਖ਼ਸੀਅਤ ਸਕੂਲ ਦੇ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ, ਸਕੂਲ ਚੇਅਰਮੈਂਨ ਯੋਗਿੰਦਰ ਸ਼ਰਮਾ ਨੇ ਸਕੂਲ ਬੱਸਾਂ ਨੂੰ ਸਕੂਲ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ, ਇਸ ਮੌਕੇ ਉਨ੍ਹਾਂ ਕਿਹਾ ਕਿ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਵਿੱਦਿਆ ਦੇ ਨਾਲ ਨਾਲ ਮਨੋਰੰਜਨ ਸਰਗਰਮੀਆਂ ਦਾ ਹੋਣਾ ਵੀ ਜ਼ਰੂਰੀ ਹੈ। ਤੇ ਬੱਚੇ ਇਸ ਟੂਰ ਲਈ ਬਹੁਤ ਉਤਸ਼ਾਹਿਤ ਸਨ। ਸਾਡੇ ਸਕੂਲ ਵੱਲੋਂ ਅਜਿਹੇ ਉਪਰਾਲੇ ਸਮੇਂ ਸਮੇਂ ਨਾਲ ਕੀਤੇ ਜਾਂਦੇ ਹਨ। ਤਾਂ ਜੋ ਬੱਚਿਆਂ ਦਾ ਸਰਬਪੱਖੀ ਵਿਕਾਸ ਹੋ ਸਕੇ। ਇਸ ਟੂਰ ਵਿੱਚ ਛੇਵੀ ਜਮਾਤ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਸਕੂਲੀ ਵਿਦਿਆਰਥੀਆਂ ਨੇ ਹਿੱਸਾ ਲਿਆ, ਬੱਚਿਆਂ ਦੇ ਚਿਹਰਿਆਂ ਤੇ ਖ਼ੁਸ਼ੀ ਦੀਆਂ ਛੱਲਾਂ ਵੱਜਦੀਆਂ ਸਾਫ਼ ਵਿਖਾਈ ਦੇ ਰਹੀਆਂ ਸਨ। ਇਸ ਯਾਤਰਾ ਦੌਰਾਨ ਵਿਦਿਆਰਥੀਆਂ ਨੇ ਬਹੁਤ ਆਨੰਦ ਮਾਣਿਆ। ਵਿਦਿਆਰਥੀਆਂ ਨੇ ਪਾਣੀ ਵਿਚ ਡੁੱਬਕੀਆਂ ਲਗਾਉਣ ਦਾ ਆਨੰਦ ਮਾਣਿਆ। ਲਹਿਰਾਂ ਤੇ ਬੱਚਿਆਂ ਦੀ ਖ਼ੁਸ਼ੀ ਦੇਖਣ ਯੋਗ ਸੀ। ਜਿਸ ਦੀਆਂ ਸਕੂਲ ਸਟਾਫ਼ ਵੱਲੋਂ ਯਾਦਗਾਰੀ ਤਸਵੀਰਾਂ ਵੀ ਲਈਆਂ, ਵਿਦਿਆਰਥੀਆਂ ਵੱਲੋਂ ਮਾਣੀਆਂ ਜਾਣ ਵਾਲੀਆਂ ਹੋਰ ਮਨੋਰੰਜਕ ਸਰਗਰਮੀਆਂ ਵਿੱਚ 5-ਡੀ ਸ਼ੋਅ, ਝੂਤਰੇ, ਘਰ ਸ਼ੀਸ਼ੇ ਦੀਆਂ ਮੇਜ਼ਾਂ, ਬੰਜੀ ਜੰਪਿੰਗ ਆਦਿ ਸ਼ਾਮਲ ਸਨ। ਬੱਚਿਆਂ ਨੇ ਹੋਰ ਕਈ ਦਿਲਚਸਪ ਸਰਗਰਮੀਆਂ ਦਾ ਆਨੰਦ ਮਾਣਿਆ, ਤੇ ਸਕੂਲ ਮੈਨੇਜਮੈਂਟ ਅਤੇ ਸਕੂਲ ਸਟਾਫ਼ ਦਾ ਧੰਨਵਾਦ ਕੀਤਾ, ਸਕੂਲ ਸਟਾਫ਼ ਵੱਲੋਂ ਬੱਚਿਆਂ ਦੀ ਖ਼ਾਸ ਦੇਖ ਰੇਖ ਵਿੱਚ ਸਕੂਲ ਵਾਪਸ ਜਾਣ ਵੇਲੇ 'ਤੇ ਵਿਦਿਆਰਥੀਆਂ ਦਾ ਸਵਾਗਤ ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਵੱਲੋਂ ਕੀਤਾ ਗਿਆ। ਜਦੋਂ ਬੱਚੇ ਵਾਪਸ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਵਾਪਸ ਪਹੁੰਚੇ ਤਾਂ ਬਹੁਤ ਖੁਸ਼ ਸਨ। ਅਤੇ ਉਹਨਾ ਨੇ ਆਪਣੀ ਖ਼ੁਸ਼ੀ ਨੂੰ ਸਭ ਨਾਲ ਸਾਂਝਾ ਕੀਤਾ। ਮਾਪਿਆਂ ਨੇ ਵੀ ਸਕੂਲ ਦੌਰੇ ਦੀ ਸ਼ਲਾਘਾ ਕੀਤੀ। ਸਕੂਲ ਪ੍ਰਧਾਨ ਸਰਦਾਰ ਚਰਨ ਸਿੰਘ ਤੇ ਚੇਅਰਮੈਨ ਯੋਗਿੰਦਰ ਸ਼ਰਮਾ ਨੇ ਕਿਹਾ ਕਿ ਸਕੂਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਹਮੇਸ਼ਾ ਮੋਹਰੀ ਰਹੇਗਾ ਅਤੇ ਉਨ੍ਹਾਂ ਭਰੋਸਾ ਵੀ ਦਿੱਤਾ ਕਿ ਭਵਿੱਖ ਵਿਚ ਵੀ ਅਜਿਹੀਆਂ ਸਰਗਰਮੀਆਂ ਜਾਰੀ ਰਹਿਣਗੀਆਂ।



**ਪ੍ਰਧਾਨ ਚਰਨ ਸਿੰਘ ਅਤੇ ਚੇਅਰਮੈਨ ਯੋਗਿੰਦਰ ਸ਼ਰਮਾ ਨੇ ਬੱਸਾਂ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ**

## ਗੁਰਦਿੱਤ ਸਿੰਘ ਅਤੇ ਪੱਤਰਕਾਰ ਰੇਸ਼ਮ ਸਿੰਘ ਦਾਦੂ ਵਲੋਂ ਆਪਣੇ ਪਿਤਾ ਸਵ: ਨੇਤ ਸਿੰਘ ਦੀ ਯਾਦ ਵਿੱਚ ਪੌਦਾ ਲਗਾਇਆ ਗਿਆ

**ਵਾਤਾਵਰਨ ਨੂੰ ਬਚਾਉਣ ਲਈ ਫੁੱਲ ਚੁੱਗਣ ਤੋਂ ਬਾਅਦ ਬਚੀ ਰਾਖ ਨੂੰ ਖੇਤ ਪਾ ਕੇ ਲਾਇਆ ਪੌਦਾ- ਪੱਤਰਕਾਰ ਰੇਸ਼ਮ ਸਿੰਘ ਦਾਦੂ**



ਕਾਲਾਂਵਾਲੀ/ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)- ਨੌਜਵਾਨੀ ਨੂੰ ਨਵੀਂ ਸੇਧ ਦੇਣ ਲਈ ਗੁਰਦਿੱਤ ਸਿੰਘ, ਪੱਤਰਕਾਰ ਰੇਸ਼ਮ ਸਿੰਘ ਦਾਦੂ ਵੱਲੋਂ ਆਪਣੇ ਪਿਤਾ ਸਵ: ਨੇਤ ਸਿੰਘ ਦੀ ਯਾਦ ਵਿੱਚ ਪੌਦਾ ਲਗਾਇਆ। ਗੱਲਬਾਤ ਦੌਰਾਨ ਪੱਤਰਕਾਰ ਰੇਸ਼ਮ ਦਾਦੂ ਨੇ ਦੱਸਿਆ ਕਿ ਉਹਨਾਂ ਵਲੋਂ ਆਪਣੇ ਪਿਛਲੇ ਦਿਨੀਂ ਸਵਰਗਵਾਸ ਹੋਏ ਆਪਣੇ ਪਿਤਾ ਸਵ: ਨੇਤ ਸਿੰਘ ਦੀ ਯਾਦ ਵਿੱਚ ਵਾਤਾਵਰਨ ਨੂੰ ਬਚਾਉਣ ਲਈ ਫੁੱਲ ਚੁਗਣ ਤੋਂ ਬਾਅਦ ਜੋ ਰਾਖ ਬਚੀ ਉਸ ਨੂੰ ਖੇਤ ਪਾ ਕੇ ਫਲਦਾਰ ਪੌਦਾ ਲਗਾਇਆ ਗਿਆ। ਉਹਨਾਂ ਆਖਿਆ ਕਿ ਕਈ ਲੋਕ ਇਸ ਰਾਖ ਨੂੰ ਨਹਿਰਾਂ ਵਿੱਚ ਵਹਾ ਦਿੰਦੇ ਹਨ ਜੀਹਦੇ ਨਾਲ ਪੀਣ ਵਾਲਾ ਵੀ ਦੂਸ਼ਿਤ ਹੁੰਦਾ ਹੈ। ਉਹਨਾਂ ਆਖਿਆ ਕਿ ਜੋ ਜੀਵ ਇਸ ਦੁਨੀਆਂ ਤੇ ਆਇਆ ਹੈ ਜਾਣਾ ਸਭ ਨੇ ਹੈ ਪਰ ਸਾਨੂੰ ਸਾਡੀ ਹਵਾ, ਪਾਣੀ ਅਤੇ ਮਿੱਟੀ ਨੂੰ ਸਾਫ ਸੁਥਰਾ ਰੱਖਣਾ ਚਾਹੀਦਾ ਹੈ ਕਿਉਂਕਿ ਸਾਡੇ ਤੋਂ ਬਾਅਦ ਵੀ ਇਸ ਧਰਤੀ ਤੇ ਜੀਵਾਂ ਨੇ ਰਹਿਣਾ ਹੈ ਇਸ ਲਈ ਵਾਤਾਵਰਨ ਨੂੰ ਸਾਫ ਰੱਖਣ ਲਈ ਵੱਧ ਤੋਂ ਵੱਧ ਪੇੜ ਪੌਦੇ ਲਗਾਏ ਜਾਣ। ਇਸ ਮੌਕੇ ਗੁਰਦਿੱਤ ਸਿੰਘ, ਪੱਤਰਕਾਰ ਰੇਸ਼ਮ ਸਿੰਘ ਦਾਦੂ, ਅਮਰਜੀਤ ਸਿੰਘ ਰਾਮਾਂ ਮੰਡੀ, ਸੁਖਮੰਦਰ ਸਿੰਘ, ਮਲਕੀਤ ਸਿੰਘ, ਲਖਵੀਰ ਸਿੰਘ, ਸਰਬਜੀਤ ਕੌਰ, ਚਰਨਜੀਤ ਕੌਰ, ਸੰਦੀਪ ਕੌਰ, ਰਾਜਪ੍ਰੀਤ ਕੌਰ, ਕਮਲਜੀਤ ਕੌਰ, ਕੁਲਵੀਰ ਕੌਰ ਆਦਿ ਪਰਿਵਾਰ ਹਾਜਰ ਸਨ।

## ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝਾ ਫਰੰਟ ਵੱਲੋਂ ਪੰਜਾਬ ਸਰਕਾਰ ਦਾ ਅਰਥੀ ਫੂਕ ਮੁਜਾਹਰਾ 8 ਨੂੰ



ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)- ਪੰਜਾਬ ਮੁਲਾਜਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਦੀ 28 ਜੁਲਾਈ ਨੂੰ ਜੂਮ ਤੇ ਹੋਈ ਮੀਟਿੰਗ ਦੇ ਫੈਸਲੇ ਅਨੁਸਾਰ ਸਾਂਝਾ ਫਰੰਟ ਜ਼ਿਲਾ ਬਠਿੰਡਾ ਦੇ ਬਲਾਕ ਤਲਵੰਡੀ ਸਾਬੋ ਦੇ ਮੁਲਾਜ਼ਮ ਪੈਨਸ਼ਨਰਜ਼ ਸਾਥੀਆਂ ਦੀ ਮੀਟਿੰਗ ਅੱਜ ਸਥਾਨਕ ਮੀਟਿੰਗ ਹਾਲ ਵਿੱਚ ਕੀਤੀ ਗਈ, ਜਿਸ ਵਿੱਚ 8 ਅਗਸਤ ਨੂੰ ਤਲਵੰਡੀ ਸਾਬੋ ਵਿਖੇ ਹੋਣ ਵਾਲੇ ਸਰਕਾਰ ਵਿਰੋਧੀ ਅਰਥੀ ਫੂਕ ਮੁਜ਼ਾਹਰੇ ਪ੍ਰਤੀ ਤਿਆਰੀ ਕੀਤੀ ਗਈ। ਜਥੇਬੰਧਕ ਆਗੂਆਂ ਨੇ ਇਸ ਮੀਟਿੰਗ ਦੌਰਾਨ ਇਸ ਰੋਸ ਮੁਜ਼ਾਹਰੇ ਨੂੰ ਸਫਲ ਬਣਾਉਣ ਦੇ ਲਈ ਆਪਣੇ ਵਿਚਾਰ ਰੱਖੇ ਅਤੇ 8 ਅਗਸਤ ਸਬੰਧੀ ਰਣਨੀਤੀ ਤਿਆਰ ਕੀਤੀ ਗਈ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਅਰਥੀ ਫੂਕ ਮੁਜਾਹਰੇ ਦੀਆਂ ਤਿਆਰੀਆਂ ਪੂਰੀਆਂ ਜ਼ੋਰਾਂ 'ਤੇ ਕੀਤੀਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਇਸ ਵਾਰ ਦੇ ਰੋਸ ਮੁਜ਼ਾਹਰੇ ਦੇ ਨਾਲ ਪੂਰੇ ਜ਼ੋਰ-ਸ਼ੋਰ ਦੇ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਆਵਾਜ਼ ਸਰਕਾਰ ਦੇ ਕੰਨਾਂ ਤੱਕ ਪਹੁੰਚਦੀ ਕੀਤੀ ਜਾਵੇਗੀ। ਇਸ ਸਮੇਂ ਪੈਨਸ਼ਨਰਜ਼ ਆਗੂ ਪ੍ਰਧਾਨ ਧੰਨਾ ਸਿੰਘ ਨੇ ਦੱਸਿਆ ਕਿ ਅਰਥੀ ਫੂਕ ਮੁਜ਼ਾਹਰੇ ਦੀ ਪਹਿਲੀ ਥਾਂ ਤਲਵੰਡੀ ਸਾਬੋ ਕਚਹਿਰੀ ਗੇਟ ਸੀ ਜੋ ਕਿ ਮੌਸਮ ਦੇ ਤਕਾਜ਼ੇ ਨੂੰ ਮੱਦੇਨਜ਼ਰ ਰੱਖਦੇ ਹੋਏ ਹੁਣ ਇਹ ਅਰਥੀ ਫੂਕ ਮੁਜਾਹਰਾ ਬਾਬਾ ਡੱਲ ਸਿੰਘ ਪਾਰਕ ਨੇੜੇ ਪੁਰਾਣਾ ਬੱਸ ਅੱਡਾ ਤੋਂ ਸ਼ੁਰੂ ਕਰਕੇ ਖੰਡਾ ਚੌਕ ਤੱਕ ਕੀਤਾ ਜਾਵੇਗਾ। ਆਗੂਆਂ ਵਲੋਂ ਦੱਸਿਆ ਕਿ ਮੁਲਾਜ਼ਮਾਂ ਦੀਆਂ ਮੰਗਾਂ ਜਿਵੇਂ ਕਿ ਪੁਰਾਣੀ ਪੈਨਸ਼ਨ ਸਕੀਮ, ਲਾਗੂ ਕਰਨਾ, ਡੀ.ਏ ਦੇ ਰਹਿੰਦੇ ਬਕਾਏ ਦੀ ਅਦਾਇਗੀ, ਨਵੇਂ ਭਰਤੀ ਮੁਲਾਜਮਾਂ ਤੇ ਪੰਜਾਬ ਸਕੇਲ ਲਾਗੂ ਕਰਵਾਉਣ, ਕੱਚੇ ਮੁਲਾਜ਼ਮ ਨੂੰ ਪੱਕੇ ਕਰਨ, ਠੇਕਾ ਅਧੀਨ ਭਰਤੀ ਕਰਨਾ, ਪੈਨਸ਼ਨ ਵਾਲੇ ਰਿਟਾਇਰ ਮੁਲਾਜ਼ਮਾਂ ਨੂੰ 2.59 ਦਾ ਗੁਣਾਕ ਨਾਲ ਪੈਨਸ਼ਨ ਨਾ ਦੇਣਾ, ਆਸ਼ਾ ਵਰਕਰਾਂ ਦਾ ਮਾਣਭੱਤਾ ਵਧਾਉਣ ਬਾਰੇ ਹੋਰ ਬਹੁਤ ਸਾਰੀਆਂ ਮੰਗਾਂ ਬਾਰੇ ਰੋਸ ਰੈਲੀ ਅਰਥੀ ਫੂਕ ਮੁਜਾਹਰਾ ਕੀਤਾ ਜਾ ਰਿਹਾ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ.ਸ.ਸ.ਫ (ਵਿਗਿਆਨਕ) ਦੇ ਭੁਪਿੰਦਰਪਾਲ ਕੌਰ, ਰਾਜੇਸ਼ ਕੁਮਾਰ ਮੌੜ, ਕੁਲਦੀਪ ਸਿੰਘ ਸੰਗਤ, ਅਮਨਦੀਪ ਸਿੰਘ ਗਿਆਨਾ, ਡੈਮੋਕ੍ਰੇਟਿਕ ਟੀਚਰ ਫਰੰਟ ਦੇ ਬਲਾਕ ਪ੍ਰਧਾਨ ਭੋਲਾ ਰਾਮ ਤਲਵੰਡੀ ਤੇ ਪਰਮਜੀਤ ਸਿੰਘ ਸੰਗਤ, ਸ੍ਰੀ ਲਖਵੀਰ ਸਿੰਘ ਭਾਗੀਵਾਂਦਰ ਪ.ਸ.ਸ.ਫ ਫੈਡਰੇਸ਼ਨ 1406 ਰਾਣਾ ਗਰੁੱਪ, ਡੈਮੋਕ੍ਰੇਟਿਕ ਮੁਲਾਜਮ ਫੈਡਰੇਸ਼ਨ, ਪੰਜਾਬ ਦੇ ਬਲਾਕ ਦੇ ਆਗੂ ਮੋਹਨ ਸਿੰਘ, ਦੀ ਕਲਾਸ ਫ਼ੋਰ ਯੂਨੀਅਨ ਦੇ ਬਲਾਕ ਪ੍ਰਧਾਨ ਸ੍ਰੀ ਵੀਰਭਾਨ, ਪੈਨਸ਼ਨਰਜ਼ ਐਸੋਸੀਏਸ਼ਨ ਗੌਰਮਿੰਟ ਪੰਜਾਬ ਦੇ ਆਗੂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਨੰਦਪੁਰ ਸਾਹਿਬ ਪਹੁੰਚ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਭਿਖਾਰੀਆਂ ਨੂੰ ਕੀਤਾ ਕਾਬੂ

# ਜੰਤਰੀਆਂ ਵੇਚਣ ਦੇ ਬਹਾਨੇ ਮੰਗਦੇ ਭੀਖ ਕਰਦੇ ਸੰਗਤਾਂ ਨੂੰ ਤੰਗ ਪ੍ਰੇਸ਼ਾਨ : ਸੋਨੂੰ ਜੰਡਿਆਲਾ



**ਜੰਡਿਆਲਾ ਗੁਰੂ 6 ਅਗਸਤ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਵਿੱਚ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਦਾ ਕੰਮ ਬੜੀ ਤੇਜ਼ੀ ਨਾਲ ਚੱਲ ਰਿਹਾ ਹੈ ਹੁਣ ਹਰ ਲਾਈਟ ਚੌਂਕ ਨੂੰ ਛੱਡ ਕੇ ਧਾਰਮਿਕ ਸਥਾਨਾਂ ਦੇ ਬਾਹਰ ਭਿਖਾਰੀਆਂ ਦਾ ਕੰਮ ਸ਼ੁਰੂ ਹੋ ਗਿਆ ਹੈ ਤੇ ਸੰਗਤ ਨੂੰ ਕਰਦੇ ਨੇ ਪਰੇਸ਼ਾਨ ਤੇ ਨਵੇਂ ਨਵੇਂ ਤਰੀਕੇ ਲੱਭ ਕੇ ਮੰਗਦੇ ਨੇ ਭੀਖ ਅਨੰਦਪੁਰ ਸਾਹਿਬ ਦੀ ਧਰਤੀ ਤੇ ਸਿਰਾਂ ਤੇ ਦੁਮਾਲੇ ਬੰਨ ਕੇ ਜੰਤਰੀਆਂ ਵੇਚਣ ਦੀ ਆੜ ਵਿੱਚ ਕਿਵੇਂ ਸੰਗਤ ਦੀਆਂ ਭਾਵਨਾ ਨਾਲ ਖੇਡਿਆ ਜਾ ਰਿਹਾ ਹੈ ਤੇ ਕਿਵੇਂ ਭੀਖ ਮੰਗਣ ਦਾ ਨਵਾਂ ਤਰੀਕਾ ਲੱਭ ਲਿਆ ਹੈ ਇਹਨਾਂ ਲੋਕਾਂ ਨੇ ਛੋਟੇ ਛੋਟੇ ਬੱਚੇ ਹੱਥ ਵਿੱਚ ਜੰਤਰੀਆਂ ਫੜ ਕੇ ਲੋਕਾਂ ਤੋਂ ਸਕੂਲ ਦੀ ਫੀਸ ਮੰਗਦੇ ਨੇ ਇਹ ਕੰਮ ਨਵੇਂ ਤਰੀਕੇ ਨਾਲ ਸ਼ੁਰੂ ਕਰ ਦਿੱਤਾ ਹੈ ਜਦ ਇਸ ਦੀ ਜਾਣਕਾਰੀ ਸਿੱਖ ਆਗੂ ਤੇ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੂੰ ਲੱਗੀ ਤੇ ਉਹ ਤੁਰੰਤ ਆਪਣੀ ਟੀਮ ਸਮੇਤ ਅਨੰਦਪੁਰ ਸਾਹਿਬ ਦੀ ਧਰਤੀ ਤੇ ਪਹੁੰਚ ਗਏ ਤੇ ਇਹਨਾਂ ਨੂੰ ਰੰਗੇ ਹੱਥੀ ਕਾਬੂ ਕਰ ਲਿਆ ਜਦ ਇੱਕ ਸਿੱਖ ਨੌਜਵਾਨ ਅਨੰਦਪੁਰ ਸਾਹਿਬ ਦੀ ਪਾਰਕਿੰਗ ਦੇ ਵਿੱਚ ਆ ਕੇ ਸਮਾਜ ਸੇਵੀ ਨੂੰ ਹੀ ਕਹਿੰਦਾ ਕਿ ਮੇਰੇ ਮਾਤਾ ਪਿਤਾ ਮਰ ਚੁੱਕੇ ਨੇ ਤੇ ਮੈਂ ਸਕੂਲ ਵਿੱਚ ਪੜਦਾ ਹਾਂ ਤੇ ਮੇਰੀ ਫੀਸ ਦੇ ਲਈ ਮੈਨੂੰ 500 ਦੇ ਦਿਓ ਉਹਨਾਂ ਨੇ ਕਿਹਾ ਕਿ ਮੈਂ ਤੇਰੇ ਦੋ ਸਾਲ ਦੀ ਪੰਜ ਸਾਲ ਦੀ ਜਿੰਨੇ ਚਿਰ ਦੀ ਕਹੇਗਾ ਫੀਸ ਦੇ ਦਵਾਂਗਾ ਤੇ ਚੱਲ ਮੈਂ ਤੇਰੇ ਨਾਲ ਸਕੂਲ ਚੱਲਦਾ ਹਾਂ ਬੱਚੇ ਨੇ ਸਕੂਲ ਜਾਣ ਤੋਂ ਮਨਾ ਕਰ ਦਿੱਤਾ ਤੇ ਇਲਾਕਾ ਨਿਵਾਸੀਆਂ ਨੇ ਜਦੋਂ ਸਮਾਜ ਸੇਵੀ ਨੂੰ ਪਹਿਚਾਣ ਲਿਆ ਕਿ ਇਹ ਉਹ ਨੇ ਜਿਨਾਂ ਨੇ ਭਿਖਾਰੀਆਂ ਦੇ ਖਿਲਾਫ ਪੰਜਾਬ ਵਿੱਚ ਮੁਹਿਮ ਚਲਾਈ ਹੈ ਤੇ ਉਹਨਾਂ ਨੇ ਦੱਸਿਆ ਕਿ ਇਹ ਛੋਟੇ ਛੋਟੇ ਬੱਚਿਆਂ ਨੇ ਇੱਥੇ ਬਹੁਤ ਜਿਆਦਾ ਸੰਗਤ ਨੂੰ ਪਰੇਸ਼ਾਨ ਕੀਤਾ ਹੈ ਤੇ ਆਉਂਦੇ ਜਾਂਦੇ ਲੋਕਾਂ ਤੋਂ ਪੈਸੇ ਮੰਗਦੇ ਨੇ ਤੇ ਨਾ ਖਲਾਫ ਸਖਤ ਤੋਂ ਸਖਤ ਕਾਰਵਾਈ ਕਰਵਾਓ ਇਹ ਲੋਕ ਮੀਟ ਸ਼ਰਾਬ ਤੇ ਨਸ਼ਾ ਵੀ ਕਰਦੇ ਨੇ ਤੇ ਕਈ ਵਾਰ ਇਹ ਲੋਕ ਚੋਰੀਆਂ ਵੀ ਕਰਦੇ ਨੇ ਸੋਨੂੰ ਜੰਡਿਆਲਾ ਨੇ ਉਸ ਬੱਚੇ ਨੂੰ ਪਹਿਲਾਂ ਪਿਆਰ ਨਾਲ ਸਮਝਾਇਆ ਤੇ ਚੇਤਾਵਨੀ ਦਿੱਤੀ ਕਿ ਜੇਕਰ ਤੂੰ ਪੜਨਾ ਚਾਹੁੰਦਾ ਹੈ ਤਾਂ ਅਸੀਂ ਤੈਨੂੰ ਪੜਾਵਾਂਗੇ ਜੇਕਰ ਤੂੰ ਸੰਗਤ ਤੋਂ ਪੈਸੇ ਮੰਗੇਗਾ ਤੇ ਅਸੀਂ ਤੇਰੇ ਖਿਲਾਫ ਕਾਰਵਾਈ ਕਰਵਾਵਾਂਗੇ ਗੱਲਬਾਤ ਕਰਦੇ ਹੋਏ ਸੋਨੂ ਜੰਡਿਆਲਾ ਨੇ ਦੱਸਿਆ ਕਿ ਉਹਨਾਂ ਨੇ ਰੋਪੜ ਦੇ ਡੀਸੀ ਨੂੰ ਇੱਕ ਹਫਤਾ ਪਹਿਲਾਂ ਹੀ ਕੰਪਲੇਂਟ ਕਰ ਦਿੱਤੀ ਸੀ ਤੇ ਦੱਸਿਆ ਸੀ ਕਿ ਅਨੰਦਪੁਰ ਸਾਹਿਬ ਦੀ ਧਰਤੀ ਤੇ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਦਾ ਕੰਮ ਬੜੀ ਤੇਜ਼ੀ ਨਾਲ ਚੱਲ ਰਿਹਾ ਹੈ ਤੇ ਜਿਲਾ ਬਾਲ ਵਿਭਾਗ ਨੇ ਕਾਰਵਾਈ ਕਰਦਿਆਂ 8 ਬੱਚਿਆਂ ਨੂੰ ਇਸ ਜਗਹਾ ਤੋਂ ਰੈਸਕਿਊ ਕੀਤਾ ਸੀ ਉਹਨਾਂ ਦੱਸਿਆ ਕਿ ਹੁਣ ਅਸੀਂ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਰਲ ਕੇ ਬਹੁਤ ਜਲਦ ਇੱਥੇ ਭੀਖ ਮੰਗਣ ਵਾਲਿਆਂ ਤੇ ਮੰਗਾਉਣ ਵਾਲਿਆਂ ਦੇ ਖਿਲਾਫ ਸਖਤ ਕਾਰਵਾਈ ਕਰਾਂਗੇ ਤੇ ਲੋਕਾਂ ਨੂੰ ਉਹਨਾਂ ਨੇ ਬੇਨਤੀ ਕੀਤੀ ਕਿ ਜੋ ਲੋਕ ਗੁਰੂ ਘਰ ਦਰਸ਼ਨਾਂ ਲਈ ਆਉਂਦੇ ਨੇ ਉਹ ਛੋਟੇ ਛੋਟੇ ਬੱਚਿਆਂ ਨੂੰ ਪੈਸੇ ਨਾ ਦੇਣ ਕਿਉਂਕਿ ਇਹਨਾਂ ਪੈਸਿਆਂ ਦੀ ਦੁਰਵਰਤੋਂ ਹੁੰਦੀ ਹੈ ਇਹਨਾਂ ਬੱਚਿਆਂ ਦੀ ਪੜ੍ਹਨ ਦੀ ਉਮਰ ਹੈ ਨਾ ਕਿ ਭੀਖ ਮੰਗਣ ਦੀ ਭੀਖ ਮੰਗਣਾ ਕਾਨੂੰਨਨ ਅਪਰਾਧ ਆਖਰ ਵਿੱਚ ਉਹਨਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਰੋਪੜ ਤੇ ਐਸਜੀਪੀਸੀ ਤੇ ਆਮ ਲੋਕਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਜਿਨਾਂ ਨੇ ਉਸ ਇਸ ਚੱਲ ਰਹੀ ਮੁਹਿੰਮ ਵਿੱਚ ਉਹਨਾਂ ਦਾ ਵੱਧ ਚੜ ਕੇ ਸਾਥ ਦਿੱਤਾ ਇਸ ਮੌਕੇ ਤੇ ਹਾਜ਼ਰ ਸਰਬਜੀਤ ਸਿੰਘ ਸੁਖਵੰਤ ਸਿੰਘ ਅੰਮ੍ਰਿਤ ਪਾਲ ਸਿੰਘ ਗੁਰਪ੍ਰੀਤ ਸਿੰਘ ਸਿਮਰਦੀਪ ਸਿੰਘ ਦਮਨਦੀਪ ਸਿੰਘ ਸਕੱਤਰ ਸਿੰਘ ਹਰਮਨਪ੍ਰੀਤ ਜਸਪਾਲ ਸਿੰਘ ਆਦਿ ਹਾਜ਼ਰ ਸਨ।

ਜੋ ਮਨਮਤ ਪ੍ਰਿਤਪਾਲ ਸਿੰਘ ਬਰਗਾੜੀ ਕਰ ਰਿਹਾ ਹੈ

# ਡਟ ਕੇ ਵਿਰੋਧ ਹੋਣਾ ਚਾਹੀਦਾ ਹੈ : ਭਾਈ ਸੁਖਜੀਤ ਸਿੰਘ ਖੋਸੇ




ਬੜੇ ਹੀ ਅਫਸੋਸ ਨਾਲ ਲਿਖ ਰਿਹਾ ਹਾਂ ਕਿ ਮੇਰੀ ਕੌਮ ਦੇ ਵਾਰਿਸ ਢਾਡੀ ਕਵੀਸ਼ਰ ਪ੍ਰਚਾਰਕਾਂ ਵਿੱਚੋ ਨੌਜਵਾਨ ਪ੍ਰਚਾਰਕ ਵੀਰ ਪ੍ਰਿਤਪਾਲ ਸਿੰਘ ਬਰਗਾੜੀ ਨੂੰ ਆਰਥਿਕ ਤੌਰ ਤੇ ਕਾਫੀ ਵੱਡੀ ਸੱਟ ਵੱਜੀ ਹੈ। ਉਸ ਦਾ ਪੁੱਤਾਂ ਵਾਗੂ ਪਾਲਿਆ ਘੋੜਾ ਬਿਮਾਰੀ ਦੀ ਤਾਬ ਨਾ ਝੱਲਦਿਆ ਚੜਾਈ ਕਰ ਗਿਆ।ਜਾਨਵਰ ਨਾਲ ਪਿਆਰ ਹੁੰਦਾ ਵਿਛੋੜਾ ਝੱਲਣਾ ਵੀ ਔਖਾ ਹੁੰਦਾ ਪਰ ਮੈਨੂੰ ਹੈਰਾਨੀ ਉਸ ਵੇਲੇ ਹੋਈ ਜਦੋ ਮੈ ਘੋੜੇ ਦੀ ਅੰਤਿਮ ਅਰਦਾਸ ਸਮਾਗਮ ਵਾਲੀ ਪੋਸਟ ਦੇਖੀ ਮੈ ਇਸ ਨੌਜਵਾਨ ਨੂੰ ਫੋਨ ਰਾਹੀ ਸਮਝਾਉਣ ਦੀ ਕੋਸ਼ਿਸ਼ ਕੀਤੀ ਇਸ ਨੌਜਵਾਨ ਨੇ ਸਮਝਣ ਦੀ ਬਜਾਏ ਹੋਰ ਲੋਕਾਂ ਦੇ ਘੋੜਿਆਂ ਦੀ ਅੰਤਿਮ ਅਰਦਾਸ ਵਾਲੇ ਕਾਰਡ ਭੇਜ ਕਿ ਇਹ ਦੱਸਣ ਦੀ ਕੋਸ਼ਿਸ਼ ਕੀਤੀ ਕਿ ਇਹ ਤਾਂ ਪਹਿਲਾ ਵੀ ਲੋਕ ਕਰਦੇ ਨੇ ਮੈ ਵੀ ਇਸੇ ਤਰਾਂ ਹੀ ਕਰਾਂਗਾ ਇਸ ਤੋ ਸਪੱਸ਼ਟ ਹੋ ਗਿਆ ਕਿ ਇਹ ਸਿਰਫ ਬਾਹਾਂ ਕੱਢ ਕੱਢ ਲੋਕਾਂ ਨੂੰ ਅਮੋਸਨਿਲ ਕਰਕੇ ਪੈਸੇ ਇਕੱਠੇ ਕਰਨ ਵਾਲੇ ਹੀ ਹਨ ਅਤੇ ਸਿੱਖੀ ਸਿਧਾਤਾਂ ਨਾਲ ਇਹਨਾਂ ਲੋਕਾਂ ਦਾ ਦੂਰ ਦੂਰ ਦਾ ਵੀ ਵਾਹ ਵਾਸਤਾ ਨਹੀ ਹੈ। ਇਹ ਲੋਕ ਸਿਰਫ ਚੰਦ ਸ਼ਿਲੜਾ ਖਾਤਰ ਹੀ ਹਾਲ ਦੁਹਾਈ ਪਉਦੇ ਹਨ ਮੈ ਆਪ ਜੀ ਨੂੰ ਪੋਸਟ ਰਾਹੀ ਬੇਨਤੀ ਕਰਨੀ ਚਾਹੁੰਦਾ ਹਾਂ ਕਿ ਇਹ ਜੋ ਮਨਮਤ ਪ੍ਰਿਤਪਾਲ ਸਿੰਘ ਬਰਗਾੜੀ ਰਿਹਾ ਹੈ ਇਸ ਦਾ ਢੱਟ ਕਿ ਵਿਰੋਧ ਹੋਣਾ ਚਾਹੀਦਾ ਐ ਨਹੀ ਤਾਂ ਆਉਣ ਵਾਲੇ ਦਿਨਾਂ ਵਿੱਚ ਲੋਕ ਆਪਣੇ ਪਾਲਤੂ ਜਾਨਵਰ ਕੁੱਤਿਆ, ਬਿੱਲੀਆ, ਮੱਝਾਂ ,ਗਾਵਾਂ ,ਊਠ, ਖੱਚਰਾਂ ਆਦਿ ਦੇ ਭੋਗ ਵੀ ਪਾਉਣਗੇ ਦੇਖਣਾ ਇਹ ਹੋਵੇਗਾ ਕੀ ਅੱਜਕਲ ਸਾਡੇ ਜਥੇਦਾਰ ਸੋਸਲ ਮੀਡੀਆ ਉਪਰ ਬਹੁਤ ਪਕੜ ਰੱਖਦੇ ਹਨ ਕਿ ਇਸ ਮਨਮਤ ਨੂੰ ਰੋਕਣ ਵਾਸਤੇ ਵੀ ਕੋਈ ਯੋਗ ਉਪਰਲਾ ਕਰਨਗੇ।

**ਵੱਲੋਂ- ਭਾਈ ਸੁਖਜੀਤ ਸਿੰਘ ਖੋਸੇ**

# 15 ਅਗਸਤ, ਸਿੱਖਾਂ ਨੂੰ ਕਾਲ਼ੇ ਦਿਨ ਵਜੋਂ ਮਨਾਉਣ ਦੀ ਅਪੀਲ: ਪੰਥਕ ਜਥੇਬੰਦੀਆਂ ਜਰਮਨੀ

## ਫਰੈਂਕਫੋਰਟ (ਜਰਮਨੀ) ਭਾਰਤੀ ਕੌਂਸਲਖਾਨੇ ਸਾਹਮਣੇ ਕੀਤਾ ਜਾਵੇਗਾ ਰੋਹ ਪ੍ਰਦਰਸ਼ਨ



**ਨਵੀਂ ਦਿੱਲੀ, 6 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-ਬਰਤਾਨੀ ਗੋਰਿਆ ਤੋ 15 ਅਗਸਤ 1947 ਨੂੰ ਭਾਰਤ ਤੇ ਪਾਕਿਸਤਾਨ ਨੂੰ ਮਿਲੀ ਅਜ਼ਾਦੀ ਸਮੇਂ ਸਿੱਖਾਂ ਦੇ ਭਾਰਤ ਨਾਲ ਜਾਣ ਦਾ ਫੈਸਲਾ ਇਸ ਕਰਕੇ ਲਿਆ ਸੀ ਕਿ ਉਸ ਸਮੇਂ ਦੀ ਗਾਂਧੀ, ਨਹਿਰੂ ਦੀ ਲੀਡਰਸਿੱਪ ਨੇ ਸਿੱਖਾਂ ਨੂੰ ਇਹ ਵਿਸ਼ਵਾਸ ਦਿਵਾਇਆ ਸੀ ਕਿ ਸਿੱਖਾਂ ਨੂੰ ਇੱਕ ਇਸ ਤਰਾਂ ਦਾ ਅਜ਼ਾਦ ਖਿੱਤਾ ਦਿੱਤਾ ਜਾਵੇਗਾ ਜਿੱਥੇ ਸਿੱਖ ਵੀ ਅਪਣੀ ਅਜ਼ਾਦੀ ਦਾ ਨਿੱਘ ਮਾਣ ਸਕਣਗੇ। ਭਾਰਤ ਦਾ ਸਵਿਧਾਨ ਵੀ ਸਿੱਖਾਂ ਨੂੰ ਵਿਸ਼ਵਾਸ ਵਿੱਚ ਲੈਅ ਕੇ ਹੀ ਬਣੇਗਾ। ਪਰ ਜਦੋਂ ਭਾਰਤ ਨੂੰ ਅਜ਼ਾਦੀ ਮਿਲੀ ਤਾਂ ਉਸ ਗਲਾਮ ਲੀਡਰ ਸ਼ਿਪ ਦਾ ਅਜ਼ਾਦ ਮੁਲਕ ਦੀ ਵਾਂਗਡੋਰ ਸੰਭਾਲ਼ਦਿਆਂ ਹੀ ਸੁਰਾਂ ਬਦਲ ਗਈਆਂ। ਓਹ ਆਪਣੇ ਕੀਤੇ ਵਾਅਦਿਆਂ ਤੋਂ ਮੁਕਰੇ ਤਾਂ ਹੀ, ਰਾਜ ਦੀ ਕੁਰਸੀ ਸੰਭਾਲ਼ਦਿਆਂ ਸਿੱਖਾਂ ਨੂੰ ਜਰਾਇਮ ਪੇਸ਼ਾ ਕੌਮ ਦਾ ਫ਼ਤਵਾ ਦੇ ਦਿੱਤਾ। ਸਿੱਖ ਨੁਮਾਇੰਦਿਆਂ ਦੇ ਭਾਰਤੀ ਸੰਵਿਧਾਨ ਤੇ ਸਹਿਮਤੀ ਨਾਂ ਹੋਣ ਦੇ ਬਾਵਜੂਦ ਵੀ ਸਿੱਖਾਂ ਨੂੰ ਹਿੰਦੂਆਂ ਦਾ ਕੇਸਾਧਾਰੀ ਅੰਗ ਲਿੱਖ ਸਿਰ ਮੜ ਦਿੱਤਾ। ਦਿੱਲੀ ਦਰਬਾਰ ਦੇ ਬਣੇ ਨਵੇਂ ਹੁਕਮਰਾਨਾਂ ਨੂੰ ਜਦੋਂ ਕੀਤੇ ਵਾਅਦਿਆਂ ਬਾਰੇ ਸਿੱਖਾਂ ਨੇ ਪੁੱਛਿਆ ਤਾਂ ਅਕ੍ਰਿਤਘਣ ਲ਼ੀਡਰਸਿੱਪ ਨੇ ਘੜਿਆ ਘੜਾਇਆ ਜਵਾਬ ਦੇ ਦਿੱਤਾ "ਵੋਹ ਬਕਤ ਔਰ ਥਾਂ ਅਭ ਵਕਤ ਔਰ ਹੈ" ਸਿੱਖਾਂ ਨਾਲ ਅਪਣੇ ਕੀਤੇ ਵਾਅਦਿਆਂ ਤੋਂ ਓਹ ਸਾਫ ਮੁੱਕਰ ਗਏ। ਇਹ ਮੁਕਰਨਾ ਇਸ ਮੌਕਾਪ੍ਰਸਤ ਲੀਡਰਸਿੱਪ ਲਈ ਪਹਿਲੀ ਜਾਂ ਆਖਰੀ ਵਾਰੀ ਨਹੀਂ ਹੈ। ਸਿੱਖਾਂ, ਪੰਜਾਬ, ਪੰਜਾਬੀਅਤ ਨਾਲ ਦਿੱਲੀ ਦਰਬਾਰ ਦੇ ਦੋਹਰੇ ਮਾਪ- ਦੰਡ ਦੀਆਂ ਕਰਤੂਤਾਂ ਦਾ ਵੱਡਾ ਚਿੱਠਾ ਹੈ। ਜਿਸ ਦਾ ਵਿਖਿਆਨ ਕਰਨਾ ਲੰਮੀਆਂ ਲਿਖਤਾ ਦਾ ਮੋਹਤਾਜ ਹੈ। ਪੰਜਾਬੀ ਸੂਬਾ ਬਣਾਉਣ ਸਮੇਂ ਬੋਲੀ ਦੇ ਅਧਾਰ ਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਨਾਂ ਦੇਣੇ, ਪਾਣੀ ਦੀ ਲੁੱਟ ਖਸੁੱਟ, ਫ਼ਸਲਾਂ ਦੇ ਸਹੀ ਭਾਅ ਨਾ ਦੇਣੇ, ਸਿੱਖਾਂ ਦਾ ਕਈ ਦੂਸਰੇ ਰਾਜਾਂ ਚ ਅਪਣੀ ਜ਼ਮੀਨ ਜਾਇਦਾਦ ਨਾਂ ਖਰੀਦ ਸਕਣਾ , ਸਿੱਖ ਧਰਮ ਨੂੰ ਢਾਅ ਲਾਉਣ ਲਈ ਵੱਖ ਵੱਖ ਡੇਰਿਆਂ ਨੂੰ ਉਤਸਾਹਿਤ ਕਰਨਾ, ਦਰਬਾਰ ਸਾਹਿਬ ਸਮੇਤ ਹੋਰ ਗੁਰਧਾਮਾਂ ਨੂੰ ਢਹਿ-ਢੇਰੀ ਕਰਨਾ, ਸਿੱਖ ਨੌਜਵਾਨੀ ਨੂੰ ਝੂਠੇ ਪੁਲਿਸ ਮੁਕਾਬਲਿਆਂ ਚ ਸ਼ਹੀਦ ਕਰਨਾ ਅਤੇ ਕਈ ਦਹਾਕਿਆਂ ਬੱਧੀ ਜੇਲ੍ਹਾਂ ਦੀਆਂ ਕਾਲ-ਕੋਠੜੀਆ ਚ ਨਜ਼ਰਬੰਦ ਰੱਖਣਾ, ਪੰਜਾਬ ਨੂੰ ਨਸ਼ੇ ਦੇ ਦਲਦਲ ਚ ਧੱਕਣਾ, ਮੌਜੂਦਾ ਹਾਲਤਾਂ ਚ ਸਿੱਖ ਨੌਜਵਾਨੀ ਨੂੰ ਗੈਂਗਸਟਰਾਂ ਦੀ ਦੁਨੀਆ 'ਚ ਧੱਕਣ ਦੇ ਮਨਸੂਬੇ ਘੜੇ ਜਾ ਰਹੇ ਹਨ। ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਸਮੁੱਚੇ ਸਿੱਖ ਜਗਤ ਨੂੰ ਦਿੱਲੀ ਦਰਬਾਰ ਦੀ ਅਕ੍ਰਿਤਘਣ ਸਿਆਸੀ ਜਮਾਤ ਤੋ ਸੁਚੇਤ ਹੋ ਅਪਣੇ ਖੁੱਸੇ ਰਾਜ ਦੀ ਪ੍ਰਾਪਤੀ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ। ਸਮੁੱਚੇ ਸੰਸਾਰ ਭਰ ਚ ਬੈਠਾ ਸਿੱਖ ਜਗਤ ਭਾਰਤ ਦੀ ਅਜ਼ਾਦੀ ਦੇ ਜਸ਼ਨਾਂ ਦਾ ਬਾਈਕਾਟ ਕਰਦੇ ਹੋਏ ਕਾਲੀਆਂ ਦਸਤਾਰਾਂ, ਦੁਮਾਲੇ ਅਤੇ ਦੁਪੱਟੇ ਸਜਾਉਣ । ਜਰਮਨੀ ਦੀਆਂ ਸਮੂੰਹ ਪੰਥਕ ਜਥੇਬੰਦੀਆਂ ਵੱਲੋਂ 15 ਅਗਸਤ ਵਾਲੇ ਦਿਨ ਜਰਮਨੀ ਦੇ ਸ਼ਹਿਰ ਫਰੈਂਕਫੋਰਟ ਭਾਰਤੀ ਸਫ਼ਾਰਤਖ਼ਾਨੇ ਸਾਹਮਣੇ ਦੁਪਹਿਰ 12 ਵਜੇ ਤੋਂ 15 ਵਜੇ ਤੱਕ ਰੋਹ ਪ੍ਰਦਰਸ਼ਨ ਕੀਤਾ ਜਾਵੇਗਾ। ਜਰਮਨੀ ਦੀਆਂ ਸਮੁੱਚੀਆਂ ਸੰਗਤਾਂ, ਗੁਰਦੁਆਰਾ ਸਹਿਬਾਨਾ, ਸੰਸਥਾਵਾਂ ਅਤੇ ਕਲੱਬਾਂ ਨੂੰ ਇਸ ਪ੍ਰਦਰਸ਼ਨ ਚ ਵੱਧ ਤੋਂ ਵੱਧ ਸਮੂਹਲੀਅਤ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ।

# ਸਦਰ ਬਾਜ਼ਾਰ ਤੇਲੀਵਾੜਾ ਚੌਂਕ ਤੇ ਸੀਲ ਹੋਈਆਂ ਦੁਕਾਨਾਂ ਦੀ ਸੀਲ ਖੁਲਵਾ ਕੇ ਵਪਾਰੀਆਂ ਦੇ ਹਿੱਤਾਂ ਦੀ ਕੀਤੀ ਰਾਖੀ - ਫੇਸਟਾ



ਨਵੀਂ ਦਿੱਲੀ 6 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਮੈਟਰੋ ਨੇ ਸਦਰ ਬਾਜ਼ਾਰ ਤੇਲੀਵਾੜਾ ਚੌਕ ਵਿਖੇ ਪੰਡਿਤ ਮਹਾਂਸਿੰਘ ਕੰਪਲੈਕਸ ਦੀਆਂ 198 ਦੁਕਾਨਾਂ ਸੀਲ ਕਰ ਦਿੱਤੀਆਂ ਸਨ, ਜਿਸ ਸਬੰਧੀ ਫੈਡਰੇਸ਼ਨ ਆਫ਼ ਸਦਰ ਬਾਜ਼ਾਰ ਟਰੇਡਜ਼ ਐਸੋਸੀਏਸ਼ਨ ਦੇ ਮੈਂਬਰਾਂ ਨੇ ਮੈਟਰੋ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਵਪਾਰੀਆਂ ਦੀਆਂ ਸਮੱਸਿਆਵਾਂ ਉਨ੍ਹਾਂ ਸਾਹਮਣੇ ਰੱਖੀਆਂ। ਇਸ ਦੇ ਮੱਦੇਨਜ਼ਰ, ਮੈਟਰੋ ਨੇ ਇੰਜੀਨੀਅਰਾਂ ਤੋਂ ਇਮਾਰਤ ਦਾ ਸਰਵੇਖਣ ਕਰਵਾਇਆ ਅਤੇ ਇਸਦੀ ਜਾਂਚ ਕਰਵਾਈ, ਜਿਸ ਤੋਂ ਬਾਅਦ ਸ਼ਨੀਵਾਰ ਨੂੰ ਦੁਕਾਨਾਂ 'ਤੇ ਲੱਗੀਆਂ ਸੀਲਾਂ ਖੋਲ੍ਹ ਦਿੱਤੀਆਂ ਗਈਆਂ ਅਤੇ ਬਾਜ਼ਾਰ ਪੂਰੀ ਤਰ੍ਹਾਂ ਖੁੱਲ੍ਹ ਗਿਆ। ਇਸ ਕੜੀ ਵਿੱਚ, ਮਾਨਸਿੰਘ ਕੰਪਲੈਕਸ ਦੇ ਵਪਾਰੀਆਂ ਨੇ ਫੈਡਰੇਸ਼ਨ ਦੇ ਮੈਂਬਰਾਂ ਲਈ ਇੱਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਜਿਸ ਵਿੱਚ ਫੈਡਰੇਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ, ਪ੍ਰਧਾਨ ਰਾਕੇਸ਼ ਯਾਦਵ, ਜਨਰਲ ਸਕੱਤਰ ਰਾਜੇਂਦਰ ਸ਼ਰਮਾ, ਕਮਲ ਕੁਮਾਰ ਅਤੇ ਖਜ਼ਾਨਚੀ ਦੀਪਕ ਮਿੱਤਲ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਫੈਡਰੇਸ਼ਨ ਦਾ ਉਦੇਸ਼ ਹਮੇਸ਼ਾ ਵਪਾਰੀਆਂ ਦੇ ਹਿੱਤਾਂ ਦੀ ਆਵਾਜ਼ ਬੁਲੰਦ ਕਰਨਾ ਅਤੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਹੈ। ਜਿਸ ਲਈ ਉਹ ਸਮੇਂ-ਸਮੇਂ 'ਤੇ ਅਧਿਕਾਰੀਆਂ ਅਤੇ ਆਗੂਆਂ ਨਾਲ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕਰਦੇ ਰਹਿੰਦੇ ਹਨ। ਇਸ ਲਈ ਸਾਰੇ ਵਪਾਰੀਆਂ ਦਾ ਸਹਿਯੋਗ ਜ਼ਰੂਰੀ ਹੈ। ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਅਸੀਂ ਅਜੇ ਵੀ ਮੈਟਰੋ ਅਧਿਕਾਰੀਆਂ ਨਾਲ ਮੁੱਖ ਸੜਕ 'ਤੇ ਸੀਲ ਕੀਤੀਆਂ ਕੁਝ ਦੁਕਾਨਾਂ ਬਾਰੇ ਗੱਲਬਾਤ ਕਰ ਰਹੇ ਹਾਂ। ਜਿਨ੍ਹਾਂ ਦੀਆਂ ਇਮਾਰਤਾਂ ਚੰਗੀ ਹਾਲਤ ਵਿੱਚ ਹਨ, ਉਨ੍ਹਾਂ ਨੂੰ ਜਲਦੀ ਤੋਂ ਜਲਦੀ ਆਪਣੀਆਂ ਦੁਕਾਨਾਂ ਖੋਲ੍ਹਣੀਆਂ ਚਾਹੀਦੀਆਂ ਹਨ। ਇਸ ਮੌਕੇ ਪੰਡਿਤ ਮਹਾਸਿੰਘ ਕੰਪਲੈਕਸ ਦੇ ਤਰੁਣ ਕੌਸ਼ਿਕ, ਸੌਰਭ ਗੁਪਤਾ, ਅਮਨਦੀਪ ਸਿੰਘ, ਇੰਦਰ ਸਿੰਘ ਨੂਰੁਲ, ਧੀਰੇਂਦਰ ਕੁਮਾਰ, ਮੇਘਾ ਕੌਸ਼ਿਕ, ਵਿਨੋਦ ਜੈਨ, ਅਕਸ਼ੈ ਸਮੇਤ ਸੈਂਕੜੇ ਵਪਾਰੀ ਮੌਜੂਦ ਸਨ।

### ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਵਿਦਿਆਰਥੀ ਜਸਨਦੀਪ ਸਿੰਘ ਸਿੰਘ ਨੇ

# ਯੂਥ ਬਾਕਸਿੰਗ ਚੈਂਪੀਅਨਸ਼ਿਪ ਬਿਹਾਰ ਵਿੱਚ ਤਿੰਨ ਗੋਲਡ ਮੈਡਲ ਜਿੱਤ ਆਇਆ

**ਬਾਕਸਿੰਗ ਚੈਪੀਅਨਸ਼ਿਪ ਬਿਹਾਰ ਵਿੱਚ 10 ਸਟੇਟਾਂ ਨੇ ਭਾਗ ਲਿਆ ਅਤੇ ਪੰਜਾਬ ਯੂਥ ਬਾਕਸਿੰਗ ਚੈਪੀਅਨਸ਼ਿਪ ਦੇ ਨੋਜਵਾਨਾਂ ਨੇ 3 ਗੋਲਡ ਮੈਡਲ, 2 ਸਿਲਵਰ,ਅਤੇ 10 ਬਰਾਉਣ ਮੈਡਲ ਤੇ ਟਰਾਫੀ ਜਿੱਤ ਕੇ ਪੰਜਾਬ ਨੂੰ ਦੂਜਾ ਸਥਾਨ ਪ੍ਰਾਪਤ ਕਰਵਾਇਆ**











**ਚੌਕ ਮਹਿਤਾ 6 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਮੁੱਖੀ ਸੰਤ ਬਾਬਾ ਮਲਕੀਅਤ ਸਿੰਘ ਖਾਲਸਾ ਦੀ ਅਗਵਾਈ ਹੇਠ ਚੱਲ ਰਹੀ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਵਿਦਿਆਰਥੀ ਜਸਨਦੀਪ ਸਿੰਘ ਨੇ ਪੰਜਾਬ ਯੂਥ ਬਾਕਸਿੰਗ ਚੈਪੀਅਨਸ਼ਿਪ ਬਿਹਾਰ ਵਿੱਚ 10 ਸਟੇਟਾਂ ਨੇ ਭਾਗ ਲਿਆ ਅਤੇ ਪੰਜਾਬ ਯੂਥ ਬਾਕਸਿੰਗ ਚੈਪੀਅਨਸ਼ਿਪ ਦੇ ਨੋਜਵਾਨਾਂ ਨੇ 3 ਗੋਲਡ ਮੈਡਲ, 2 ਸਿਲਵਰ,ਅਤੇ 10 ਬਰਾਉਣ ਮੈਡਲ ਤੇ ਟਰਾਫੀ ਜਿੱਤ ਕੇ ਪੰਜਾਬ ਨੂੰ ਦੂਜਾ ਸਥਾਨ ਪ੍ਰਾਪਤ ਕਰਵਾਇਆ ਅਤੇ ਬਿਹਾਰ ਤੋਂ ਵਿਦਿਆਰਥੀਆਂ ਨੇ ਜਿੱਤਕੇ ਸੰਤ ਬਾਬਾ ਗੁਰਬਖਸ਼ ਸਿੰਘ ਜੀ ਅਕੈਡਮੀ ਜੱਬੋਵਾਲ ਵਿੱਚ ਪਾਉਚੇ,ਅਤੇ ਸੰਤ ਬਾਬਾ ਮਲਕੀਅਤ ਸਿੰਘ ਜੱਬੋਵਾਲ ਅਤੇ ਨੇ ਸਾਥੀਆਂ ਜਸਨਦੀਪ ਸਿੰਘ ਨੂੰ ਸਨਮਾਨਿਤ ਕੀਤਾ। ਅਤੇ ਸੰਤ ਬਾਬਾ ਮਲਕੀਅਤ ਸਿੰਘ ਖਾਲਸਾ ਨੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਸਮੂਹ ਵਿਦਿਆਰਥੀਆਂ ਦੀ ਚੜਦੀ ਕਲਾ ਦੀ ਅਰਦਾਸ ਬੇਨਤੀ ਕੀਤੀ। ਅਤੇ ਵਾਹਿਗੁਰੂ ਜੀ ਦਾ ਸ਼ੁਕਰਾਨਾ ਕੀਤਾ ।ਜਸਨਦੀਪ ਸਿੰਘ ਨੇ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦਾ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੋਸਨ ਕੀਤਾ।ਥੋੜਾ ਸਮਾਂ ਪਹਿਲਾਂ ਇਸ ਅਕੈਡਮੀ ਦੇ ਵਿਦਿਆਰਥੀਆਂ ਨੇ ਬੋਕਸਿੰਗ ਸਟੇਟ ਲੈਵਲ ਤੇ ਖੇਡ ਕੇ ਗੋਲਡ ਮੈਡਲ ਜਿੱਤ ਕੇ ਆਏ ਸਨ । ਵੱਡੀਆਂ ਮੱਲਾ ਮਾਰੀਆ ਸਨ, ਸੰਤ ਬਾਬਾ ਮਲਕੀਅਤ ਸਿੰਘ ਖਾਲਸਾ ਦੀ ਅਗਵਾਈ ਹੇਠ ਅਨੇਕਾਂ ਸਹੀਦ ਬੱਚੇ ਬੱਚੀਆਂ ਨੂੰ ਪੜਾਈ ਅਤੇ ਗੁਰਬਾਣੀ ਦੀ ਸੁੱਧ ਸੰਥਿਆ, ਗੱਤਕਾ, ਕੀਰਤਨ, ਕਥਾ,ਖੇਡਾਂ ਵੱਲ ਵੀ ਪ੍ਰੇਰਤ ਕੀਤਾ ਜਾਂਦਾ ਹੈ,ਅਤੇ ਬਹੁਤ ਸਾਰੇ ਧਾਰਮਿਕ ਸਮਾਗਮ ਵੀ ਅਕੈਡਮੀ ਵਿੱਚ ਕਰਵਾਏ ਜਾਂਦੇ ਹਨ।ਅਕੈਡਮੀ ਦੇ ਸਾਰੇ ਬੱਚੇ ਬੱਚੀਆਂ ਬਾਣੀ ਬਾਣੇ ਦੇ ਧਾਰਨੀ ਹਨ। ਅਨੇਕਾਂ ਲੋੜਵੰਦ ਅਤੇ ਸਹੀਦਾ ਸਿੰਘਾ ਦੇ ਬੱਚੇ ਬੱਚੀਆਂ ਦੇ ਗੁਰਮਾਯਾਦਾ ਨਾਲ ਆਨੰਦ ਕਾਰਜ ਕੀਤੇ ਜਾਂਦੇ ਹਨ।ਸੰਤ ਬਾਬਾ ਮਲਕੀਅਤ ਸਿੰਘ ਜਿੱਥੇ ਸਮਾਜ ਦੇ ਭਲੇ ਲਈ ਕਾਰਜ ਕਰਦੇ ਰਹਿੰਦੇ ਹਨ ਉੱਥੇ ਉਹ ਆਪਣੇ ਹੱਥਾਂ ਨਾਲ ਕਿਰਤ ਵੀ ਕਰਦੇ ਹਨ।ਇਸ ਮੌਕੇ ਤੇ ਸੰਤ ਬਾਬਾ ਮਲਕੀਅਤ ਸਿੰਘ ਖਾਲਸਾ ਜੱਬੋਵਾਲ ਤੋਂ ਇਲਾਵਾ ਗਿਆਨੀ ਤੇਜਬੀਰ ਸਿੰਘ ਕਨੇਡਾ, ਪ੍ਰਿੰਸੀਪਲ ਸੁਰਿੰਦਰ ਸਿੰਘ, ਮਾਸਟਰ ਗੁਰਪਿੰਦਰ ਸਿੰਘ, ਬੋਕਸਿੰਗ ਕੋਚ ਕਰਨਜੀਤ ਸਿੰਘ, ਭਾਈ ਸੁਖਚੈਨ ਸਿੰਘ ਆਦਿ ਸੇਵਾਦਾਰ ਹਾਜਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਇੰਟਰਨੈਸ਼ਨਲ ਪੰਥਕ ਦਲ ਦੇ ਜ਼ਿਲ੍ਹਾ ਤਰਨਤਾਰਨ ਦੇ ਆਗੂਆਂ ਵੱਲੋਂ

# ਗੁਰਸਿੱਖ ਬੱਚੀ ਬੀਬੀ ਗੁਰਪ੍ਰੀਤ ਕੌਰ ਫੈਲੋਕੇ ਜੱਜ ਨੂੰ ਕੀਤਾ ਗਿਆ ਸਨਮਾਨਤ





**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)** ਪਿਛਲੇ ਦਿਨੀ ਰਾਜਸਥਾਨ ਵਿੱਚ ਸਿਵਲ ਜੱਜ ਦੀ ਪ੍ਰੀਖਿਆ ਸਮੇਂ ਗੁਰਸਿੱਖ ਬੱਚੀ ਗੁਰਪ੍ਰੀਤ ਕੌਰ ਫੈਲੋਕੇ ਨੂੰ ਸਿੱਖੀ ਕਕਾਰ ਪਹਿਨੇ ਕਾਰਨ ਪੇਪਰ ਤੋਂ ਰੋਕਿਆ ਗਿਆ।ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਦੱਸਿਆ ਕਿ ਜੋ ਬੀਬੀ ਗੁਰਪ੍ਰੀਤ ਕੌਰ ਨੇ ਸਿੱਖੀ ਸਿਦਕ ਨਿਭਾਉਂਦਿਆਂ ਹੋਇਆ ਪੇਪਰ ਦੇਣ ਤੋਂ ਸਾਫ ਇਨਕਾਰ ਕਰ ਦਿੱਤਾ। ਬੀਬੀ ਗੁਰਪ੍ਰੀਤ ਕੌਰ ਨੇ ਬਹੁਤ ਹੀ ਬਹਾਦਰੀ ਅਤੇ ਦਲੇਰੀ ਵਾਲਾ ਕੰਮ ਕੀਤਾ ਹੈ ਜੋ ਪੇਪਰ ਦੇਣ ਤੋਂ ਸਖਤ ਇਨਕਾਰ ਕਰ ਦਿੱਤਾ ਅਤੇ ਸਿੱਖ ਧਰਮ ਵਿੱਚ ਸਿੱਖੀ ਸਿੱਦਕ ਨੂੰ ਪੂਰਾ ਨਿਭਾਇਆ। ਅੱਜ ਪੂਰਾ ਸਿੱਖ ਪੰਥ ਭੈਣ ਗੁਰਪ੍ਰੀਤ ਕੌਰ ਦੇ ਹੱਕ ਵਿੱਚ ਆਇਆ ਹੈ। ਬੀਬੀ ਗੁਰਪ੍ਰੀਤ ਕੌਰ ਦੇ ਸਮੂਹ ਪਰਿਵਾਰ ਨੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦਾ ਵਿਸ਼ੇਸ਼ ਤੌਰ ਤੇ ਪਹੁੰਚ ਕੇ ਦਿੱਤੇ ਬਿਆਨ ਦਾ ਧੰਨਵਾਦ ਕੀਤਾ। ਜ਼ਿਲ੍ਹਾ ਤਰਨਤਾਰਨ ਦੇ ਆਗੂ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਵੱਲੋਂ ਵਿਸ਼ੇਸ਼ ਤੌਰ ਤੇ ਭੈਣ ਗੁਰਪ੍ਰੀਤ ਕੌਰ ਦਾ ਸਨਮਾਨ ਕੀਤਾ ਗਿਆ ਹੈ। ਇਸ ਮੌਕੇ ਭੈਣ ਗੁਰਪ੍ਰੀਤ ਕੌਰ ਦੇ ਪਿਤਾ ਜੀ ਭਾਈ ਮਨਮੋਹਨ ਸਿੰਘ ਜੀ ਫੈਲੋਕੇ,ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ, ਰਾਗੀ ਭਾਈ ਗੁਰਸੇਵਕ ਸਿੰਘ ਲੱਧੂ, ਗੁਰਸੇਵਕ ਸਿੰਘ ਵਾੜਾ ਅਤੇ ਸਮੂਹ ਪਤਵੰਤੇ ਹਾਜ਼ਰ ਸਨ।

### ਸਿੰਘ ਸਾਹਿਬਾਨ ਵੱਲੋਂ ਸੁਣਾਏ ਗਏ ਫੈਸਲੇ ਦੇ ਮੱਦੇਨਜ਼ਰ ਗੁਰਦੁਆਰਾ ਗੁਰੂ ਕਾ ਮਹਿਲ, ਗੁਰਦੁਆਰਾ ਕੋਠਾ ਸਾਹਿਬ ਅਤੇ ਬਾਬਾ ਬਕਾਲਾ ਸਾਹਿਬ ਵਿਖੇ


# ਨਤਮਸਤਕ ਹੋਏ ਸਿੱਖਿਆ ਮੰਤਰੀ



**ਜੰਡਿਆਲਾ ਗੁਰੂ, 6 ਅਗਸਤ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨੀ ਪੰਜਾਬ ਸਰਕਾਰ ਤੇ ਭਾਸ਼ਾ ਵਿਭਾਗ ਪੰਜਾਬ ਵੱਲੋਂ ਸ੍ਰੀਨਗਰ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਸਤੀ ਦਾਸ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਕਰਵਾਏ ਪ੍ਰੋਗਰਾਮ ਵਿੱਚ ਹੋਈ ਮਰਿਆਦਾ ਦੀ ਉਲੰਘਣਾ ਦੇ ਸਬੰਧ ਵਿੱਚ ਅੱਜ ਪੰਜ ਸਿੰਘ ਸਾਹਿਬਾਨ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਸੁਣਵਾਈ ਗਈ ਸਜ਼ਾ ਦੇ ਮੱਦੇ ਨਜ਼ਰ ਸਿੱਖਿਆ, ਸੂਚਨਾ ਤੇ ਲੋਕ ਸੰਪਰਕ ਮੰਤਰੀ ਸ ਹਰਜੋਤ ਸਿੰਘ ਬੈਂਸ ਨੇ ਗੁਰਦੁਆਰਾ ਗੁਰੂ ਕਾ ਮਹਿਲ ਅੰਮ੍ਰਿਤਸਰ, ਗੁਰਦੁਆਰਾ ਕੋਠਾ ਸਾਹਿਬ ਵੱਲਾ ਅਤੇ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਵਿਖੇ ਨੰਗੇ ਪੈਰੀ ਨਤਮਸਤਕ ਹੋ ਕੇ ਗੁਰੂ ਸਾਹਿਬ ਅੱਗੇ ਖਿਮਾ ਜਾਚਨਾ ਲਈ ਅਰਦਾਸ ਬੇਨਤੀ ਕੀਤੀ। ਉਨਾਂ ਸ੍ਰੀ ਦਰਬਾਰ ਸਾਹਿਬ ਤੋਂ ਗੁਰੂ ਕੇ ਮਹਿਲ ਨੂੰ ਜਾਂਦਿਆਂ ਰਸਤੇ ਦੀ ਸਫਾਈ ਵੀ ਕੀਤੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਨੇ ਕਿਹਾ ਕਿ ਮੇਰੇ ਲਈ ਸ੍ਰੀ ਅਕਾਲ ਤਖਤ ਸਾਹਿਬ ਤੋਂ ਉਪਰ ਕੋਈ ਹੋਰ ਹਸਤੀ ਨਹੀਂ ਹੈ। ਇਥੋਂ ਆਇਆ ਫੁਰਮਾਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਫੁਰਮਾਨ ਹੈ ਅਤੇ ਮੈਂ ਇਸ ਫੈਸਲੇ ਅੱਗੇ ਖੜੇ ਮੱਥੇ ਸਿਰ ਝੁਕਾਉਂਦਾ ਹੋਇਆ ਹਰ ਹੁਕਮ ਦੀ ਪਾਲਣਾ ਕਰਾਂਗਾ।ਉਨਾ ਕਿਹਾ ਕਿ ਉਹ ਅੱਜ ਸ੍ਰੀ ਅੰਮ੍ਰਿਤਸਰ ਸਾਹਿਬ ਜ਼ਿਲ੍ਹੇ ਦੇ ਗੁਰਦੁਆਰਾ ਸਾਹਿਬ ਵਿੱਚ ਨਤਮਸਤਕ ਹੋ ਕੇ ਖਿਮਾ ਜਾਚਨਾ ਕਰ ਰਹੇ ਹਨ ਅਤੇ ਛੇਤੀ ਹੀ ਸਿੰਘ ਸਾਹਿਬਾਨ ਦੇ ਫੈਸਲੇ ਅਨੁਸਾਰ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਜਾ ਕੇ ਆਪਣੀ ਭੁੱਲ ਬਖਸ਼ਾਉਣਗੇ ।ਉਹਨਾਂ ਕਿਹਾ ਕਿ ਜੋ ਵੀ ਆਦੇਸ਼ ਸਿੰਘ ਸਾਹਿਬਾਨ ਨੇ ਦਿੱਤੇ ਹਨ, ਉਹ ਉਨ੍ਹਾਂ ਉਤੇ ਪਹਿਰਾ ਦੇਣਗੇ।ਦੱਸਣਯੋਗ ਹੈ ਕਿ ਅੱਜ ਸਵੇਰੇ ਕੈਬਨਟ ਮੰਤਰੀ ਸ ਹਰਜੋਤ ਸਿੰਘ ਬੈਂਸ ਸਾਰਾਗੜੀ ਪਾਰਕਿੰਗ ਵਿੱਚ ਆਪਣੀ ਗੱਡੀ ਤੋਂ ਉੱਤਰ ਕੇ ਪਹਿਲਾਂ ਪੈਦਲ ਗੁਰਦੁਆਰਾ ਗੁਰੂ ਕਾ ਮਹਿਲ ਦਰਸ਼ਨ ਕਰਨ ਲਈ ਗਏ ਸਨ, ਉਪਰੰਤ ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਏ । ਜਿੱਥੇ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿੱਚ ਉਹ ਸਿੰਘ ਸਾਹਿਬਾਨ ਅੱਗੇ ਪੇਸ਼ ਹੋਏ।ਉਸ ਤੋਂ ਬਾਅਦ ਸਿੰਘ ਸਾਹਿਬਾਨ ਨੇ ਉਹਨਾਂ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਸਾਰੇ ਦੋਸ਼ ਪੜ੍ਹ ਕੇ ਸੁਣਾਏ ਅਤੇ ਫਿਰ ਫੈਸਲਾ ਦਿੱਤਾ, ਜਿਸ ਨੂੰ ਉਹਨਾਂ ਨੇ ਪ੍ਰਵਾਨ ਕਰਦੇ ਹੋਏ ਅੱਜ ਤੋਂ ਹੀ ਇਸ ਫੈਸਲੇ ਅਨੁਸਾਰ ਸੇਵਾ ਸ਼ੁਰੂ ਕਰ ਦਿੱਤੀ। ਫੈਸਲਾ ਅੱਗੇ ਸਿਰ ਝੁਕਾਉਂਦੇ ਉਹ ਪਹਿਲਾਂ ਗੁਰਦੁਆਰਾ ਗੁਰੂ ਕਾ ਮਹਿਲ ਨੰਗੇ ਪੈਰੀ ਚੱਲ ਕੇ ਗਏ।ਉਪਰੰਤ ਗੁਰਦੁਆਰਾ ਕੋਠਾ ਸਾਹਿਬ ਵੱਲਾ ਵਿਖੇ ਨਤਮਸਤਕ ਹੋਏ ਅਤੇ ਫਿਰ ਬਾਬਾ ਬਕਾਲਾ ਸਾਹਿਬ ਵਿਖੇ ਨੰਗੇ ਪੈਰ ਚੱਲ ਕੇ ਨਤਮਸਤਕ ਹੋਏ।

**ਸ੍ਰੀ ਅਕਾਲ ਤਖਤ ਸਾਹਿਬ ਤੋਂ ਉਪਰ ਕੋਈ ਹੋਰ ਹਸਤੀ ਨਹੀਂ ਇਥੋਂ ਆਇਆ ਫੁਰਮਾਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਫੁਰਮਾਨ-ਸ੍ਰ ਬੈਂਸ**

# ਅਕਾਲ ਤਖਤ ਸਾਹਿਬ ਦੇ ਭਗੌੜੇ ਤੇ ਅਕਾਲ ਤਖਤ ਸਾਹਿਬ ਦੇ ਝੰਡਾਬਰਦਾਰ ਇਕ ਥਾਂ ਇਕੱਠੇ ਕਰਨ ਦੀ ਕੀ ਜ਼ਿੱਦ ਹੈ ? ਤੌਬਾ ਤੌਬਾ



ੴ ਵਾਹਿਗੁਰੂ ਜੀ ਕੀ ਫ਼ਤਹ ॥

ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Sri Akal Takhat Sahib, Sri Amritsar Sahib

ਨੰਬਰ ਅ:ਤ/੪੨੯ ਮਿਤੀ ੦੬-੦੮-੨੦੨੫

ਮਤਾ ਨੰਬਰ ੦੧

ਅੱਜ ਮਿਤੀ ੨੨ ਸਾਵਣ ਨਾਨਕਸ਼ਾਹੀ ਸੰਮਤ ੫੫੭ ਮੁਤਾਬਿਕ ੦੬ ਅਗਸਤ ੨੦੨੫ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਪਿਛਲੇ ਕੁਝ ਸਮੇਂ ਤੋਂ ਵੱਖ-ਵੱਖ ਸਿੰਘ ਸਭਾਵਾਂ, ਸਿੱਖ ਸਿਆਸੀ ਧਿਰਾਂ ਅਤੇ ਧਾਰਮਿਕ ਜਥੇਬੰਦੀਆਂ ਵੱਲੋਂ ਪ੍ਰਾਪਤ ਹੋਏ ਪੱਤਰਾਂ ਵਿਚ ਪੁੱਜੀਆਂ ਸ਼ਿਕਾਇਤਾਂ ਕਿ, "ਕੁਝ ਧਿਰਾਂ ਆਪਣੇ ਆਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਰਪ੍ਰਸਤੀ ਹੋਣ ਦਾ ਦਾਅਵਾ ਕਰਕੇ ਸਿਆਸੀ ਲਾਭ ਲੈਣ ਦੀ ਕੋਸ਼ਿਸ਼ ਕਰ ਰਹੀਆਂ ਹਨ" - ਦਾ ਮਾਮਲਾ ਵਿਚਾਰਿਆ ਗਿਆ।

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ੦੨ ਦਸੰਬਰ ੨੦੨੪ ਨੂੰ ਪੰਜ ਸਿੰਘ ਸਾਹਿਬਾਨ ਵੱਲੋਂ ਕੀਤੇ ਗਏ ਆਦੇਸ਼ ਵਿੱਚ ਸਮੂਹ ਅਕਾਲੀ ਦਲ ਧਿਰਾਂ ਨੂੰ ਤਾਕੀਦ ਕੀਤੀ ਗਈ ਸੀ ਕਿ ਉਹ ਆਪੋ ਆਪਣੇ ਵੱਖਰੇ ਚੁੱਲ੍ਹੇ ਸਮੇਟ ਕੇ ਇਕਜੁੱਟ ਹੋਣ। ਇਸ ਸਬੰਧੀ ਹੁਣ ਤਕ ਕੋਈ ਸਾਰਥਕ ਨਤੀਜੇ ਸਾਹਮਣੇ ਨਹੀਂ ਆਏ। ਅੱਜ ਸਿੱਖ ਵਿਸ਼ਵ ਭਰ ਅੰਦਰ ਵੱਖ-ਵੱਖ ਦੇਸ਼ਾਂ, ਸਿਆਸੀ ਧਿਰਾਂ ਵਿੱਚ ਰਹਿੰਦਾ ਹੋਇਆ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਹਰ ਸਿੱਖ ਮਾਈ ਭਾਈ ਦੇ ਹੱਕ ਹਕੂਕ ਤੇ ਹਿੱਤ ਵਿੱਚ ਖੜ੍ਹਾ ਹੈ। ਜੇਕਰ ੦੨ ਦਸੰਬਰ ੨੦੨੪ ਨੂੰ ਹੋਏ ਆਦੇਸ਼ ਨੂੰ ਕੋਈ ਵੀ ਧਿਰ ਇੰਨ-ਬਿੰਨ ਨਹੀਂ ਮੰਨਣਾ ਚਾਹੁੰਦੀ ਤਾਂ ਉਨ੍ਹਾਂ ਨੂੰ ਆਪੋ-ਆਪਣੀ ਸਿਆਸਤ ਮੁਬਾਰਕ ਹੈ, ਪਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਦਾ ਦਾਅਵਾ ਕਰਕੇ ਸੰਗਤ ਵਿੱਚ ਭਰਮ-ਭੁਲੇਖੇ ਪੈਦਾ ਨਾ ਕੀਤੇ ਜਾਣ। ਕਿਉਂਕਿ ਵੱਖੋ-ਵੱਖਰੇ ਚੁੱਲ੍ਹੇ ਕਾਇਮ ਰੱਖ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ ਦੀ ਭਾਵਨਾ ਸੰਪੂਰਨ ਨਹੀਂ ਕੀਤੀ ਜਾ ਸਕਦੀ।

ਅੱਜ ਦੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਦੀਰਘ ਵਿਚਾਰ ਵਟਾਂਦਰਾ ਕਰਕੇ ਆਦੇਸ਼ ਕੀਤਾ ਜਾਂਦਾ ਹੈ ਕਿ ਕੋਈ ਵੀ ਧਿਰ ਜਾਂ ਕਮੇਟੀ ਆਪਣੇ ਆਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੋਣ ਦਾ ਦਾਅਵਾ ਨਾ ਕਰੇ। ਖ਼ਾਲਸਾ ਪੰਥ ਦੇ ਵਡੇਰੇ ਹਿਤਾਂ, ਪੰਜਾਬ ਦੀ ਜ਼ਮੀਨ ਨੂੰ ਬਚਾਉਣ, ਸਿੱਖ ਪਛਾਣ ਤੇ ਕਕਾਰਾਂ ਨੂੰ ਦਰਪੇਸ਼ ਚੁਣੌਤੀਆਂ, ਮੌਜੂਦਾ ਤਕਨੀਕੀ (ਆਰਟੀਫੀਸ਼ੀਅਲ ਇੰਟੈਲੀਜੈਂਸ) ਯੁੱਗ ਅੰਦਰ ਸਿੱਖ ਇਤਿਹਾਸ, ਸਿਧਾਂਤ ਅਤੇ ਪਾਵਨ ਗੁਰਬਾਣੀ ਨਾਲ ਛੇੜਛਾੜ ਅਤੇ ਦੇਸ਼-ਵਿਦੇਸ਼ ਅੰਦਰ ਸਿੱਖਾਂ ਨੂੰ ਨਿਸ਼ਾਨਾ ਬਣਾਏ ਜਾਣ ਦੇ ਮਾਮਲਿਆਂ ਨੂੰ ਨਜਿੱਠਣ ਲਈ ਸਮੂਹ ਅਕਾਲੀ ਅਤੇ ਪੰਥਕ ਧਿਰਾਂ ਲਾਮਬੰਦੀ ਕਰਕੇ ਇਕਜੁੱਟ ਹੋ ਕੇ ਚੱਲਣ।

(ਸੁਲਤਾਨ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

(ਕੁਲਦੀਪ ਸਿੰਘ)
ਕਾਰਜਕਾਰੀ ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ।

(ਕੇਵਲ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

(ਟੇਕ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਦਮਦਮਾ ਸਾਹਿਬ,
ਤਲਵੰਡੀ ਸਾਬੋ, ਬਠਿੰਡਾ।

(ਮੰਗਲ ਸਿੰਘ)
ਪੰਜ ਪਿਆਰਾ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com

ਅਜ ਅਕਾਲ ਤਖਤ ਸਾਹਿਬ ਤੋ ਕੌਮ ਨੂੰ ਸਪਸ਼ਟਤਾ ਨਹੀ ਮਿਲੀ ਹੋਰ ਵੱਧ ਭੰਬਲਭੂਸਾ ਵਧ ਗਿਆ।ਜਿਹੜੀ ਭਰਤੀ ਕਮੈਟੀ ਦੋ ਦਸੰਬਰ ਨੂੰ ਅਕਾਲ ਤਖਤ ਸਾਹਿਬ ਨੇ ਬਣਾਈ,ਜੀਹਨੇ ਓਸ ਵੇਲੇ ਦੇ ਜਥੇਦਾਰ ਦੇ ਕਹਿਣ ਉਤੇ ਭਰਤੀ ਸ਼ੁਰੂ ਕੀਤੀ,ਓਹ ਹੁਣ ਅਕਾਲ ਤਖਤ ਸਾਹਿਬ ਦਾ ਨਾਮ ਕਿਓ ਨਹੀ ਵਰਤ ਸਕਦੀ ?ਓਸ ਕਮੇਟੀ ਵਿਚੋ ਭੱਜਣ ਵਾਲੇ ਧਾਮੀ ਸਾਹਿਬ ਤੇ ਬੰਡੂਗਰ ਨੇ ਕੀ ਅਕਾਲ ਤਖਤ ਸਾਹਿਬ ਦੇ ਹੁਕਮ ਨੂੰ ਪਿਠ ਨਹੀ ਵਿਖਾਈ ? ਬਾਦਲ ਧੜਾ ਅਕਾਲ ਤਖਤ ਸਾਹਿਬ ਤੋਂ ਬਾਗੀ ਹੈ ਜਦਕਿ ਭਰਤੀ ਕਮੇਟੀ ਵਾਲੀ ਧਿਰ ਅਕਾਲ ਤਖਤ ਸੀਹਿਬ ਦੀ ਅਨੁਸਾਰੀ ਹੈ ।ਪਰ ਅਕਾਲ ਤਖਤ ਸਾਹਿਬ ਨੂੰ ਬਾਦਲ ਧੜੇ ਦੇ ਪਖ ਵਿਚ ਤੇ ਭਰਤੀ ਕਮੇਟੀ ਦੇ ਉਲਟ ਭੁਗਤਾਉਣ ਦੀ ਜਿਦ ਹੋ ਰਹੀ ਹੈ।ਇਤਿਹਾਸ ਇਸ ਵਰਤਾਰੇ ਨੂੰ ਸਿਧਾਂਤਕ ਕਚਿਆਈ ਵਜੋ ਦੇਖੇਗਾ।ਚੁਲੇ ਇਕਠ ਕਰਨ ਦੀ ਬੜੀ ਅਜਬ ਬਾਤ ਹੈ।ਅਕਾਲ ਤਖਤ ਸਾਹਿਬ ਦੇ ਭਗੌੜੇ ਤੇ ਅਕਾਲ ਤਖਤ ਸਾਹਿਬ ਦੇ ਝੰਡਾਬਰਦਾਰ ਇਕ ਥਾਂ ਇਕੱਠੇ ਕਰਨ ਦੀ ਕੀ ਜਿਦ ਹੈ ? ਤੌਬਾ ਤੌਬਾ।

**ਵੱਲੋਂ - ਸਰਬਜੀਤ ਸਿੰਘ ਘੁਮਾਣ**

# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਪਬਲਿਕ ਸਕੂਲ ਵੈਰੋਨੰਗਲ ਵਿਖੇ ਧੀਆਂ ਦਾ ਤਿਉਹਾਰ ਮਨਾਇਆ



**ਚੌਕ ਮਹਿਤਾ, 6 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਪਬਲਿਕ ਸਕੂਲ ਵੈਰੋਨੰਗਲ ਵਿਖੇ ਡਾਇਰੈਕਟਰ ਨਰਿੰਦਰ ਸਿੰਘ ਬਾਠ ਦੀ ਅਗਵਾਈ ਹੇਠ ਅਤੇ ਸਕੂਲ ਸਟਾਫ਼ ਅਤੇ ਵਿਦਿਆਰਥਣਾਂ ਵਲੋਂ ਸਾਵਣ ਮਹੀਨੇ ਮੌਕੇ ਧੀਆਂ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ। ਇਸ ਮੌਕੇ ਵਿਦਿਆਰਥਣਾਂ ਵਲੋਂ ਗਿੱਧਾ, ਭੰਗੜਾ, ਬੋਲੀਆਂ ਅਤੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੀਆਂ ਵੰਨਗੀਆਂ ਦੀ ਬੜੇ ਸੁਚੱਜੇ ਢੰਗ ਨਾਲ ਪੇਸ਼ਕਾਰੀ ਕਰਦਿਆਂ ਪੀਂਘਾਂ ਝੂਟੀਆਂ ਅਤੇ ਜਾਗੋ ਕੱਢੀ।ਅੰਤ ਵਿਚ ਸਕੂਲ ਸਟਾਫ਼ ਤੇ ਵਿਦਿਆਰਥਣਾਂ ਵਲੋਂ ਰਲ-ਮਿਲ ਕੇ ਗਿੱਧੇ ਵਿਚ ਖੂਬ ਧਮਾਲਾਂ ਪਾਈਆਂ ਅਤੇ ਵਿਦਿਆਰਥੀਆਂ ਵਲੋਂ ਵੀ ਖੂਬਸੂਰਤ ਭੰਗੜਾ ਪੇਸ਼ ਕੀਤਾ ਗਿਆ। ਇਸ ਮੌਕੇ ਖੀਰ-ਪੂੜੇ ਵੀ ਤਿਆਰ ਕੀਤੇ ਗਏ। ਅੰਤ ਵਿਚ ਡਾਇਰੈਕਟਰ ਨਰਿੰਦਰ ਸਿੰਘ ਬਾਠ ਨੇ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਮਾਣਮੱਤੇ ਪੰਜਾਬੀ ਵਿਰਸੇ ਨਾਲ ਹਮੇਸ਼ਾ ਜੁੜੇ ਰਹਿਣਾ ਚਾਹੀਦਾ ਹੈ। ਇਸ ਮੌਕੇ ਰਾਜਵੰਤ ਕੌਰ ਬਾਠ, ਪ੍ਰਿੰਸੀਪਲ ਸਾਖਸ਼ੀ ਬੇਦੀ, ਪ੍ਰਭਜੋਤ ਕੌਰ, ਰਾਜਬੀਰ ਕੌਰ, ਨਵਜੋਤ ਕੌਰ, ਜਸ਼ਨਪ੍ਰੀਤ ਕੌਰ, ਪ੍ਰਦੀਪ ਕੋਰ, ਕੋਮਲਪ੍ਰੀਤ ਕੌਰ, ਅਰਸ਼ਦੀਪ ਕੌਰ, ਹਰਪ੍ਰੀਤ ਕੌਰ, ਰਮਨਪ੍ਰੀਤ ਕੌਰ ਸਮੇਤ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਖਾਲਸਾ ਕਾਲਜ ਮਹਿਤਾ ਦੀ ਵਿਦਿਆਰਥਣ ਨੇ

# ਯੂਨੀਵਰਸਿਟੀ ਮੈਰਿਟ 'ਚ ਮਾਰੀਆਂ ਮੱਲਾਂ



**ਚੌਕ ਮਹਿਤਾ, 6 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ 'ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਜੋ ਕਿ ਵਿਦਿਆ ਦੇ ਖੇਤਰ ਵਿੱਚ ਇਲਾਕੇ 'ਚ ਇੱਕ ਨਿਵੇਕਲੀ ਪਹਿਚਾਣ ਬਣਾ ਰਿਹਾ ਹੈ, ਦੀ ਹੋਣਹਾਰ ਵਿਦਿਆਰਥਣ ਹਰਮਨਜੋਤ ਕੌਰ ਸਪੁੱਤਰੀ ਰਣਜੀਤ ਸਿੰਘ ਨੇ ਆਪਣੀ ਡਿਗਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅਧੀਨ ਮਈ 2025 ਵਿੱਚ ਮੁਕੰਮਲ ਕੀਤੀ। ਇਸ ਉਪਰੰਤ ਵਿਦਿਆਰਥਣ ਦੀ ਡਿਗਰੀ ਦੌਰਾਨ ਵਧੀਆ ਕਾਰਗੁਜਾਰੀ ਅਤੇ ਕਠੋਰ ਮਿਹਨਤ ਦਾ ਉਸ ਨੂੰ ਬਹੁਤ ਮਿੱਠਾ ਫਲ ਮਿਲਿਆ। ਯੂਨੀਵਰਸਿਟੀ ਵਿੱਚ ਉਸ ਨੇ ਮੈਰਿਟ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਆਪਣੇ ਕਾਲਜ ਅਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ।

ਵਿਦਿਆਰਥਣ ਦੀ ਸ਼ਲਾਘਾ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਕਿਹਾ ਕਿ ਸਾਨੂੰ ਬਹੁਤ ਮਿਆਨ ਮਹਿਸੂਸ ਹੋ ਰਿਹਾ ਹੈ ਕਿ ਸਾਡੀ ਵਿਦਿਆਰਥਣ ਯੂਨੀਵਰਸਿਟੀ ਮੈਰਿਟ ਵਿੱਚ ਸਥਾਨ ਹਾਸਿਲ ਕਰਕੇ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਬਣੀ ਹੈ। ਇਸ ਮੌਕੇ 'ਤੇ ਉਹਨਾਂ ਨੇ ਸਮੂਹ ਅਧਿਆਪਕ ਸਾਹਿਬਾਨਾਂ ਨੂੰ ਮੁਬਾਰਕਬਾਦ ਦਿੱਤੀ। ਜਿਨ੍ਹਾਂ ਦੀ ਬਦੌਲਤ ਵਿਦਿਆਰਥੀ ਸਿਖਰਾਂ ਤੇ ਪਹੁੰਚਦੇ ਹਨ ਅਤੇ ਦਿਨ-ਬ-ਦਿਨ ਤਰੱਕੀ ਦੀ ਪਉੜੀ ਚੜ੍ਹਦੇ ਹਨ। ਉਹਨਾਂ ਨੇ ਬੀ.ਏ. ਵਿਭਾਗ ਦੇ ਯੋਗ ਅਧਿਆਪਕਾਂ ਨੂੰ ਉਚੇਚੇ ਤੌਰ 'ਤੇ ਵਧਾਈ ਦਿੰਦਿਆਂ ਸਾਰੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਬੁਲੰਦੀਆਂ ਛੂਹਣ ਲਈ ਦੁਆਵਾਂ ਦਿੱਤੀਆਂ। ਇਸ ਤੋਂ ਇਲਾਵਾ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਸੁਖਦੇਵ ਸਿੰਘ ਮੈਡਮ ਕੁਲਦੀਪ ਕੌਰ, ਗੁਰਵਿੰਦਰ ਕੌਰ, ਮਨਜੀਤ ਕੌਰ, ਸੁਪ੍ਰੀਤ ਕੌਰ, ਨਵਨੀਤ ਕੌਰ, ਸੁਖਮਨਦੀਪ ਕੌਰ, ਪੂਰਤੀ ਸ਼ਰਮਾ, ਅਮਨਦੀਪ ਕੌਰ, ਪਵਨਦੀਪ ਕੌਰ, ਅਰਸ਼ਦੀਪ ਕੌਰ, ਬਲਜੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥਣ ਨੂੰ ਉਸ ਦੀ ਕਾਮਯਾਬੀ ਤੇ ਵਧਾਈ ਦਿੱਤੀ।

ਸਥਾਨਕ ਕਾਰੀਗਰਾਂ ਅਤੇ ਉੱਦਮੀਆਂ ਨੂੰ ਉਤਸ਼ਾਹਿਤ ਕਰਨ ਲਈ

# ਅਕਾਂਕਸ਼ਾ ਹਾਟ ਦਾ ਉਦਘਾਟਨ

☛ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਏ ਸੰਪੂਰਨਤਾ ਅਭਿਆਨ ਸਨਮਾਨ ਸਮਾਰੋਹ ਦੌਰਾਨ ਫਰੰਟਲਾਈਨ ਵਰਕਰਾਂ ਅਤੇ ਅਧਿਕਾਰੀਆਂ ਦਾ ਸਨਮਾਨ ☛ ਸਮੂਹ ਧਿਰਾਂ ਬਲਾਕ ਧੂਰੀ ਨੂੰ ਦੇਸ਼ ਦਾ ਵਿਕਸਤ ਬਲਾਕ ਬਣਾਉਣ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ - ਵਧੀਕ ਡਿਪਟੀ ਕਮਿਸ਼ਨਰ





ਸੰਗਰੂਰ ( ਰਣਜੀਤ ਸਿੰਘ ਪੇਧਨੀ ) ਭਾਰਤ ਸਰਕਾਰ ਦੇ ਅਦਾਰੇ ਨੀਤੀ ਅਯੋਗ ਵੱਲੋਂ ਸ਼ੁਰੂ ਕੀਤੇ ਗਏ ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਤਹਿਤ ਬਲਾਕ ਧੂਰੀ ਦਾ ਸੰਪੂਰਨਤਾ ਅਭਿਆਨ ਸਨਮਾਨ ਸਮਾਰੋਹ ਅੱਜ ਸਥਾਨਕ ਸਨ ਪਾਰਕ ਮੈਰਿਜ ਪੈਲੇਸ, ਧੂਰੀ ਰੋਡ, ਸੰਗਰੂਰ ਵਿਖੇ ਆਯੋਜਿਤ ਕੀਤਾ ਗਿਆ। ਜਿਸ ਦੌਰਾਨ ਬਲਾਕ ਧੂਰੀ ਨੂੰ ਦੇਸ਼ ਦੇ ਸਭ ਤੋਂ ਵਿਕਸਤ ਬਲਾਕਾਂ ਦੀ ਸ਼੍ਰੇਣੀ ਵਿੱਚ ਲਿਆਉਣ ਦਾ ਅਹਿਦ ਲਿਆ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰ ਸੁਖਚੈਨ ਸਿੰਘ ਪਪੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰ ਪਪੜਾ ਨੇ ਕਿਹਾ ਕਿ ਨੀਤੀ ਆਯੋਗ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਨੂੰ ਵੱਖ-ਵੱਖ ਖਾਸ ਖੇਤਰਾਂ ਵਿੱਚ ਅੱਗੇ ਲਿਜਾਣ ਲਈ ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਚਲਾਇਆ ਗਿਆ ਸੀ, ਜਿਸ ਤਹਿਤ ਬਲਾਕ ਧੂਰੀ ਨੂੰ ਐਸਪੀਰੇਸ਼ਨਲ ਬਲਾਕ ਘੋਸ਼ਿਤ ਕੀਤਾ ਗਿਆ ਸੀ। ਪ੍ਰੋਗਰਾਮ ਤਹਿਤ ਬਲਾਕ ਦੇ ਕਮਜ਼ੋਰ ਖੇਤਰਾਂ ਨੂੰ ਮਜ਼ਬੂਤੀ ਦੇਣ ਲਈ ਬਹੁਤ ਸਾਰੇ ਮਹੱਤਵਪੂਰਨ ਕਾਰਜ ਪੂਰੇ ਹੋ ਚੁੱਕੇ ਹਨ ਅਤੇ ਕੁਝ ਕਾਰਵਾਈ ਅਧੀਨ ਹਨ। ਉਨ੍ਹਾਂ ਕਿਹਾ ਕਿ ਸਾਰੇ ਪਹਿਲੂਆਂ ਵਿੱਚ ਬਲਾਕ ਧੂਰੀ ਹੁਣ ਤਰੱਕੀ ਕਰ ਰਿਹਾ ਹੈ। ਉਹਨਾਂ ਸਮੂਹ ਧਿਰਾਂ ਨੂੰ ਸੱਦਾ ਦਿੱਤਾ ਕਿ ਉਹ ਬਲਾਕ ਧੂਰੀ ਨੂੰ ਦੇਸ਼ ਦਾ ਵਿਕਸਤ ਬਲਾਕ ਬਣਾਉਣ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ। ਦੱਸਣਯੋਗ ਹੈ ਕਿ ਇਸ ਅਭਿਆਨ ਬਲਾਕ ਧੂਰੀ ਵਿਖੇ ਵੱਖ ਵੱਖ ਗਤੀਵਿਧੀਆਂ ਆਯੋਜਿਤ ਕੀਤੀਆਂ ਗਈਆਂ। ਅਭਿਆਨ ਤਹਿਤ ਜਿਹੜੇ 6 ਪਹਿਲੂਆਂ ਦੇ ਟੀਚਿਆਂ ਨੂੰ ਸਤ ਫੀਸਦੀ ਪੂਰਾ ਕਰਨ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ, ਉਨ੍ਹਾਂ ਵਿੱਚ ਸਿਹਤ, ਪੋਸ਼ਣ, ਖੇਤੀਬਾੜੀ, ਸਿੱਖਿਆ, ਸਮਾਜਿਕ ਤਰੱਕੀ ਆਦਿ ਨਾਲ ਸਬੰਧਤ ਕਾਰਜ ਸ਼ਾਮਲ ਹਨ। ਉਨ੍ਹਾਂ ਨੀਤੀ ਆਯੋਗ ਦੇ ਇਸ ਪ੍ਰੋਗਰਾਮ ਦੇ ਸੰਪੂਰਨਤਾ ਅਭਿਆਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਸਮੂਹ ਵਿਭਾਗਾਂ ਵੱਲੋਂ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਫਰੰਟਲਾਈਨ ਵਰਕਰਾਂ ਅਤੇ ਅਧਿਕਾਰੀਆਂ ਦਾ ਸਨਮਾਨ ਕੀਤਾ। ਉਹਨਾਂ ਕਿਹਾ ਕਿ ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਸਰਕਾਰ ਦੀ ਇੱਕ ਪਹਿਲਕਦਮੀ ਹੈ, ਜਿਸ ਦਾ ਮੁੱਖ ਉਦੇਸ਼ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਕਰਨਾ ਹੈ। ਜ਼ਿਲ੍ਹਾ ਪ੍ਰਸ਼ਾਸਨ, ਸੰਗਰੂਰ ਵੱਲੋਂ ਸਥਾਨਕ ਪ੍ਰਤਿਭਾ ਅਤੇ ਉੱਦਮ ਦੀ ਇੱਕ ਜੀਵੰਤ ਪ੍ਰਦਰਸ਼ਨੀ - ਅਕਾਂਕਸ਼ਾ ਹਾਟ ਦੀ ਵੀ ਸ਼ੁਰੂਆਤ ਕੀਤੀ ਗਈ ਹੈ। ਇਹ ਪ੍ਰਦਰਸ਼ਨੀ ਇਕ ਹਫ਼ਤਾ ਚੱਲੇਗੀ। ਇਸ ਪ੍ਰਦਰਸ਼ਨੀ ਵਿੱਚ ਸਥਾਨਕ ਕਾਰੀਗਰਾਂ ਅਤੇ ਉੱਦਮੀਆਂ ਦੁਆਰਾ ਤਿਆਰ ਕੀਤੇ ਗਏ ਦਸਤਕਾਰੀ, ਹੱਥ-ਖੱਡੀਆਂ ਤੇ ਜੈਵਿਕ ਉਤਪਾਦਾਂ ਅਤੇ ਰਵਾਇਤੀ ਭੋਜਨ ਸਟਾਲਾਂ ਨੂੰ ਪ੍ਰਦਰਸ਼ਿਤ ਕੀਤਾ ਜਾਵੇਗਾ। ਇਸ ਮੌਕੇ ਸ਼੍ਰੀ ਵਨੀਤ ਸ਼ਰਮਾ, ਡਿਪਟੀ ਸੀ.ਈ.ਓ., ਜ਼ਿਲ੍ਹਾ ਪ੍ਰੀਸ਼ਦ, ਸ੍ਰ ਪ੍ਰਭਦੀਪ ਸਿੰਘ ਨੱਥੋਵਾਲ ਡਿਪਟੀ ਡਾਇਰੈਕਟਰ ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਧਰਮਿੰਦਰਜੀਤ ਸਿੰਘ, ਡਾ ਮੁਹੰਮਦ ਅਖਤਰ ਐਸ, ਐਮ ਓ ਧੂਰੀ, ਸਿਮਰਨਜੀਤ ਸਿੰਘ ਖੱਟੜਾ, ਤਰਸੇਮ ਸਿੰਘ ਬੀਈਓ , ਜੁਗਰਾਜ ਸਿੰਘ ਘਨੌਰੀ , ਸੰਗਰੂਰ ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# ਪਿੰਡ ਦੇ ਵਿਕਾਸ ਕਾਰਜਾਂ 'ਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ : ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ



ਚੌਂਕ ਮਹਿਤਾ, 6 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)-ਪਿੰਡ ਦੇ ਵਿਕਾਸ ਕਾਰਜਾਂ ਵਿਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਆਉਣ ਵਾਲੇ ਥੋੜ੍ਹੇ ਸਮੇਂ ਵਿਚ ਪਿੰਡ ਚੰਨਣਕੇ ਵਿਕਾਸ ਪੱਖੋਂ ਨੰਬਰ ਇਕ ਪਿੰਡ ਹੋਵੇਗਾ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਦੇ ਪਿੰਡ ਦੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਨੇ ਪਿੰਡ ਦੀਆਂ ਗਲੀਆਂ ਦੇ ਚੱਲ ਰਹੇ ਵਿਕਾਸ ਕਾਰਜਾਂ ਦੇ ਕੰਮਾਂ ਦਾ ਜਾਇਜ਼ਾ ਲੈਣ ਮੌਕੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਜਿਸ ਵਿਸ਼ਵਾਸ਼ ਨਾਲ ਪਿੰਡ ਵਾਸੀਆਂ ਨੇ ਸਾਨੂੰ ਭਾਰੀ ਬਹੁਮਤ ਨਾਲ ਜਿਤਾਇਆ ਹੈ, ਉਸ ਵਿਸ਼ਵਾਸ਼ ਨੂੰ ਕਾਇਮ ਰੱਖਦੇ ਹੋਏ ਪਿੰਡ ਵਿਚ ਕੋਈ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਮੌਕੇ ਸਰਪੰਚ ਕੁਲਵਿੰਦਰ ਸਿੰਘ ਚੰਨਣਕੇ ਅਤੇ ਉਨ੍ਹਾਂ ਦੇ ਮੈਬਰ ਤੇ ਹੋਰ ਹੋਰ ਮੋਹਤਬਰ ਹਾਜ਼ਰ ਸਨ। ਗਲੀ, ਨਾਲੀ ਜਾਂ ਲਿੰਕ ਸੜਕ ਨੂੰ ਕੱਚਿਆਂ ਨਹੀ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ 'ਚ ਪਿੰਡ ਦੇ ਵਿਕਾਸ ਕਾਰਜਾਂ ਨੂੰ ਨੇਪੜੇ ਚਾੜਨ ਲਈ ਗ੍ਰਾਂਟ ਰਾਸ਼ੀ ਦੀ ਕੋਈ ਕਮੀਂ ਨਹੀ ਰਹਿਣ ਦਿੱਤੀ ਜਾਵੇਗੀ। ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਨੇ ਕਿਹਾ ਕਿ ਪਿੰਡ ਦੀ ਨੌਜਵਾਨ ਪੀੜੀ ਨੂੰ ਨਸ਼ਿਆਂ ਵਰਗੀ ਨਾਮੁਰਾਦ ਬਿਮਾਰੀ ਤੋਂ ਬਚਾਉਣ ਲਈ ਪਿੰਡ ਵਿਚ ਖੇਡ ਗਰਾਊਂਡ ਵੀ ਬਣਾਈ ਜਾਵੇਗੀ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾ ਸਕੇ । ਇਸ ਮੌਕੇ ਤੇ ਮੈਬਰ ਸਰਬਜੀਤ ਸਿੰਘ, ਮੈਬਰ ਸੂਬੇਦਾਰ ਕਰਤਾਰ ਸਿੰਘ, ਨੰਬਰਦਾਰ ਸਰਬਜੀਤ ਸਿੰਘ, ਯੂਥ ਪ੍ਰਧਾਨ ਬਾਵਾ ਜੀ, ਪ੍ਰਧਾਨ ਗੁਰਪ੍ਰੀਤ ਸਿੰਘ ਸਾਹ, ਆਦਿ ਆਗੂ ਹਾਜ਼ਰ ਸਨ।

## ਕੁੱਝ ਲੋਕ

ਜਿਹੜੇ ਮਾਤ ਭਾਸ਼ਾ ਦੇ ਅਦੀਬ ਹੁੰਦੇ ਨੇ ।
ਉਹ ਲੋਕ ਸੱਚੀਂ ਖ਼ੁਸ਼ਨਸੀਬ ਹੁੰਦੇ ਨੇ ।
ਕੁੱਝ ਲੋਕ ਪੈਸੇ ਪੱਖੋਂ ਹੁੰਦੇ ਨੇ ਅਮੀਰ ;
ਐਪਰ ਦਿਲੋਂ ਪੁੱਜ ਕੇ ਗ਼ਰੀਬ ਹੁੰਦੇ ਨੇ ।

**************************

ਕੁੱਝ ਲੋਕ ਜਿਵੇਂ ਤਸਵੀਰ ਹੁੰਦੇ ਨੇ ।
ਵੇਖਣ ਨੂੰ ਸੁੰਦਰ ਸਰੀਰ ਹੁੰਦੇ ਨੇ ।
ਪੈਸੇ ਧੇਲੇ ਪੱਖੋਂ ਭਾਵੇਂ ਹੁੰਦੇ ਨੇ ਗ਼ਰੀਬ ;
ਐਪਰ ਦਿਲੋਂ ਪੁੱਜ ਕੇ ਅਮੀਰ ਹੁੰਦੇ ਨੇ ।


**-ਮੂਲ ਚੰਦ ਸ਼ਰਮਾ ਪ੍ਰਧਾਨ , ਪੰਜਾਬੀ ਸਾਹਿਤ ਸਭਾ ਧੂਰੀ ਜ਼ਿਲ੍ਹਾ ਸੰਗਰੂਰ, 9914836037**

# ਸਿਹਤ ਵਿਭਾਗ ਵੱਲੋ ਮਾਂ ਦੇ ਦੁੱਧ ਦੀ ਮਹੱਤਤਾ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ- ਡਾ. ਰਵੀ ਕਾਂਤ



ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)- ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਦੀ ਯੋਗ ਅਗਵਾਈ ਹੇਠ ਬਲਾਕ ਦੇ ਵੱਖ-ਵੱਖ ਪਿੰਡਾ ਅਤੇ ਸਿਹਤ ਸੰਸਥਾਵਾਂ ਵਿੱਚ ਮਿਤੀ 1 ਅਗਸਤ ਤੋਂ 7 ਅਗਸਤ ਤੱਕ ਮਾਂ ਦੇ ਦੁੱਧ ਦੀ ਮਹੱਤਤਾ ਸਬੰਧੀ ਹਫਤਾ ਮਨਾਉਣ ਤਹਿਤ ਜਾਗਰੂਕਤਾ ਗਤੀਵਿਧੀਆ ਕੀਤੀਆ ਜਾ ਰਹੀਆ ਹਨ। ਇਸੇ ਲੜੀ ਤਹਿਤ ਐਸ.ਡੀ.ਐਚ ਤਲਵੰਡੀ ਸਾਬੋ ਵਿਖੇ ਇੱਕ ਜਾਗਰੂਕਤਾ ਕੈਂਪ ਗਿਆ ਜਿਸ ਵਿੱਚ ਬੱਚਿਆਂ ਦੇ ਮਾਹਰ ਡਾ. ਤਜਿੰਦਰ ਕੌਰ ਨੇ ਦੱਸਿਆ ਕਿ ਮਾਂ ਦਾ ਦੁੱਧ ਬੱਚੇ ਲਈ ਅਮ੍ਰਿਤ ਹੁੰਦਾ ਹੈ। ਇਸ ਦੁੱਧ ਵਿੱਚ ਬੱਚੇ ਲਈ ਲੋੜੀਦੇ ਪੋਸ਼ਿਟਕ ਤੱਤ ਆਦਿ ਮੌਜੂਦ ਹੁੰਦੇ ਹਨ ਅਤੇ ਇਸ ਗਾੜਾ ਦੁੱਧ ਪੀਣ ਨਾਲ ਬੱਚੇ ਨੂੰ ਬਿਮਾਰੀਆਂ ਨਾਲ ਲੜਨ ਦੀ ਸਕਤੀ ਮਿਲਦੀ ਹੈ ਅਤੇ ਬੱਚੇ ਦਾ ਸਰੀਰਿਕ ਅਤੇ ਮਾਨਸਿਕ ਵਿਕਾਸ ਵੀ ਸਹੀ ਢੰਗ ਨਾਲ ਹੁੰਦਾ ਹੈ। ਇਸ ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਹਾਜਰੀਨ ਨੂੰ ਕਿਹਾ ਕਿ ਬੱਚੇ ਨੂੰ ਜਨਮ ਤੋਂ ਲੈ ਕਿ ਪਹਿਲੇ ਛੇ ਮਹੀਨੇ ਕੇਵਲ ਮਾਂ ਦਾ ਦੁੱਧ ਜਰੂਰ ਪਿਲਾਉਣਾ ਚਾਹੀਦਾ ਹੈ ਕਿਉਕਿ ਇਸ ਦੁੱਧ ਨਾਲ ਬੱਚੇ ਦੀ ਰੋਜਾਨਾ ਦੀ ਖੁਰਾਕ ਸਮੇਤ ਪਾਣੀ ਦੀ ਲੋੜੀਦੀ ਮਾਤਰਾ ਪੂਰੀ ਹੁੰਦੀ ਹੈ। ਉਹਨਾ ਕਿਹਾ ਕਿ ਹਰ ਗਰਭਵਤੀ ਔਰਤ ਨੂੰ ਗਰਭ ਅਵਸਥਾ ਤੋਂ ਲੈ ਕੇ ਬੱਚੇ ਦੇ ਦੁੱਧ ਪੀਣ ਤੱਕ ਸੰਤੁਲਿਤ ਖੁਰਾਕ ਲੈਣੀ ਚਾਹੀਦੀ ਹੈ ਤਾਂ ਜੋ ਉਸਦੀ ਆਪਣੀ ਸਿਹਤ ਦੇ ਨਾਲ ਨਾਲ ਦੁੱਧ ਲੈ ਰਹੇ ਬੱਚੇ ਦੀ ਸਿਹਤ ਵੀ ਤੰਦਰੁਸਤ ਰਹੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀਮਤੀ ਕਰਮਜੀਤ ਕੌਰ ਸਟਾਫ ਨਰਸ, ਸ੍ਰੀਮਤੀ ਕਿਰਨ ਕੌਰ ਸਟਾਫ ਨਰਸ ਅਤੇ ਆਸ਼ਾ ਵਰਕਰ ਆਦਿ ਹਾਜਰ ਸਨ।

# 'ਨਿਸ਼ਕਾਮਤਾ'


ਸ੍ਰੀ ਅਕਾਲ ਤਖ਼ਤ ਸਾਹਿਬ
Sri Akal Takhat Sahib, Sri Amritsar Sahib

ਨਦਰਿ-ਏ-ਕਰਮ ਬਗੈਰ ਸੰਭਵ ਨਹੀਂ । ਗੁਰਬਾਣੀ ਦੇ ਅਰਥ ਬੇਸ਼ੱਕ ਕਿਸੇ ਵੀ ਪ੍ਰਣਾਲੀ ਜਾਂ ਪ੍ਰਬੰਧਕੀ ਸੰਸਥਾ ਤੋਂ ਪੜ੍ਹੇ ਹੋਣ । ਕੁਲਦੀਪ ਸਿੰਘ ' ਗੜਗੱਜ ' ਦੀ ਕਾਰਗੁਜਾਰੀ ਨੇ ਇਹ ਸਾਬਿਤ ਕਰ ਦਿੱਤਾ ਹੈ । ਗੁਰਬਾਣੀ ਦੇ ' ਸ਼ੁੱਧ ਅਰਥਾਂ ' ਦੇ ਗਿਆਤਾ ਹੋਣ ਦਾ ' ਦਾਅਵਾ ' ਕਰਨ ਵਾਲੀ ਇੱਕ ' ਸ਼੍ਰੇਣੀ ' ਨੇ ਸ਼ਾਇਦ ਇਸੇ ਕਰਕੇ ਹੀ ' ਗੜਗੱਜ ਸਾਬ੍ਹ ' ਤੋਂ ਉਮੀਦਾਂ ਲਾਉਂਦਿਆਂ ਬੜੀ ਡਟਵੀਂ ਹਮਾਇਤ ਕੀਤੀ ਸੀ । ਪਰ ਇੰਝ ਨਹੀਂ ਹੁੰਦਾ । ਹੋ ਸਕਦਾ ਹੀ ਨਹੀਂ । ਪਰ ਚਲੋ, ਇਸ ਬਹਾਨੇ ਵੱਡੀ ਸਿੱਖਿਆ ਤਾਂ ਮਿਲੀ ਸਭ ਨੂੰ । *ਹੁਣ ਗੜਗੱਜ ਸਾਬ੍ਹ ਨਾਲ ਖਿਚਵਾ ਕੇ ਸੋਸ਼ਲ ਮੀਡੀਆ ਤੇ ਪਾਈਆਂ ਫੋਟਮਾਂ ਤੇ ਲਿਖਤਾਂ ਉੱਥੇ ਈ ਸਲਾਮਤ ਰਹਿਣ ਦਿਆ ਜੁ । ** ਅਖੇ, ਜਿਹੜਾ ਨਹੀਂ ਵੀ ਸ੍ਰੀ ਅਕਾਲ ਤਖਤ ਸਾਹਿਬ ਜੀ ਦਾ ਆਦੇਸ ਮੰਨਣਾ ਚਾਹੁੰਦਾ, ਉਸਨੂੰ ਵੀ ' ਮੁਬਾਰਕ'। ਹੱਦ ਹੋਗੀ !!! ਦਸਮ ਪਾਤਸ਼ਾਹ ਸਭ ਥਾਈਂ ਹੋਇ ਸਹਾਇ।

**-ਜਸਵੰਤ ਸਿੰਘ ਰੋਡੇ**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

### ਸੁਖਬੀਰ ਬਾਦਲ ਅਤੇ ਸਰਨੇ ਦੇ ਦਬਾਅ ਹੇਠ 2 ਦਸੰਬਰ ਦੇ

# ਫ਼ੈਸਲਿਆਂ ਨੂੰ ਬਦਲਾ ਰਹੇ ਨੇ ਜਥੇਦਾਰ ਕੁਲਦੀਪ ਸਿੰਘ ਗੜਗੱਜ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ

**ਅੰਮ੍ਰਿਤਸਰ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਜੋ ਸੁਖਬੀਰ ਸਿੰਘ ਬਾਦਲ ਅਤੇ ਪਰਮਜੀਤ ਸਿੰਘ ਸਰਨਾ ਦੇ ਸਿਆਸੀ ਹਿੱਤਾਂ ਦੀ ਪੂਰਤੀ ਲਈ 2 ਦਸੰਬਰ 2024 ਦੇ ਇਤਿਹਾਸਕ ਫ਼ੈਸਲਿਆਂ ਨੂੰ ਬਦਲ ਰਹੇ ਨੇ, ਇਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤੌਹੀਨ ਹੈ ਜਿਸ ਨੂੰ ਖ਼ਾਲਸਾ ਪੰਥ ਬਰਦਾਸ਼ਤ ਨਹੀਂ ਕਰੇਗਾ ਤੇ ਜਥੇਦਾਰ ਨੂੰ ਸੰਗਤਾਂ ਦੇ ਰੋਹ ਅਤੇ ਰੋਸ ਦਾ ਸ਼ਿਕਾਰ ਹੋਣਾ ਪਵੇਗਾ। ਉਹਨਾਂ ਕਿਹਾ ਕਿ ਜਥੇਦਾਰ ਬਣਨ ਸਮੇਂ ਗੜਗੱਜ ਨੇ ਕਿਹਾ ਸੀ ਕਿ ਉਹ 2 ਦਸੰਬਰ ਦੇ ਫ਼ੈਸਲਿਆਂ ਨੂੰ ਨਹੀਂ ਛੇੜਨਗੇ। ਪਰ ਉਹਨਾਂ ਦੀ ਨਿਯੁਕਤੀ ਤਾਂ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਹਟਾ ਕੇ ਇਹ ਫ਼ੈਸਲੇ ਬਦਲਾਉਣ ਲਈ ਹੀ ਕੀਤੀ ਗਈ ਸੀ ਤੇ ਹੁਣ ਜਥੇਦਾਰ ਗੜਗੱਜ ਜੋ ਸਾਬਕਾ ਜਥੇਦਾਰ ਗੁਰਬਚਨ ਸਿੰਘ ਦੇ ਰਾਹਾਂ ਉੱਤੇ ਚੱਲ ਪਏ ਹਨ ਤੇ ਬਾਦਲਕਿਆਂ ਪਿੱਛੇ ਲੱਗ ਕੇ ਕਲੰਕ ਲਵਾਉਣਗੇ। ਉਹਨਾਂ ਕਿਹਾ ਕਿ ਅੱਜ ਦੇ ਸੰਦੇਸ਼ ਵਿੱਚ ਜਥੇਦਾਰ ਗੜਗੱਜ ਮੀਰੀ ਪੀਰੀ ਦੇ ਸਿਧਾਂਤਾਂ ਦੇ ਵਿਰੋਧ ਵਿੱਚ ਜਾ ਕੇ ਇਹ ਗੱਲ ਕਹਿ ਰਹੇ ਨੇ ਕਿ "ਕੋਈ ਵੀ ਧਿਰ ਜਾਂ ਕਮੇਟੀ ਆਪਣੇ ਆਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੋਣ ਦਾ ਦਾਅਵਾ ਨਾ ਕਰੇ।" ਭਾਈ ਰਣਜੀਤ ਸਿੰਘ ਨੇ ਕਿਹਾ ਕਿ ਜਥੇਦਾਰ ਨੂੰ ਇਹ ਗੱਲ ਭੁੱਲ ਗਈ ਕਿ ਅਕਾਲੀ ਦਲ ਤਾਂ ਹੁੰਦਾ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧੀਨ ਹੈ। ਜਥੇਦਾਰ ਗੜਗੱਜ ਨੇ ਆਪਣੀ ਇਸ ਗੱਲ 'ਚ 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬਣੀ ਪੰਜ ਮੈਂਬਰੀ ਕਮੇਟੀ ਨੂੰ ਨਿਸ਼ਾਨਾ ਬਣਾਇਆ ਹੈ ਅਤੇ ਅਕਾਲੀ ਦਲਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਦੂਰ ਕਰਨ ਦਾ ਯਤਨ ਕੀਤਾ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਜਿਸ ਪੰਜ ਮੈਂਬਰੀ ਕਮੇਟੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਹੀ ਸਥਾਪਿਤ ਕੀਤਾ ਹੈ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਕਿਉਂ ਨਾ ਚੱਲੇ, ਨਾਮ ਕਿਉਂ ਨਾ ਵਰਤੇ ? ਉਹ ਪੰਜ ਮੈਂਬਰੀ ਕਮੇਟੀ ਤਾਂ ਤਖ਼ਤ ਸਾਹਿਬ ਦੇ ਹੁਕਮਾਂ ਤਹਿਤ ਹੀ ਭਰਤੀ ਅਤੇ ਹੋਰ ਸਰਗਰਮੀਆਂ ਕਰ ਰਹੀ ਹੈ। ਸਗੋਂ ਇਸ ਕਮੇਟੀ ਦੇ ਦੋ ਮੈਂਬਰਾਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਪ੍ਰੋਫੈਸਰ ਕਿਰਪਾਲ ਸਿੰਘ ਬੰਡੂਗਰ ਨੇ ਸੁਖਬੀਰ ਬਾਦਲ ਅੱਗੇ ਗੋਡੇ ਟੇਕਦਿਆਂ ਅਸਤੀਫ਼ੇ ਦੇ ਕੇ ਤਖ਼ਤ ਸਾਹਿਬ ਵੱਲ ਪਿੱਠ ਕੀਤੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਜਥੇਦਾਰ ਗੜਗੱਜ ਨੂੰ ਚਾਹੀਦਾ ਸੀ ਕਿ ਉਹ ਪੰਜ ਮੈਂਬਰੀ ਕਮੇਟੀ ਨੂੰ ਮੱਤਾਂ ਦੇਣ ਦੀ ਬਜਾਏ ਸੁਖਬੀਰ ਸਿੰਘ ਬਾਦਲ ਵਿਰੁੱਧ ਕਾਰਵਾਈ ਕਰਦੇ ਜਿਸ ਨੇ ਤਨਖਾਹ ਪੂਰੀ ਨਹੀਂ ਕੀਤੀ, ਸੱਤ ਮੈਂਬਰੀ ਕਮੇਟੀ ਨੂੰ ਨਹੀਂ ਸੀ ਮੰਨਿਆ, ਪ੍ਰਧਾਨਗੀ ਨਹੀਂ ਸੀ ਛੱਡਦਾ, ਅਯੋਗ ਆਗੂ ਹੋਣ ਦੇ ਬਾਵਜੂਦ ਅਕਾਲੀ ਦਲ ਉੱਤੇ ਕਬਜ਼ਾ ਕਰਕੇ ਬੈਠਾ ਹੈ।

ਬਾਦਲਕਿਆਂ ਨੇ ਫੈਡਰੇਸ਼ਨ ਦੇ ਪ੍ਰਧਾਨ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਅਤੇ ਪੰਜ ਮੈਂਬਰੀ ਕਮੇਟੀ ਦੀ ਆਗੂ ਬੀਬੀ ਸਤਵੰਤ ਕੌਰ ਦੀ ਵੀ ਕਿਰਦਾਰਕੁਸ਼ੀ ਕੀਤੀ ਅਤੇ 2 ਦਸੰਬਰ ਦੇ ਫੈਸਲੇ ਸੁਣਾਉਣ ਵਾਲੇ ਤਿੰਨੇ ਸਤਿਕਾਰਯੋਗ ਜਥੇਦਾਰਾਂ ਗਿਆਨੀ ਰਘਬੀਰ ਸਿੰਘ, ਗਿਆਨੀ ਹਰਪ੍ਰੀਤ ਸਿੰਘ ਅਤੇ ਗਿਆਨੀ ਸੁਲਤਾਨ ਸਿੰਘ ਨੂੰ ਅਹੁਦੇ ਤੋਂ ਹਟਾ ਦਿੱਤਾ ਤੇ ਉਹਨਾਂ ਉੱਤੇ ਇਲਜ਼ਾਮਬਾਜ਼ੀ ਕੀਤੀ।

### ਸੁਖਬੀਰ ਬਾਦਲ, ਧਾਮੀ ਤੇ ਬੰਡੂਗਰ ਅਕਾਲ ਤਖ਼ਤ ਸਾਹਿਬ ਤੋਂ ਭਗੌੜੇ ਹਨ : ਭਾਈ ਰਣਜੀਤ ਸਿੰਘ

ਭਾਈ ਰਣਜੀਤ ਸਿੰਘ ਨੇ ਕਿਹਾ ਕਿ ਜਥੇਦਾਰਾਂ ਵਾਲੀ ਮੀਟਿੰਗ ਵਿੱਚ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਗ੍ਰੰਥੀ ਅਤੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਦਾ ਸ਼ਾਮਲ ਨਾ ਹੋਣਾ ਇਸ ਖੇਡ ਦਾ ਪਰਦਾਫਾਸ਼ ਕਰਦਾ ਹੈ ਕਿਉਂਕਿ ਗਿਆਨੀ ਰਘਬੀਰ ਸਿੰਘ ਨੇ ਯਕੀਨਨ ਅੱਜ ਵਾਲੇ ਫੈਸਲੇ ਦਾ ਵਿਰੋਧ ਕਰਨਾ ਸੀ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਇਹ ਦੋ ਧੜਿਆਂ ਦਾ ਰੌਲਾ ਨਹੀਂ ਬਲਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਭੂਸੱਤਾ, ਮਹਾਨਤਾ, ਸਰਵਉੱਚਤਾ ਅਤੇ ਸਨਮਾਨ ਨੂੰ ਕਾਇਮ ਰੱਖਣ ਦੀ ਗੱਲ ਹੈ ਜਿਸ ਨੂੰ ਬਾਦਲ ਦਲ 2 ਦਸੰਬਰ ਦੇ ਫੈਸਲੇ ਬਦਲਾ ਕੇ ਰੋਲਣ ਦਾ ਯਤਨ ਕਰ ਰਿਹਾ ਹੈ। ਭਾਈ ਰਣਜੀਤ ਸਿੰਘ ਨੇ ਜਥੇਦਾਰ ਗੜਗੱਜ ਨੂੰ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਭਗੌੜੇ ਅਤੇ ਪੰਥ ਦੇ ਗ਼ੱਦਾਰ ਬਾਦਲਕਿਆਂ ਨਾਲ ਏਕਤਾ ਅਤੇ ਸਾਂਝ ਹੋ ਹੀ ਨਹੀਂ ਸਕਦੀ, ਬਾਦਲਕਿਆਂ ਨੂੰ ਖ਼ਾਲਸਾ ਪੰਥ ਵਿੱਚੋਂ ਛੇਕਣਾ ਚਾਹੀਦਾ ਹੈ। ਭਾਈ ਰਣਜੀਤ ਸਿੰਘ ਨੇ ਇਹ ਵੀ ਕਿਹਾ ਕਿ ਅਸਲ ਅਕਾਲੀ ਦਲ ਤਾਂ ਸਿਮਰਨਜੀਤ ਸਿੰਘ ਮਾਨ ਵਾਲਾ ਹੈ ਜੋ 1994 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਂਦ ਵਿੱਚ ਆਇਆ ਸੀ ਤੇ ਬਾਦਲਕਿਆਂ ਨੇ ਦਿੱਲੀ ਨਾਲ ਮਿਲ ਕੇ ਸਰਕਾਰਾਂ ਮਾਣੀਆਂ ਤੇ ਅਕਾਲੀ ਦਲ ਅੰਮ੍ਰਿਤਸਰ ਨੂੰ ਨੁੱਕਰੇ ਲਾਈ ਰੱਖਿਆ ਤੇ ਹੁਣ ਇਹੀ ਕੁਝ ਬਾਦਲਕੇ ਪੰਜ ਮੈਂਬਰੀ ਕਮੇਟੀ ਨਾਲ ਕਰਨਾ ਚਾਹੁੰਦੇ ਹਨ ਜੋ ਸ੍ਰੀ ਅਕਾਲ ਤਖਤ ਸਾਹਿਬ ਨੂੰ ਵੰਗਾਰ ਹੈ।

### 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ


# ਸਜਾਇਆ ਜਾਵੇਗਾ ਨਗਰ ਕੀਰਤਨ: ਪ੍ਰਬੰਧਕ ਕਮੇਟੀ ਤਖਤ ਪਟਨਾ ਸਾਹਿਬ



**ਨਵੀਂ ਦਿੱਲੀ, 6 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-ਬੀਤੇ ਕੱਲ੍ਹ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਦੀ ਅਗਵਾਈ ਹੇਠ ਇਕ ਵਫ਼ਦ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਬਾਰੇ ਵਿਚਾਰ-ਚਰਚਾ ਕੀਤੀ। ਵਫ਼ਦ ਨੇ ਐਡਵੋਕੇਟ ਧਾਮੀ ਨੂੰ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ 31 ਅਗਸਤ ਨੂੰ ਸਜਾਏ ਜਾ ਰਹੇ ਨਗਰ ਕੀਰਤਨ ਵਿਚ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਅਤੇ ਸਿੱਖ ਸੰਸਥਾ ਵੱਲੋਂ ਸਹਿਯੋਗ ਦੀ ਅਪੀਲ ਕੀਤੀ। ਇਸ ਵਫ਼ਦ ਵਿਚ ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ, ਸਿੱਖ ਆਗੂ ਸ. ਜਸਬੀਰ ਸਿੰਘ ਧਾਮ ਮੁੰਬਈ, ਜਨਰਲ ਸਕੱਤਰ ਸ. ਇੰਦਰਜੀਤ ਸਿੰਘ ਅਤੇ ਮੀਤ ਪ੍ਰਧਾਨ ਸ. ਗੁਰਵਿੰਦਰ ਸਿੰਘ ਮੌਜੂਦ ਸਨ। ਮੁਲਾਕਾਤ ਦੌਰਾਨ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਜੀ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਪਟਨਾ ਸਾਹਿਬ ਤੋਂ 31 ਅਗਸਤ ਨੂੰ ਵਿਸ਼ੇਸ਼ ਤੌਰ 'ਤੇ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ, ਜੋ ਝਾੜਖੰਡ, ਬੰਗਾਲ, ਕਲਕੱਤਾ, ਆਸਣਸੋਹਲ, ਉੜੀਸਾ, ਬਨਾਰਸ, ਕਾਨ੍ਹਪੁਰ, ਲਖਨਊ, ਉਤਰਾਖੰਡ, ਦਿੱਲੀ ਅਤੇ ਹਰਿਆਣਾ ਰਾਹੀਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚੇਗਾ। ਉਨ੍ਹਾਂ ਕਿਹਾ ਕਿ ਅੱਜ ਉਹ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੂੰ ਜਿਥੇ ਸ਼ਮੂਲੀਅਤ ਲਈ ਬੇਨਤੀ ਕਰਨ ਆਏ ਹਨ, ਉਥੇ ਹੀ ਉਨ੍ਹਾਂ ਨੇ ਸਿੱਖ ਸੰਸਥਾ ਵੱਲੋਂ ਸਹਿਯੋਗ ਲਈ ਵੀ ਅਪੀਲ ਕੀਤੀ ਹੈ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਕੌਮ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਕੌਮੀ ਜਾਹੋ-ਜਲਾਲ ਨਾਲ ਮਨਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸਜਾਏ ਜਾ ਰਹੇ ਨਗਰ ਕੀਰਤਨ ਲਈ ਹਰ ਤਰ੍ਹਾਂ ਦੇਵੇਗੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਆਗੂਆਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਰਣਜੀਤ ਸਿੰਘ ਕਾਹਲੋਂ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਰਣਜੀਤ ਸਿੰਘ ਜਲੰਧਰ ਸਮੇਤ ਹੋਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# "ਸ੍ਰੀ ਅਕਾਲ ਤਖ਼ਤ ਦਾ ਦਫਤਰ" ਬਣਾ ਕੇ ਅਸਪਸ਼ਟ ਫੈਸਲੇ ਕਰਨੇ ਵੀ ਪੰਥਕ ਮਰਿਆਦਾ ਨਹੀਂ"



ੴ ਵਾਹਿਗੁਰੂ ਜੀ ਕੀ ਫ਼ਤਹ ॥

**ਸ੍ਰੀ ਅਕਾਲ ਤਖ਼ਤ ਸਾਹਿਬ**
ਸ੍ਰੀ ਅੰਮ੍ਰਿਤਸਰ ਸਾਹਿਬ
Sri Akal Takhat Sahib, Sri Amritsar Sahib

ਨੰਬਰ ਅ:3/੨੨੯ ਮਿਤੀ 0੬-0੮-੨0੨੫

ਮਤਾ ਨੰਬਰ 0੧

ਅੱਜ ਮਿਤੀ ੨੨ ਸਾਵਣ ਨਾਨਕਸ਼ਾਹੀ ਸੰਮਤ ੫੫੭ ਮੁਤਾਬਿਕ 0੬ ਅਗਸਤ ੨0੨੫ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿੱਚ ਪਿਛਲੇ ਕੁਝ ਸਮੇਂ ਤੋਂ ਵੱਖ-ਵੱਖ ਸਿੰਘ ਸਭਾਵਾਂ, ਸਿੱਖ ਸਿਆਸੀ ਧਿਰਾਂ ਅਤੇ ਧਾਰਮਿਕ ਜਥੇਬੰਦੀਆਂ ਵੱਲੋਂ ਪ੍ਰਾਪਤ ਹੋਏ ਪੱਤਰਾਂ ਵਿੱਚ ਪੁੱਜੀਆਂ ਸ਼ਿਕਾਇਤਾਂ ਕਿ, "ਕੁਝ ਧਿਰਾਂ ਆਪਣੇ ਆਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਰਪ੍ਰਸਤੀ ਹੋਣ ਦਾ ਦਾਅਵਾ ਕਰਕੇ ਸਿਆਸੀ ਲਾਭ ਲੈਣ ਦੀ ਕੋਸ਼ਿਸ਼ ਕਰ ਰਹੀਆਂ ਹਨ" - ਦਾ ਮਾਮਲਾ ਵਿਚਾਰਿਆ ਗਿਆ।

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ 0੨ ਦਸੰਬਰ ੨0੨੪ ਨੂੰ ਪੰਜ ਸਿੰਘ ਸਾਹਿਬਾਨ ਵਲੋਂ ਕੀਤੇ ਗਏ ਆਦੇਸ਼ ਵਿੱਚ ਸਮੂਹ ਅਕਾਲੀ ਦਲ ਧਿਰਾਂ ਨੂੰ ਤਾਕੀਦ ਕੀਤੀ ਗਈ ਸੀ ਕਿ ਉਹ ਆਪੋ ਆਪਣੇ ਵੱਖਰੇ ਚੁੱਲ੍ਹੇ ਸਮੇਟ ਕੇ ਇਕਜੁੱਟ ਹੋਣ। ਇਸ ਸਬੰਧੀ ਹੁਣ ਤਕ ਕੋਈ ਸਾਰਥਕ ਨਤੀਜੇ ਸਾਹਮਣੇ ਨਹੀਂ ਆਏ। ਅੱਜ ਸਿੱਖ ਵਿਸ਼ਵ ਭਰ ਅੰਦਰ ਵੱਖ-ਵੱਖ ਦੇਸ਼ਾਂ, ਸਿਆਸੀ ਧਿਰਾਂ ਵਿੱਚ ਰਹਿੰਦਾ ਹੋਇਆ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਹਰ ਸਿੱਖ ਮਾਈ ਭਾਈ ਦੇ ਹੱਕ ਹਕੂਕ ਤੇ ਹਿੱਤ ਵਿੱਚ ਖੜ੍ਹਾ ਹੈ। ਜੇਕਰ 0੨ ਦਸੰਬਰ ੨0੨੪ ਨੂੰ ਹੋਏ ਆਦੇਸ਼ ਨੂੰ ਕੋਈ ਵੀ ਧਿਰ ਇੰਨ-ਬਿੰਨ ਨਹੀਂ ਮੰਨਣਾ ਚਾਹੁੰਦੀ ਤਾਂ ਉਨ੍ਹਾਂ ਨੂੰ ਆਪੋ-ਆਪਣੀ ਸਿਆਸਤ ਮੁਬਾਰਕ ਹੈ, ਪਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਦਾ ਦਾਅਵਾ ਕਰਕੇ ਸੰਗਤ ਵਿੱਚ ਭਰਮ-ਭੁਲੇਖੇ ਪੈਦਾ ਨਾ ਕੀਤੇ ਜਾਣ। ਕਿਉਂਕਿ ਵੱਖੋ-ਵੱਖਰੇ ਚੁੱਲ੍ਹੇ ਕਾਇਮ ਰੱਖ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ ਦੀ ਭਾਵਨਾ ਸੰਪੂਰਨ ਨਹੀਂ ਕੀਤੀ ਜਾ ਸਕਦੀ।

ਅੱਜ ਦੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਦੀਰਘ ਵਿਚਾਰ ਵਟਾਂਦਰਾ ਕਰਕੇ ਆਦੇਸ਼ ਕੀਤਾ ਜਾਂਦਾ ਹੈ ਕਿ ਕੋਈ ਵੀ ਧਿਰ ਜਾਂ ਕਮੇਟੀ ਆਪਣੇ ਆਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੋਣ ਦਾ ਦਾਅਵਾ ਨਾ ਕਰੇ। ਖ਼ਾਲਸਾ ਪੰਥ ਦੇ ਵਡੇਰੇ ਹਿਤਾਂ, ਪੰਜਾਬ ਦੀ ਜ਼ਮੀਨ ਨੂੰ ਬਚਾਉਣ, ਸਿੱਖ ਪਛਾਣ ਤੇ ਕਕਾਰਾਂ ਨੂੰ ਦਰਪੇਸ਼ ਚੁਣੌਤੀਆਂ, ਮੌਜੂਦਾ ਤਕਨੀਕੀ (ਆਰਟੀਫੀਸ਼ੀਅਲ ਇੰਟੈਲੀਜੈਂਸ) ਯੁੱਗ ਅੰਦਰ ਸਿੱਖ ਇਤਿਹਾਸ, ਸਿਧਾਂਤ ਅਤੇ ਪਾਵਨ ਗੁਰਬਾਣੀ ਨਾਲ ਛੇੜਛਾੜ ਅਤੇ ਦੇਸ਼-ਵਿਦੇਸ਼ ਅੰਦਰ ਸਿੱਖਾਂ ਨੂੰ ਨਿਸ਼ਾਨਾ ਬਣਾਏ ਜਾਣ ਦੇ ਮਾਮਲਿਆਂ ਨੂੰ ਨਜਿੱਠਣ ਲਈ ਸਮੂਹ ਅਕਾਲੀ ਅਤੇ ਪੰਥਕ ਧਿਰਾਂ ਲਾਮਬੰਦੀ ਕਰਕੇ ਇਕਜੁੱਟ ਹੋ ਕੇ ਚੱਲਣ।

(ਸੁਲਤਾਨ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

(ਕੁਲਦੀਪ ਸਿੰਘ)
ਕਾਰਜਕਾਰੀ ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ।

(ਕੇਵਲ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

(ਟੇਕ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਦਮਦਮਾ ਸਾਹਿਬ,
ਤਲਵੰਡੀ ਸਾਬ੍ਹੋ, ਬਠਿੰਡਾ।

(ਮੰਗਲ ਸਿੰਘ)
ਪੰਜ ਪਿਆਰਾ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

83-2540820 | E-Mail : akaltakhatsahib84@gmail.com



ਹੁਕਮਨਾਮੇ ਤੇ ਬਹਿਸ ਕਰਨਾ ਪੰਥਕ ਮਰਿਆਦਾ ਨਹੀਂ। ਪਰ "ਅਕਾਲ ਤਖ਼ਤ ਦਾ ਦਫਤਰ" ਬਣਾ ਕੇ ਅਸਪਸ਼ਟ ਫੈਸਲੇ ਕਰਨੇ ਵੀ ਪੰਥਕ ਮਰਿਆਦਾ ਨਹੀਂ। ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਉਹ ਦੋ ਦਸੰਬਰ 2024 ਦੇ ਹੁਕਮਨਾਮੇ ਨੂੰ ਮੰਨਦੇ ਹਨ ਕਿ ਨਹੀਂ। ਅਕਾਲ ਤਖਤ ਦੀ ਫ਼ਸੀਲ ਤੋ ਐਲਾਨ ਹੋਈ ਕਮੇਟੀ ਨੂੰ ਅਕਾਲ ਤਖਤ ਦਾ ਨਾਂ ਲੈਣ ਤੋਂ ਰੋਕਣ ਦਾ ਕੀ ਮਤਲਬ ਹੈ ? ਅਕਾਲ ਤਖ਼ਤ ਤੋਂ ਹੋਏ ਹੁਕਮਨਾਮੇ ਨੂੰ ਅਕਾਲ ਤਖ਼ਤ ਦਾ ਜਥੇਦਾਰ ਅਖਵਾਉਣ ਵਾਲਾ, ਇਕ ਮੱਤੇ ਰਾਹੀ, ਹੁਕਮਨਾਮਾ ਨਾ ਮੰਨਣ ਦੀ ਕਿਵੇਂ ਛੋਟ ਦੇ ਸਕਦਾ ਹੈ ? ਰਾਤ ਦੇ ਹਨੇਰੇ ਜਾਂ ਅੰਮ੍ਰਿਤ ਵੇਲੇ ਮਰਯਾਦਾ ਭੰਗ ਕਰਕੇ ਬਣਿਆ ਜਥੇਦਾਰ ਨਵੀਆਂ ਪਿਰਤਾਂ ਪਾ ਰਿਹਾ ਹੈ ਜੋ ਗਲਤ ਹੈ। ਸਪੱਸ਼ਟ ਕਰੋ ਕੀ ਕਹਿਣਾ ਚਾਹੁੰਦੇ ਹੋ। ਇਓ ਜਾਪਦਾ ਹੈ ਇਹ ਮੱਤਾ ਕਿਤੋਂ ਲਿਖਿਆ ਲਿਖਾਇਆ ਆਇਆ ਹੈ।

**ਵੱਲੋਂ- ਬੀਬੀ ਕਿਰਨਜੋਤ ਕੌਰ**

ਆਵਾਜ਼ਿ ਕੌਮ AWAZE QAUM International Newspaper & WEB TV

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਕਈ ਮੁੱਦਿਆਂ 'ਤੇ ਵਿਚਾਰਾਂ ਕੀਤੀਆਂ ਗਈਆਂ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਹੋਈ ਹੈ ਅਸੀਂ ਇਸ ਮੁਹਿੰਮ ਵਿੱਚ ਸਰਕਾਰ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹਾਂ। ਇਸ ਤੋਂ ਉਪਰੰਤ ਉਹਨਾਂ ਕਿਹਾ ਕਿ ਸਾਡੇ ਡਾਕਟਰ ਸਾਥੀ ਜੋ ਕਿ ਪਿੰਡਾਂ ਵਿੱਚ ਪਰੈਕਟਿਸ ਕਰਦੇ ਅਤੇ ਇਸਤੋਂ ਇਲਾਵਾ ਹੋਰ ਵੀ ਕਈ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਇਸਤੋਂ ਇਲਾਵਾ ਸੀਨੀਅਰ ਜ਼ਿਲ੍ਹਾ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਜ਼ਿਲ੍ਹਾ ਕਾਰਜਕਾਰੀ ਮੈਂਬਰ ਲਛਮਣ ਕੁਮਾਰ ਜਗਾ, ਬਲਾਕ ਚੇਅਰਮੈਨ ਜੋਗਿੰਦਰ ਸਿੰਘ ਜਗਾ, ਬਲਾਕ ਸੀਨੀਅਰ ਮੀਤ ਪ੍ਰਧਾਨ ਭੋਲਾ ਸਿੰਘ ਸ਼ੇਖਪੁਰਾ, ਕੈਸ਼ੀਅਰ ਬਿੱਕਰ ਸਿੰਘ ਧਿੰਗੜ, ਭਰਪੂਰ ਸਿੰਘ ਸੀਂਗੋ, ਰਛਪਾਲ ਸਿੰਘ ਤਲਵੰਡੀ ਸਾਬੋ, ਕੇਵਲ ਸਿੰਘ ਸੁਖਲੱਧੀ, ਗੁਰਪ੍ਰੀਤ ਸਿੰਘ ਸੁਖਲੱਧੀ, ਮੋਦਨ ਸਿੰਘ ਸੁਖਲੱਧੀ, ਨਾਜ਼ਰ ਸਿੰਘ ਸੁਖਲੱਧੀ, ਗੱਗੜ ਸਿੰਘ ਗਹਿਲੇਵਾਲਾ, ਅਮਨ ਧਾਲੀਵਾਲ, ਜੀਵਨ ਸਿੰਘ ਵਾਲਾ, ਗੁਰਦੀਪ ਸਿੰਘ ਜੀਵਨ ਸਿੰਘ ਵਾਲਾ, ਗੁਰਨਾਮ ਸਿੰਘ ਖੋਖਰ, ਗੁਲਾਬ ਸਿੰਘ ਫੁੱਲੋਖਾਰੀ, ਚਾਨਣ ਰਾਮ ਜਗਾ, ਸੁਖਵਿੰਦਰ ਮਾਨ ਰਾਮਾਂ, ਬਸੰਤ ਸਿੰਘ ਲੇਲੇਵਾਲਾ, ਸੁਖਚਰਨ ਸਿੰਘ ਲੇਲੇਵਾਲਾ, ਬਲਵੰਤ ਸਿੰਘ ਕਣਕਵਾਲ, ਗੁਰਵਿੰਦਰ ਸਿੰਘ ਬੰਗੀ ਦੀਪਾ, ਗੁਰਸੇਵਕ ਸਿੰਘ ਲੇਲੇਵਾਲਾ, ਗੁਰਪ੍ਰੀਤ ਸਿੰਘ ਤਲਵੰਡੀ, ਗੁਰਪ੍ਰੀਤ ਸਿੰਘ ਸਰਾਂ ਤਲਵੰਡੀ ਸਾਬੋ, ਗੁਰਮੀਤ ਸਿੰਘ ਜਗਾ, ਹਰਪ੍ਰੀਤ ਸਿੰਘ ਕੋਟਭਾਰਾ, ਹਰਜਿੰਦਰ ਸਿੰਘ ਮਲਕਾਣਾ, ਜਗਰੂਪ ਸਿੰਘ ਗੋਲੇਵਾਲਾ, ਜਨਕ ਰਾਜ ਬਹਿਮਣ, ਜਗਸੀਰ ਸਿੰਘ ਰਾਮਸਰਾ, ਕੇਵਲ ਸਿੰਘ ਜੀਵਨ ਸਿੰਘ ਵਾਲਾ, ਕੁਲਵਿੰਦਰ ਸਿੰਘ ਕੋਟ ਬਖਤੂ, ਲਖਵਿੰਦਰ ਸਿੰਘ ਕੌਰੇਆਣਾ, ਨਵਪ੍ਰੀਤ ਸਿੰਘ ਸੀਂਗੋ, ਪ੍ਰਗਟ ਸਿੰਘ ਕੋਟਫੱਤਾ, ਜਸਵੀਰ ਸਿੰਘ ਕੋਟਫੱਤਾ, ਰਾਜਾ ਵੈਦ ਤਲਵੰਡੀ ਸਾਬੋ, ਸੁਭਾਸ਼ ਚੰਦਰ ਸੀਂਗੋ, ਤਰਸੇਮ ਸਿੰਘ ਸ਼ੇਖਪੁਰਾ, ਤਰਸੇਮ ਸਿੰਘ ਤਲਵੰਡੀ ਸਾਬੋ, ਸੁਰੇਸ਼ ਕੁਮਾਰ ਤਲਵੰਡੀ ਸਾਬੋ, ਗੁਰਲਾਲ ਸਿੰਘ ਬਹਿਮਣ ਕੌਰ ਸਿੰਘ, ਜਗਸੀਰ ਸਿੰਘ ਰਾਮਸਰਾ, ਸੁਖਪਾਲ ਸਿੰਘ ਬਹਿਮਣ ਜੱਸਾ ਸਿੰਘ, ਸੁਖਮੰਦਰ ਸਿੰਘ ਰੁਲਦੂ ਬੰਗੀ, ਸੰਦੀਪ ਸਿੰਘ ਰਾਮਾਂ, ਜਸਵੀਰ ਸਿੰਘ ਰਾਮਾਂ ਮੰਡੀ, ਜਗਸੀਰ ਸਿੰਘ ਰਾਮਾਂ ਮੰਡੀ, ਕੇਵਲ ਸਿੰਘ ਜੀਵਨ ਸਿੰਘ ਵਾਲਾ, ਅਨਮੋਲ ਰਤਨ ਸਿੰਘ ਸ਼ੇਖਪੁਰਾ, ਕੁਲਵੰਤ ਸਿੰਘ ਤਲਵੰਡੀ ਸਾਬੋ, ਰੋਸ਼ਨ ਲਾਲ ਰਾਮਾਂ ਮੰਡੀ, ਜਗਰੂਪ ਸਿੰਘ, ਸੁਪਨੀਤ ਸਿੰਘ ਤਲਵੰਡੀ ਸਾਬੋ, ਬਲੌਰ ਸਿੰਘ ਭਾਗੀਵਾਂਦਰ, ਰਛਪਾਲ ਸਿੰਘ ਬਣਾਂਵਾਲੀ, ਅਨਿਲ ਕੁਮਾਰ ਕੋਟਫੱਤਾ, ਰਜੇਸ਼ ਕੁਮਾਰ ਰਾਮਾਂ, ਨੇਕ ਸਿੰਘ ਨੰਗਲਾ, ਜਸਕਰਨ ਸਿੰਘ ਮੱਲਵਾਲਾ, ਰਾਜ ਕੁਮਾਰ ਬੰਗੀ ਆਦਿ ਸਾਥੀਆਂ ਨੇ ਭਾਗ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਬ ਜੂਨੀਅਰ ਸਟੇਟ ਬਾਕਸਿੰਗ ਵਿੱਚ

# ਖਾਲਸਾ ਸਕੂਲ ਦੀ ਝੰਡੀ



ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)- ਖਾਲਸਾ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਤਲਵੰਡੀ ਸਾਬੋ ਅੱਠਵੀਂ ਜਮਾਤ ਦੇ ਵਿਦਿਆਰਥੀ ਅੰਸ਼ਦੀਪ ਸਿੰਘ ਨੇ ਸਬ ਜੂਨੀਅਰ ਸਟੇਟ ਬਾਕਸਿੰਗ ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਬਰਾਊਨ ਮੈਡਲ ਪ੍ਰਾਪਤ ਕੀਤਾ। ਅੱਜ ਸਵੇਰ ਸੀ ਸਭ ਵਿੱਚ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਵਿੱਚ ਸਕੂਲ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਸ. ਬਿਕਰਮਜੀਤ ਸਿੰਘ ਸਿੱਧੂ ਨੇ ਜੇਤੂ ਖਿਡਾਰੀਆਂ ਤੇ ਖੇਡ ਇੰਚਾਰਜ ਸ. ਹਰਪਾਲ ਸਿੰਘ ਨੂੰ ਵਧਾਈ ਦਿੱਤੀ ਅਤੇ ਉਹਨਾਂ ਕਿਹਾ ਕਿ ਇਹ ਜਿੱਤ ਦਾ ਸਿਹਰਾ ਸ. ਹਰਪਾਲ ਸਿੰਘ ਨੂੰ ਜਾਂਦਾ ਹੈ ਜਿਹਨਾਂ ਦੀ ਅਣਥੱਕ ਮਿਹਨਤ ਦੇ ਸਦਕਾ ਅੰਸ਼ਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕਰਕੇ ਮੈਡਲ ਸਕੂਲ ਦੀ ਝੋਲੀ ਪਾਇਆ। ਇਸ ਦੌਰਾਨ ਖਿਡਾਰੀ ਅੰਸ਼ਦੀਪ ਸਿੰਘ ਮੈਡਲ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੈਡਮ ਜਸਵੀਰ ਕੌਰ, ਮੈਡਮ ਅਰੁਣਦੀਪ, ਸ. ਸਤਨਾਮ ਸਿੰਘ, ਸ. ਗਗਨਦੀਪ ਸਿੰਘ, ਸ. ਕਰਮਜੀਤ ਸਿੰਘ, ਸ. ਹਰਦੀਪ ਸਿੰਘ, ਸ. ਗੁਰਸੰਦੀਪ ਸਿੰਘ ਅਤੇ ਸਮੁੱਚਾ ਸਟਾਫ਼ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਤਲਵੰਡੀ ਸਾਬੋ ਜ਼ੋਨ ਦੀਆਂ

# ਗਰਮ ਰੁੱਤ ਖੇਡਾਂ ਸ਼ਾਨੋ ਸ਼ੋਕਤ ਨਾਲ ਸਪੰਨ



**ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)**- ਸਕੂਲ ਸਿੱਖਿਆ ਵਿਭਾਗ ਪੰਜਾਬ ਖੇਡਾਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਮਮਤਾ ਖੁਰਾਣਾ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜੋਨਲ ਟੂਰਨਾਮੈਂਟ ਕਮੇਟੀ ਤਲਵੰਡੀ ਸਾਬੋ ਦੇ ਪ੍ਰਧਾਨ ਅਵਤਾਰ ਸਿੰਘ ਮੁੱਖ ਅਧਿਆਪਕ ਲਾਲੇਆਣਾ ਦੇ ਦਿਸ਼ਾ ਨਿਰਦੇਸ਼ਾਂ ਹੇਠ 69ਵੀਆਂ ਜੋਨ ਪੱਧਰੀ ਗਰਮ ਰੁੱਤ ਖੇਡਾਂ ਸ਼ਾਨੋ ਸ਼ੋਕਤ ਨਾਲ ਸਪੰਨ ਹੋ ਗਈਆ ਹਨ। ਇਹਨਾਂ ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਜੋਨਲ ਜਨਰਲ ਸਕੱਤਰ ਗੁਰਜੰਟ ਸਿੰਘ ਡੀਪੀਈ ਨੇ ਦੱਸਿਆ ਕਿ ਅੰਡਰ-17 ਲੜਕੇ ਕਬੱਡੀ ਸਰਕਲ ਸਟਾਈਲ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਖਤੂ ਨੇ ਪਹਿਲਾ, ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਨੇ ਦੂਜਾ, ਵਾਲੀਬਾਲ ਅੰਡਰ-14 ਮੁੰਡੇ ਵਿੱਚ ਸਰਕਾਰੀ ਹਾਈ ਸਕੂਲ ਗਾਟਵਾਲੀ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਾਲਵਾਲਾ ਨੇ ਦੂਜਾ, ਕਬੱਡੀ ਨੈਸ਼ਨਲ ਸਟਾਈਲ ਅੰਡਰ-17 ਮੁੰਡੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਵਾਂਦਰ ਨੇ ਪਹਿਲਾ, ਹਰਗੋਬਿੰਦ ਪਬਲਿਕ ਸਕੂਲ ਲਹਿਰੀ ਨੇ ਦੂਜਾ, ਅੰਡਰ-19 ਮੁੰਡੇ ਵਿੱਚ ਹਰਗੋਬਿੰਦ ਪਬਲਿਕ ਸਕੂਲ ਲਹਿਰੀ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਵਾਂਦਰ ਨੇ ਦੂਜਾ, ਕ੍ਰਿਕੇਟ ਅੰਡਰ-14 ਮੁੰਡੇ ਵਿੱਚ ਸਟਾਰ ਪਲੱਸ ਸਕੂਲ ਨੇ ਪਹਿਲਾ, ਜੇਵੀਅਰ ਸਕੂਲ ਜੱਜਲ ਨੇ ਦੂਜਾ, ਅੰਡਰ-17 ਵਿੱਚ ਮਲੇਨੀਅਮ ਸਕੂਲ ਟਾਊਨਸ਼ਿਪ ਨੇ ਪਹਿਲਾ, ਡੀ.ਏ.ਵੀ ਸਕੂਲ ਰਾਮਾਂ ਮੰਡੀ ਨੇ ਦੂਜਾ, ਅੰਡਰ-19 ਵਿੱਚ ਹਿੰਦੂ ਪਬਲਿਕ ਸਕੂਲ ਰਾਮਾਂਮੰਡੀ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਸਰਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਹਨਾ ਖੇਡਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਵਿੱਚ ਡਾ. ਹਰਪਿੰਦਰ ਕੌਰ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਫੁੱਲੋਖਾਰੀ, ਲੈਕਚਰਾਰ ਨਿਰਮਲ ਸਿੰਘ, ਲੈਕਚਰਾਰ ਸੁਖਦੇਵ ਸਿੰਘ, ਹਰਮੰਦਰ ਸਿੰਘ ਸਟੇਟ ਐਵਾਰਡੀ, ਭੁਪਿੰਦਰ ਸਿੰਘ ਤੱਗੜ, ਰਣਜੀਤ ਸਿੰਘ, ਗੁਰਮੇਲ ਸਿੰਘ, ਸੁਖਵੀਰ ਸਿੰਘ, ਜਸਵੀਰ ਕੌਰ, ਚਰਨਜੀਤ ਸਿੰਘ, ਹਰਵਿੰਦਰ ਸਿੰਘ, ਤਰਸੇਮ ਸਿੰਘ, ਗੁਰਤੇਜ ਸਿੰਘ, ਜਗਦੀਪ ਸਿੰਘ, ਰਾਣਾ ਰਾਮ, ਗੁਰਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਅਮਨਦੀਪ ਸਿੰਘ, ਹਰਵਿੰਦਰ ਸਿੰਘ ਮੇਲਾ, ਰੋਹੀ ਸਿੰਘ, ਰੇਸ਼ਮ ਸਿੰਘ, ਮਲਕੀਤ ਸਿੰਘ, ਜਗਤਾਰ ਸਿੰਘ, ਜਸਦੀਪ ਕੌਰ, ਤੇਜਿੰਦਰ ਕੁਮਾਰ, ਬਲਜਿੰਦਰ ਸਿੰਘ, ਨਵਦੀਪ ਕੌਰ, ਰਜਿੰਦਰ ਸਿੰਘ, ਕਵਿਤਾ ਰਾਣੀ, ਮੋਨਿਕਾ ਰਾਣੀ, ਸੁਖਪ੍ਰੀਤ ਸਿੰਘ, ਪ੍ਰਦੀਪ ਕੁਮਾਰ, ਅੰਗਰੇਜ਼ ਸਿੰਘ, ਕਮਲਪ੍ਰੀਤ ਸਿੰਘ, ਸੁਨੀਲ ਕੁਮਾਰ, ਮਨਪ੍ਰੀਤ ਕੌਰ, ਕਰਨੀ ਸਿੰਘ, ਹਰਪਾਲ ਸਿੰਘ, ਸੁਖਦੇਵ ਸਿੰਘ, ਅਲੋਕ ਨਾਥ, ਸਿਮਰਜੀਤ ਕੌਰ, ਪੁਖਰਾਜ ਸਿੰਘ, ਬਹਾਦਰ ਸਿੰਘ ਅਸ਼ੀਸ਼, ਗਗਨਦੀਪ ਸਿੰਘ, ਹਰਦੀਪ ਸਿੰਘ ਦਾ ਵਿਸ਼ੇਸ਼ ਸਹਿਯੋਗ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

## ਬ੍ਰਹਮਪੁਰਾ ਨੇ 'ਆਪ' ਤੇ ਕਾਂਗਰਸ ਨੂੰ ਰਗੜਿਆ

# 'ਇੱਕ ਨੇ ਲੁੱਟਿਆ, ਦੂਜਾ ਡੋਬ ਰਿਹਾ ਪੰਜਾਬ, ਤਰਨ ਤਾਰਨ ਦੇ ਲੋਕ ਦੋਵਾਂ ਨੂੰ ਸਿਖਾਉਣਗੇ ਸਬਕ'

## ਬੀਬੀ ਰੰਧਾਵਾ ਦੀ ਜਿੱਤ 'ਆਪ' ਸਰਕਾਰ ਦੇ ਤਾਬੂਤ 'ਚ ਆਖਰੀ ਕਿੱਲ ਸਾਬਤ ਹੋਵੇਗੀ - ਬ੍ਰਹਮਪੁਰਾ



ਤਰਨ ਤਾਰਨ, 6 ਅਗਸਤ (ਆਵਾਜ਼ਿ ਕੌਮ ਬਿਊਰੋ)- ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਜ਼ਿਮਨੀ ਚੋਣ ਜਿਉਂ-ਜਿਉਂ ਨੇੜੇ ਆ ਰਹੀ ਹੈ, ਸਿਆਸੀ ਪਾਰਾ ਵੀ ਚੜ੍ਹਦਾ ਜਾ ਰਿਹਾ ਹੈ। ਅੱਜ ਸ਼੍ਰੋਮਣੀ ਅਕਾਲੀ ਦਲ ਨੇ ਪਾਰਟੀ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿੱਚ ਚੋਣ ਮੁਹਿੰਮ ਨੂੰ ਸਿਖਰਾਂ 'ਤੇ ਪਹੁੰਚਾਉਂਦਿਆਂ ਪਾਰਟੀ ਦੇ ਮੀਤ ਪ੍ਰਧਾਨ ਅਤੇ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ 'ਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਦੀ ਅਗਵਾਈ ਹੇਠ ਇੱਕ ਵਰਕਰ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਸ੍ਰ. ਬ੍ਰਹਮਪੁਰਾ ਨੇ ਨਾ ਸਿਰਫ਼ ਸੱਤਾਧਾਰੀ ਆਮ ਆਦਮੀ ਪਾਰਟੀ, ਸਗੋਂ ਕਾਂਗਰਸ ਨੂੰ ਵੀ ਕਰੜੇ ਹੱਥੀਂ ਲੈਂਦਿਆਂ ਦੋਵਾਂ ਨੂੰ ਪੰਜਾਬ ਦੀ ਬਰਬਾਦੀ ਲਈ ਜ਼ਿੰਮੇਵਾਰ ਠਹਿਰਾਇਆ ਸ੍ਰ. ਬ੍ਰਹਮਪੁਰਾ ਨੇ ਕਿਹਾ, "ਪੰਜਾਬ ਦੇ ਲੋਕ ਦੋਹਰੀ ਮਾਰ ਝੱਲ ਰਹੇ ਹਨ। ਪਹਿਲਾਂ ਕਾਂਗਰਸ ਨੇ ਪੰਜ ਸਾਲ ਝੂਠੇ ਵਾਅਦਿਆਂ ਨਾਲ ਪੰਜਾਬ ਨੂੰ ਲੁੱਟਿਆ ਅਤੇ ਹੁਣ 'ਬਦਲਾਅ' ਦੇ ਨਾਂ 'ਤੇ ਆਈ 'ਆਪ' ਸਰਕਾਰ ਪੰਜਾਬ ਨੂੰ ਨਸ਼ਿਆਂ, ਗੈਂਗਵਾਰਾਂ ਅਤੇ ਆਰਥਿਕ ਕੰਗਾਲੀ ਵੱਲ ਧੱਕ ਰਹੀ ਹੈ। ਕਾਨੂੰਨ ਵਿਵਸਥਾ ਦਾ ਜਨਾਜ਼ਾ ਨਿਕਲ ਚੁੱਕਾ ਹੈ ਅਤੇ ਸਰਕਾਰ ਦਿੱਲੀ ਦੇ ਇਸ਼ਾਰਿਆਂ 'ਤੇ ਨੱਚ ਰਹੀ ਹੈ। ਕਾਂਗਰਸ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ, "ਕਾਂਗਰਸੀ ਅੱਜ ਕਿਸ ਮੂੰਹ ਨਾਲ ਵੋਟਾਂ ਮੰਗ ਰਹੇ ਹਨ? ਇਹ ਉਹੀ ਲੋਕ ਹਨ ਜਿੰਨ੍ਹਾਂ ਨੇ ਪੰਜਾਬ ਦੇ ਪਾਣੀਆਂ 'ਤੇ ਡਾਕਾ ਮਾਰਿਆ, ਨੌਜਵਾਨੀ ਨੂੰ ਬੇਰੁਜ਼ਗਾਰ ਕੀਤਾ ਅਤੇ ਸ੍ਰੀ ਗੁਟਕਾ ਸਾਹਿਬ ਦੀਆਂ ਝੂਠੀਆਂ ਸਹੁੰਆਂ ਖਾ ਕੇ ਲੋਕਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕੀਤਾ। 'ਆਪ' ਅਤੇ ਕਾਂਗਰਸ ਇੱਕੋ ਥਾਲੀ ਦੇ ਚੱਟੇ-ਵੱਟੇ ਹਨ, ਜਿੰਨ੍ਹਾਂ ਦਾ ਮਕਸਦ ਸਿਰਫ਼ ਕੁਰਸੀ ਹਾਸਲ ਕਰਨਾ ਹੈ। ਸ੍ਰ. ਬ੍ਰਹਮਪੁਰਾ ਨੇ ਪਾਰਟੀ ਵਰਕਰਾਂ ਨੂੰ ਲਾਮਬੰਦ ਕਰਦਿਆਂ ਕਿਹਾ, "ਇਹ ਚੋਣ ਤਰਨ ਤਾਰਨ ਦੇ ਭਵਿੱਖ ਦਾ ਫ਼ੈਸਲਾ ਕਰੇਗੀ। ਅਸੀ ਘਰ-ਘਰ ਜਾ ਕੇ 'ਆਪ' ਦੇ ਕੁਸ਼ਾਸਨ ਅਤੇ ਕਾਂਗਰਸ ਦੇ ਧੋਖੇ ਦਾ ਪਰਦਾਫਾਸ਼ ਕਰਾਂਗੇ। ਲੋਕਾਂ ਨੂੰ ਦੱਸਾਂਗੇ ਕਿ ਸਿਰਫ਼ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਅਤੇ ਪੰਥ ਦੀ ਸੱਚੀ ਹਿਤੈਸ਼ੀ ਪਾਰਟੀ ਹੈ। ਬੀਬੀ ਸੁਖਵਿੰਦਰ ਕੌਰ ਰੰਧਾਵਾ ਦੀ ਜਿੱਤ ਇਸ ਲੋਕ-ਵਿਰੋਧੀ ਸਰਕਾਰ ਦੇ ਤਾਬੂਤ ਵਿੱਚ ਆਖਰੀ ਕਿੱਲ ਸਾਬਤ ਹੋਵੇਗੀ।

# ਫੂਡ ਸੇਫਟੀ ਵਿਭਾਗ ਵਲੋਂ ਗੁਰਦਆਰਾ ਸਾਹਿਬ ਨੇੜੇ ਨਕਲੀ ਦੇਸੀ ਘਿਓ ਵੇਚਣ ਵਾਲਿਆ ਤੇ ਕੀਤੀ ਕਾਰਵਾਈ



**ਅੰਮ੍ਰਿਤਸਰ 6 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਣਯੋਗ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਦੇ ਨਿਰਦੇਸ਼ਾਂ ਅਨੁਸਾਰ ਗੁਰਦਆਰਾ ਸ਼ਹੀਦਾਂ ਸਾਹਿਬ ਨੇੜੇ ਵੇਚੇ ਜਾਣ ਵਾਲੇ ਦੇਸੀ ਘਿਓ ਦੀ ਗੁਣਵੱਤਾ ਦੀ ਜਾਂਚ ਕਰਨ ਲਈ ਸਹਾਇਕ ਕਮਿਸ਼ਨਰ ਫੂਡ ਸੇਫਟੀ ਰਜਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਫੂਡ ਸੇਫਟੀ ਟੀਮ ਦੇ ਐਫਐਸਓ ਅਮਨਦੀਪ ਸਿੰਘ ਨਾਲ ਗੁਰਦੁਆਰਾ ਸ਼ਹੀਦਾਂ ਸਾਹਿਬ ਨੇੜੇ ਵੇਚੇ ਜਾਣ ਵਾਲੇ ਦੇਸੀ ਘਿਓ ਵੇਚਣ ਵਾਲਿਆਂ ਦੀਆਂ ਵੱਖ-ਵੱਖ ਦੁਕਾਨਾਂ ਤੇ ਚੈਕਿੰਗ ਕੀਤੀ ਅਤੇ ਦੁਕਾਨਾਂ 'ਤੇ ਵੇਚੇ ਜਾ ਰਹੇ ਘਿਓ ਦੀ ਕੁਆਲਟੀ ਨੂੰ ਯਕੀਨੀ ਬਣਾਇਆ ਅਤੇ ਦੁਕਾਨਦਾਰਾਂ ਨੂੰ ਘਟੀਆ ਘਿਓ ਨਾ ਵੇਚਣ ਦੇ ਨਿਰਦੇਸ਼ ਵੀ ਦਿੱਤੇ ਇਸ ਤੋਂ ਇਲਾਵਾ ਸ਼ਿਕਾਇਤ ਦੇ ਆਧਾਰ 'ਤੇ ਇੱਕ ਡੇਅਰੀ ਅਤੇ ਇੱਕ ਫਾਸਟਫੂਡ ਦੁਕਾਨ ਦੀ ਜਾਂਚ ਕੀਤੀ ਗਈ ਅਤੇ ਟੀਮ ਵੱਲੋਂ ਕੁੱਲ 4 ਸੈਂਪਲ ਲਏ ਗਏ 1 ਦੁੱਧ, 2 ਜੂਸ ਅਤੇ 1 ਸੁੱਕਾ ਮੰਚੂਰੀਅਨ ਆਦਿ ਦੇ ਸੈਂਪਲ ਭਰੇ ਗਏ ਜਿੰਨਾ ਨੂੰ ਜਾਂਚ ਲਈ ਲੈਬ ਵਿੱਚ ਭੇਜ ਦਿੱਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰ ਕੋਲ ਮਜ਼ਦੂਰਾਂ ਤੇ ਮਿਸਤਰੀਆਂ ਨੇ ਲਾਈ ਮੱਦਦ ਦੀ ਗੁਹਾਰ

ਫ਼ਿਰੋਜ਼ਪੁਰ, 6 ਅਗਸਤ (ਮਨੋਹਰ ਲਾਲ) :— ਫ਼ਿਰੋਜ਼ਪੁਰ ਛਾਉਣੀ ਦੇ ਕਾਂਜੀ ਹਾਊਸ ਵਿਚ ਬਣੇ ਸ਼ੈਡ ਹੇਠ ਬੈਠ ਕੇ ਕੰਮ ਦੀ ਭਾਲ ਕਰਦੇ ਮਜ਼ਦੂਰਾਂ ਅਤੇ ਮਿਸਤਰੀਆਂ ਵੱਲੋਂ ਸਰਕਾਰ ਕੋਲ ਲਗਾਈ ਇਨਸਾਫ ਦੀ ਗੁਹਾਰ। ਇਸ ਸਬੰਧੀ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਮੰਗ ਪੱਤਰ ਦਿੰਦਿਆਂ ਮਜ਼ਦੂਰ ਤੇ ਮਿਸਤਰੀ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਉਨ੍ਹਾਂ ਵੱਲੋਂ ਸੁਸਾਇਟੀ ਬਾਬਾ ਵਿਸ਼ਵਕਰਮਾ ਜੀ ਕਾਂਜੀ ਹਾਊਸ ਫ਼ਿਰੋਜ਼ਪੁਰ ਕੈਂਟ ਸਥਾਪਿਤ ਕੀਤੀ ਹੋਈ ਹੈ, ਜਿਥੇ ਸਮਾਜ ਸੇਵੀਆਂ ਵੱਲੋਂ ਬੈਠਣ ਲਈ ਸ਼ੈਡ ਤਾਂ ਲਗਵਾ ਦਿੱਤਾ ਸੀ, ਪਰ ਪਾਣੀ, ਹਵਾ ਅਤੇ ਹੋਰ ਜ਼ਰੂਰੀ ਸਹੂਲਤਾਂ ਨਾ ਹੋਣ ਕਰਕੇ ਉਨ੍ਹਾਂ ਗਰਮੀ ਦੇ ਮੌਸਮ ਵਿਚ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਪੰਜਾਬ ਸਰਕਾਰ ਵੱਲੋਂ ਅੱਜ ਤੱਕ ਕੋਈ ਵੀ ਮਾਲੀ ਸਹਾਇਤਾ ਜਿਵੇਂ ਕਿ ਮੈਡੀਕਲ, ਸਾਈਕਲ, ਪਾਣੀ ਵਾਲਾ ਕੂਲਰ, ਕੁਰਸੀਆਂ ਅਤੇ ਹੋਰ ਮਾਲੀ ਸਹਾਇਤਾ ਮੁਹਇਆ ਨਹੀਂ ਕਰਵਾਈ ਗਈ। ਉਨ੍ਹਾਂ ਕਿਹਾ ਕਿ ਉਹ ਵੀ ਭਾਰਤ ਦੇਸ਼ ਦੇ ਨਾਗਰਿਕ ਹਨ ਅਤੇ ਸਾਡਾ ਵੀ ਪੂਰਨ ਅਧਿਕਾਰ ਹੈ ਕਿ ਸਾਨੂੰ ਵੀ ਸਰਕਾਰ ਵੱਲੋਂ ਪੱਖੇ, ਸਾਈਕਲ, ਪਾਣੀ ਵਾਲਾ ਕੂਲਰ, ਕੁਰਸੀਆਂ ਆਦਿ ਮੁਹਇਆ ਕਰਵਾਈਆਂ ਜਾਣ ਤਾਂ ਜ਼ੋ ਸਾਨੂੰ ਲੋਕਾਂ ਦੀਆਂ ਦੇਖਣ ਵਾਲੀਆਂ ਅੱਖਾਂ ਸਿਰਫ ਤੇ ਸਿਰਫ ਇਕ ਮਿਸਤਰੀ ਅਤੇ ਮਜ਼ਦੂਰ ਦੀ ਨਿਗਾਹ ਨਾਲ ਨਾ ਦੇਣ ਅਤੇ ਸਾਡਾ ਪੂਰਾ ਮਾਣ ਸਤਿਕਾਰ ਹੋ ਸਕੇ। ਇਸ ਮੌਕੇ ਜ਼ੋਗਿੰਦਰ ਪ੍ਰਧਾਨ ਮਿਸਤਰੀ ਅਤੇ ਮਜ਼ਦੂਰ ਯੂਨੀਅਨ ਫ਼ਿਰੋਜ਼ਪੁਰ ਕੈਂਟ ਸਮੇਤ ਮੁੱਖਾ ਸਿੰਘ, ਮੀਤ ਪ੍ਰਧਾਨ ਬਲਜੀਤ ਸਿੰਘ ਮਿਸਤਰੀ, ਪੰਮਾ, ਰਾਜੂ, ਦੇਸਾ ਸਿੰਘ ਅਤੇ ਸ਼ੰਕਰ ਲਾਲ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਰਾਮ ਸਿੰਘ ਦੀ ਯਾਦ ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ

**ਅੰਮ੍ਰਿਤਸਰ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਖਾਲਸਾ ਕਾਲਜ ਦੀ ਸ਼ਾਨਦਾਰ ਵਿਰਾਸਤੀ ਇਮਾਰਤ ਦੇ ਭਵਨ ਨਿਰਮਾਣ ਕਰਤਾ ਪ੍ਰੋ. ਭਾਈ ਰਾਮ ਸਿੰਘ ਦੇ ਜਨਮ ਸਬੰਧੀ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਉਕਤ ਸੈਮੀਨਾਰ ਮੌਕੇ ਭਾਈ ਰਾਮ ਸਿੰਘ ਦੀ ਜੀਵਨ, ਕੰਮ ਦੀ ਮਹਾਨਤਾ ਅਤੇ ਭਾਰਤੀ ਤੇ ਸਿੱਖ ਇਮਾਰਤਕਲਾ 'ਚ ਬੇਮਿਸਾਲ ਯੋਗਦਾਨ ਨੂੰ ਯਾਦ ਕੀਤਾ ਗਿਆ। ਇਸ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਕਾਲਜ ਦੀ ਇਮਾਰਤ ਦੀ ਖ਼ੂਬਸੂਰਤੀ ਦੇ ਨਾਲ-ਨਾਲ ਇਸ ਦੀ ਸਿੱਖਿਆਤਮਕ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇਹ ਸਿਰਫ਼ ਇਮਾਰਤ ਨਹੀਂ, ਸਗੋਂ ਸੰਸਕਾਰ, ਸੰਤੁਲਨ ਤੇ ਸੱਭਿਆਚਾਰਕ ਧਰੋਹਰ ਹੈ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਭਾਈ ਰਾਮ ਸਿੰਘ ਸਿਰਫ਼ ਇਕ ਆਰਕੀਟੈਕਟ ਨਹੀਂ, ਸਗੋਂ ਪੰਜਾਬੀ ਵਿਰਾਸਤ ਦਾ ਚਮਕਦਾ ਹੋਇਆ ਨਾਂ ਸਨ। ਉਨ੍ਹਾਂ ਸਿੱਖ ਇਮਾਰਤ ਕਲਾ ਨੂੰ ਇੰਡੋ-ਯੂਰੋਪੀਅਨ ਸ਼ੈਲੀ ਨਾਲ ਮਿਲਾ ਕੇ ਕਾਲਜ ਦੀਆਂ ਇਮਾਰਤਾਂ ਨੂੰ ਇਤਿਹਾਸਕ ਰੂਪ ਦਿੱਤਾ। ਉਨ੍ਹਾਂ ਕਿਹਾ ਕਿ ਕਾਲਜ ਦੇ ਸ਼ਾਨਦਾਰ ਗੁੰਬਦ, ਨਫੀਸ ਨਕਾਸ਼ੀ ਵਾਲੇ ਕੌਰੀਡੋਰ ਤੇ ਹਰ ਇਕ ਕੋਨਾ ਉਨ੍ਹਾਂ ਦੀ ਰਚਨਾਤਮਕ ਰੂਹ ਨੂੰ ਪ੍ਰਗਟ ਕਰਦਾ ਹੈ। ਉਨ੍ਹਾਂ ਪ੍ਰੋ. ਰਾਮ ਸਿੰਘ ਪ੍ਰਤੀ ਸ਼ਰਧਾ ਪ੍ਰਗਟਾਉਂਦਿਆਂ ਵਿਦਿਆਰਥੀਆਂ 'ਚ ਉਨ੍ਹਾਂ ਦੀ ਲੈਗਸੀ ਨੂੰ ਜਿਉਂਦਾ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਸੈਮੀਨਾਰ ਦੌਰਾਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਆਰਕੀਟੈਕਚਰ ਵਿਭਾਗ ਦੇ ਅਸਿਸਟੈਂਟ ਪ੍ਰੋਫੈ: ਰਾਵਲ ਸਿੰਘ ਔਲਖ ਨੇ ਪ੍ਰੋ. ਰਾਮ ਸਿੰਘ ਦੀ ਡਿਜ਼ਾਈਨ ਸੋਚ ਅਤੇ ਉਨ੍ਹਾਂ ਦੀ ਕਲਾ ਦੀ ਅਨੋਖੀ ਸਮਝ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ। ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ (ਗੁਰਦਾਸਪੁਰ) ਸ: ਇੰਦਰਜੀਤ ਸਿੰਘ ਹਰੀਪੁਰਾ ਜੋ ਕਿ ਭਾਈ ਰਾਮ ਸਿੰਘ ਦੇ ਜੱਦੀ ਪਿੰਡ ਰਸੂਲਪੁਰ ਦੇ ਵਸਨੀਕ ਹਨ ਅਤੇ ਖਾਸ ਤੌਰ 'ਤੇ ਸੈਮੀਨਾਰ 'ਚ ਪਹੁੰਚੇ, ਨੇ ਕਿਹਾ ਕਿ ਐਸੇ ਵਿਅਕਤੀਆਂ ਨੂੰ ਸਾਰਵਜਨਿਕ ਚਰਚਾ ਅਤੇ ਸਾਂਝੀ ਯਾਦ ਰਾਹੀਂ ਯਾਦ ਕਰਨਾ ਸਾਡੀ ਜ਼ਿੰਮੇਵਾਰੀ ਹੈ। ਉਨ੍ਹਾਂ ਦੀ ਹਾਜ਼ਰੀ ਨੇ ਦੱਸਿਆ ਕਿ ਇਤਿਹਾਸਕ ਢਾਂਚਿਆਂ ਦਾ ਲੋਕਾਂ ਦੀ ਪਛਾਣ ਤੇ ਨਾਗਰਿਕ ਜਾਗਰੂਕਤਾ ਨਾਲ ਗਹਿਰਾ ਸਬੰਧ ਹੁੰਦਾ ਹੈ। ਇਸ ਦੌਰਾਨ ਡੀਨ ਅਕਾਦਮਿਕ ਮਾਮਲੇ ਸ: ਤਮਿੰਦਰ ਸਿੰਘ ਭਾਟੀਆ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਵਿਅਕਤੀਆਂ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ ਜਿਨ੍ਹਾਂ ਨੇ ਆਪਣੀ ਕਲਾ ਨੂੰ ਸਮਾਜਿਕ ਭਲਾਈ ਨਾਲ ਜੋੜਿਆ। ਇਸ ਮੌਕੇ ਬੌਟਨੀ ਵਿਭਾਗ ਦੇ ਪ੍ਰੋ. ਰਾਜਬੀਰ ਸਿੰਘ, ਡਾ. ਸਨੀਆ ਮਰਵਾਹਾ ਤੋਂ ਇਲਾਵਾ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਫ਼ਿਰੋਜ਼ਪੁਰ ਵਿਚ ਅਣ ਰਜਿਸਟਰਡ ਵਸੀਅਤ ਦੇ ਨਾਮ ਉਪਰ ਹੋ ਰਿਹੈ ਗੋਰਖ ਧੰਦਾ


# ਤਹਿਸੀਲ ਦੇ ਬਾਊ ਆਪਣੀਆਂ ਭਰ ਰਹੇ ਨੇ ਜੇਬਾਂ—ਜਾਂਚ ਹੋਣ ਤੇ ਹੋਣਗੇ ਕਈ ਖੁਲਾਸੇ



ਫ਼ਿਰੋਜ਼ਪੁਰ, 6 ਅਗਸਤ (ਮਨੋਹਰ ਲਾਲ) :— ਬੇਸ਼ੱਕ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਦੀਆਂ ਤਹਿਸੀਲਾਂ ਵਿਚ ਰਿਸ਼ਵਤਖੋਰੀ ਨੂੰ ਖਤਮ ਕਰਨ ਦੀਆਂ ਅਣਥੱਕ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਕੋਸ਼ਿਸ਼ਾਂ ਨੂੰ ਬੂਰ ਵੀ ਪੈਂਦਾ ਨਜ਼ਰੀ ਪੈ ਰਿਹਾ ਹੈ, ਪਰ ਫ਼ਿਰੋਜ਼ਪੁਰ ਤਹਿਸੀਲ ਵਿਚ ਬਾਬੂਆਂ ਵੱਲੋਂ ਨਵਾਂ ਢੰਗ ਅਪਣਾ ਲਿਆ ਗਿਆ ਹੈ। ਜ਼ਿਕਰਯੋਗ ਹੈ ਕਿ ਫ਼ਿਰੋਜ਼ਪੁਰ ਤਹਿਸੀਲ ਵਿਚ ਅਣ ਰਜਿਸਟਰਡ ਵਸੀਅਤਾਂ ਦੇ ਨਾਮ ਉਪਰ ਪੂਰੇ ਜ਼ੋਰਾਂ ਨਾਲ ਕੁਝ ਪ੍ਰਾਈਵੇਟ ਬੰਦਿਆਂ ਦੇ ਸਹਿਯੋਗ ਨਾਲ ਬਾਊਆਂ ਵੱਲੋਂ ਮੋਟੀਆਂ ਰਕਮਾਂ ਉਗਰਾਹੀਆਂ ਜਾ ਰਹੀਆਂ ਹਨ। ਸਾਡੀ ਟੀਮ ਵੱਲੋਂ ਤਹਿਸੀਲ ਦਫਤਰ ਵਿਚ ਪਹੁੰਚ ਕੇ ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਤਹਿਸੀਲ ਵਿਚ ਬੈਠੇ ਵਿਅਕਤੀਆਂ ਵੱਲੋਂ ਮ੍ਰਿਤਕ ਵਿਅਕਤੀਆਂ ਦੇ ਪਰਿਵਾਰਾਂ ਨਾਲ ਮਿਲੀਭੁਗਤ ਕਰਕੇ ਜਿਥੇ ਜਾਅਲੀ ਵਸੀਅਤਾਂ ਤਿਆਰ ਕੀਤੀਆਂ ਜਾਂਦੀਆਂ ਹਨ, ਉਥੇ ਜਾਅਲੀ ਦਸਤਖਤ ਵਗੈਰਾ ਕਰਕੇ ਇਨ੍ਹਾਂ ਵਸੀਅਤਾਂ ਨੂੰ ਰਜਿਸਟਰਡ ਕਰਵਾ ਕੇ ਦੋਨੋਂ ਹੱਥੀਂ ਲੁੱਟ ਕੀਤੀ ਜਾ ਰਹੀ ਹੈ, ਜਿਸ ਨਾਲ ਸਰਕਾਰੀ ਖਜਾਨੇ ਨੂੰ ਰਗੜਾ ਲੱਗਣ ਦੇ ਨਾਲ—ਨਾਲ ਮ੍ਰਿਤਕ ਦੇ ਦੂਸਰੇ ਬੱਚਿਆਂ ਦੇ ਹੱਕਾਂ ਪਰ ਡਾਕੇ ਵੱਜ ਰਹੇ ਹਨ।ਜਾਣਕਾਰੀ ਮੁਤਾਬਿਕ ਮ੍ਰਿਤਕ ਵਿਅਕਤੀ ਦੀ ਵਸੀਅਤ ਰਜਿਸਟਰਡ ਕਰਨ ਲਈ ਤਹਿਸੀਲ ਦਫਤਰ ਵੱਲੋਂ ਇਕ ਨੋਟਿਸ ਅਖਬਾਰਾਂ ਵਿਚ ਕਢਵਾ ਦਿੱਤਾ ਜਾਂਦਾ ਹੈ, ਜਿਸ ਉਪਰੰਤ ਧਾਰਾ 40—41 ਤਹਿਤ ਕਾਰਵਾਈ ਕਰਦੇ ਹੋਏ ਝੂਠੀ ਵਸੀਅਤ ਨੂੰ ਰਜਿਸਟਰਡ ਕਰ ਦਿੱਤਾ ਜਾਂਦਾ ਹੈ। ਤਹਿਸੀਲ ਦਫਤਰ ਵਿਚ ਹੋ ਰਹੀਆਂ ਧਾਂਦਲੀਆਂ ਦਾ ਜ਼ਿਕਰ ਕਰਦਿਆਂ ਲੋਕਾਂ ਨੇ ਕਿਹਾ ਕਿ ਜੇਕਰ ਤਹਿਸੀਲ ਦਫਤਰ ਵਿਚ ਰਜਿਸਟਰਡ ਹੋਈਆਂ ਅਣਰਜਿਸਟਰਡ ਵਸੀਅਤਾਂ ਦੀ ਜਾਂਚ ਕੀਤੀ ਜਾਵੇ ਤਾਂ ਇਨ੍ਹਾਂ ਜਾਅਲੀ ਵਸੀਅਤਾਂ ਬਾਰੇ ਕਾਫੀ ਕੁਝ ਸਾਹਮਣੇ ਆ ਸਕਦਾ ਹੈ। ਪੰਜਾਬ ਸਰਕਾਰ ਨੂੰ ਸਵਾਲ ਕਰਦਿਆਂ ਆਮ ਲੋਕਾਂ ਨੇ ਕਿਹਾ ਕਿ ਅਖੀਰ ਉਹ ਦਿਨ ਕਦੋਂ ਆਵੇਗਾ, ਜਦੋਂ ਰਿਸ਼ਵਤਖੋਰੀ ਨੂੰ ਠੱਲ ਪਵੇਗੀ। ਤਹਿਸੀਲ ਕੰਪਲੈਕਸ ਵਿਚ ਪੁੱਜੀ ਸਾਡੀ ਟੀਮ ਨੇ ਦੇਖਿਆ ਕਿ ਬਾਬੂਆਂ ਵੱਲੋਂ ਕਿਵੇਂ ਅਣਰਜਿਸਟਰਡ ਵਸੀਅਤ ਨੂੰ ਰਜਿਸਟਰਡ ਕਰਨ ਦੀ ਰੂਪ ਰੇਖਾ ਉਲੀਕੀ ਜਾ ਰਹੀ ਹੈ ਅਤੇ ਕਿਵੇਂ ਨਿਯਮਾਂ ਨੂੰ ਛਿੱਕ ਟੰਗ ਕੇ ਸਾਰੀ ਕਾਰਵਾਈ ਅਮਲ ਵਿਚ ਲਿਆਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਰਕਾਰ ਵੱਲੋਂ ਰਿਸ਼ਵਤਖੋਰੀ ਨੂੰ ਬੰਦ ਕਰਨਾ ਹੈ ਤਾਂ ਸਮੇਂ—ਸਮੇਂ ਤੇ ਇਨ੍ਹਾਂ ਬਾਬੂਆਂ ਦੀਆਂ ਬਦਲੀਆਂ ਕਰਦੇ ਰਹਿਣਾ ਚਾਹੀਦਾ ਹੈ, ਕਿਉਂਕਿ ਜਦੋਂ ਲੰਬੇ ਸਮੇਂ ਤੱਕ ਕੋਈ ਬਾਬੂ ਕਿਸੇ ਸੀਟ ਤੇ ਬੈਠਾ ਰਹਿੰਦਾ ਹੈ ਤਾਂ ਉਸ ਨੂੰ ਉਹ ਸੀਟ ਆਪਣੀ ਜਗੀਰ ਮਹਿਸੂਸ ਹੋਣ ਲੱਗਦੀ ਹੈ। ਲੋਕਾਂ ਨੇ ਸਪੱਸ਼ਟ ਕੀਤਾ ਕਿ ਅਨੇਕਾਂ ਵਾਰ ਤਹਿਸੀਲ ਵਿਚ ਆਈਆਂ ਊਣਤਾਈਆਂ ਦੀ ਵਿਜੀਲੈਂਸ ਕੋਲ ਸ਼ਿਕਾਇਤ ਹੋਈ ਅਤੇ ਅਨੇਕਾਂ ਵਾਰ ਵਿਜੀਲੈਂਸ ਵੱਲੋਂ ਇਨਕੁਆਰੀ ਕੀਤੀ ਗਈ, ਪਰ ਹਰ ਵਾਰ ਇਹ ਇਨਕੁਆਰੀ ਕਾਗਜ਼ਾਂ ਤੱਕ ਹੀ ਸੀਮਤ ਹੋਣ ਕਰਕੇ ਵੀ ਰਿਸ਼ਵਤਖੋਰੀ ਨੂੰ ਬੜਾਵਾ ਮਿਲ ਰਿਹਾ ਹੈ।

ਦਸਤਾਰਧਾਰੀ ਤੇ ਛੋਟੀਆਂ ਕਿਰਪਾਨਾਂ ਪਹਿਨੇ

# ਬੱਚਿਆਂ ਨਾਲ ਹੋ ਰਿਹਾ ਵਿਤਕਰਾ ਨਿੰਦਣਯੋਗ—ਜਗਦੇਵ ਸਿੰਘ




ਫ਼ਿਰੋਜ਼ਪੁਰ, 6 ਅਗਸਤ (ਮਨੋਹਰ ਲਾਲ) :— ਪਿਛਲੇ ਦਿਨੀ ਅਮ੍ਰਿਤਧਾਰੀ ਪੰਜਾਬੀ ਬਚੀ ਨੂੰ ਜਜ ਦੇ ਟੈਸਟ ਦੇਣ ਤੋ ਰੋਕਣਾ ਅਤੇ ਇਸ ਤੋਂ ਪਹਿਲਾਂ ਵੀ ਇਸ ਤਰਾਂ ਦੀਆਂ ਅਨੇਕਾਂ ਭੱਦੀਆਂ ਹਰਕਤਾਂ ਦਸਤਾਰਧਾਰੀ ਅਤੇ ਛੋਟੀਆਂ ਕਿਰਪਾਨਾਂ ਜੋ ਪਹਿਨੇਂ ਬਚਿਆਂ ਨਾਲ ਵਿਤਕਰਾ ਹੁੰਦਾ ਆ ਰਿਹਾ ਦੇਖਦੇ ਆ ਰਹੇ ਹਾਂ, ਜੋ ਦੇਸ਼ ਦੇ ਅਫਸਰਸ਼ਾਹ ਤੇ ਰਾਜਨੀਤੀਵਾਨਾਂ ਇਨ੍ਹਾਂ ਨੂੰ ਸਿੱਖ ਇਤਹਾਸ ਖੁਦ ਪੜਨਾ ਅਤੇ ਆਪਣੇ ਪ੍ਰਵਾਰ ਨੂੰ ਵੀ ਪੜਾਉਣਾ ਚਾਹੀਦਾ ਹੈ। ਇਹ ਵਿਚਾਰ ਸਾਂਝੇ ਕਰਦਿਆਂ ਜਗਦੇਵ ਸਿੰਘ ਘੱਲ ਖੁਰਦ ਅਤੇ ਸਾਬਕਾ ਹੌਲਦਾਰ ਕਲਰਕ ਮੁਖਤਿਆਰ ਸਿੰਘ ਨੇ ਭਾਰਤ ਦੇਸ਼ ਲਈ ਦਸਤਾਰ ਤੇ ਕੜੇ ਕਰਪਾਨਾਂ ਵਾਲਿਆਂ ਸੀਸ ਤਲੀ ਤੇ ਧਰਕੇ ਦੇਸ਼ ਲਈ ਕੀਤੀਆਂ ਕੁਰਬਾਨੀਆਂ ਕਰਕੇ ਨਿਭਾਈਆਂ ਵਫਾਦਾਰੀਆਂ ਗਿਣੀਆਂ ਨਹੀਂ ਜਾ ਸਕਦੀਆਂ। ਉਨ੍ਹਾਂ ਕਿਹਾ ਕਿ ਛੋਟੀ ਜਿਹੀ ਜਿੰਦਗੀ ਵਿੱਚ ਵੇਖੀਆ, ਸੁਣਿਆ ਤੇ ਨਿਭਾਈਆਂ ਕੁਝ ਕੁ ਘਟਨਾਵਾਂ ਜਿਵੇਂ 1971 ਦੀ ਜੰਗ ਸਮੇਂ ਰਾਜਸਥਾਨ ਦੇ ਹੀ ਰਸਤਿਉ ਜੈਸਲਮੇਰ ਸੈਕਟਰ ਦੇ ਲੌਂਗੇਵਾਲਾ ਪੋਸਟ ਰਸਤਿਉ ਪਾਕਿਸਤਾਨੀਂ ਫੌਜ ਦੇ 65 ਟੈਂਕਾਂ ਵਿਚੌਂ 45 ਟੈਕ ਅਤੇ ਹੋਰਨਾਂ ਮਾਰੂ ਹਥਿਅਆਰਾਂ ਸਮੇਤ ਮਾਰੋ ਮਾਰ ਕਰਦੇ ਦੁਸ਼ਮਨਾਂ ਦਾ ਟਿਡੀਦਲ ਜੈਸਲਮੇਰ ਜੋਧਪੁਰ ਅਤੇ ਹੋਰ ਨਗਰਾਂ ਨੂੰ ਤਬਾ ਕਰਕੇ ਦਿਲੀ ਤੇ ਕਬਜਾ ਕਰਨ ਦੀ ਨੀਅਤ ਨਾਲ ਲਲਕਾਰੇ ਮਾਰਦਾ ਲੌਂਗੇਵਾਲਾ ਸਾਡੀ ਪੋਸਟ ਨੂੰ ਘੇਰਾ ਪਾ ਬੈਠਾ ਤਾਂ ਸਾਡੀ 23 ਪੰਜਾਬ ਦੀ ਅਲਫਾ ਕੰਪਨੀਂ ਦੇ ਮੁਠੀ ਭਰ ਜਵਾਨ ਜਿਹਨਾਂ ਦੀ ਕਮਾਂਡ ਉਸ ਵੇਲੇ ਦੇ ਕੰਪਨੀਂ ਕਮਾਂਡਰ ਮੇਜਰ ਕੁਲਦੀਪ ਸਿੰਘ ਚਾਂਦਪੁਰੀ ਤੇ ਲੈਫਟੀਨੈਂਟ ਧਰਮਵੀਰ ਕਰ ਰਹੇ ਸਨ, ਉਹ ਅਲਫਾ ਕੰਪਨੀ ਦੇ ਜਵਾਨ ਕੜੇ ਕਰਪਾਨਾਂ ਤੇ ਦਸਤਾਰਾਂ ਵਾਲੇ ਹੀ ਸੰਨ ਅਸੀਂ ਮਮੂਲੀ ਹਥਿਆਰਾਂ ਨਾਲ ਸਿਰਾਂ ਤੇ ਕਫਨ ਬੰਨਕੇ ਬੁਕਦੇ ਸ਼ੇਰ ਦੇ ਗਲ ਨੂੰ ਹਥ ਪਾਕੇ ਜਬਾੜਾ ਤੋੜਕੇ ਭਜਾਇਆ। ਉਨ੍ਹਾਂ ਕਿਹਾ ਕਿ ਭਾਰਤ ਅਤੇ ਭਾਰਤੀ ਫੌਜ਼ ਦੇ ਵਿਦੇਸ਼ਾਂ ਵਿਚ ਵੀ ਡੰਕੇ ਵਜੇ ਅਤੇ ਅੱਜ ਤੱਕ ਵੱਜ ਰਹੇ ਹਨ, ਭਾਰਤੀ ਏਅਰ ਫੋਰਸ ਨੇ ਪੂਰੀ ਰਾਤ ਦੀ ਗਹਿਗਚ ਲੜਾਈ ਤੋਂ ਬਾਅਦ ਦਿਨ ਚੜੇ ਆ ਕੇ ਟੈਕਾਂ ਦੀਆਂ ਧੱਜੀਆਂ ਉਡਾ ਕੇ ਕਾਬਲੀਅਤ, ਏਕਤਾ ਅਤੇ ਬਹਾਦਰੀ ਦਾ ਸਬੂਤ ਦਿੱਤਾ। ਉਸ ਸਮੇਂ ਦੇਸ਼ ਦੇ ਗਦਗਦ ਹੋਏ ਹਾਕਮਾਂ ਨੇ ਜਮੀਨਾਂ ਦੇ ਮੁਰਬੇ ਦੇਣ ਦੇ ਵਾਇਦੇ ਕੀਤੇ, ਪਰ ਮਨਘੜਤ ਨਕਲੀ ਫਿਲਮਾਂ ਬਨਾਉਣ ਵਾਲੇ ਹੀਰੋ ਤੇ ਹੀਰੋਇਨਾਂ ਦੇ ਉਪਾਸ਼ਕ ਸਫੈਦਪੋਸ਼ ਹਾਕਮਾਂ ਨੇ ਅੱਜ ਤੱਕ ਜਿਉਂਦੇ ਜਾਂ ਮਰੇ ਹਾਂ ਬਾਤ ਨਹੀ ਪੁਛੀ। ਉਨ੍ਹਾਂ ਕਿਹਾ ਕਿ ਸਾਡੀ 23 ਪੰਜਾਬ ਦੇ ਹੈਡ ਕਵਾਟਰ ਤੋਂ ਮੇਜਰ ਵੀਕੇ ਹੀਰਾ ਅਤੇ ਐਮ.ਡੀ ਸ਼ਰਮਾ ਨੇ ਕੁਝ ਕੁ ਜਵਾਨਾਂ ਨਾਲ ਪਾਕਿਸਤਾਨ ਦੀ ਸਾਂਧ ਪੋਸਟ ਤੇ ਗੱਬਰ ਪੋਸਟ ਦੇ ਵਿਚਕਾਰ ਪਾਸਤਾਨੀ ਕਾਫੀ ਇਲਾਕੇ ਤੇ ਕਬਜਾ ਕਰ ਲਿਆ ਸੀ। ਲੌਂਗੇਵਾਲਾ ਪੋਸਟ ਵੇਖਣ ਆਏ ਵੱਢੇ ਅਧਿਕਾਰੀ ਤੇ ਲੀਡਰ ਅਤੇ ਰਾਜਸਥਾਨ ਦੇ ਉਸ ਸਮੇਂ ਦੇ ਸੀ.ਐਮ ਬਰਕਤ ਉਲਾਖਾਂ ਤੇ ਉਨ੍ਹਾਂ ਦੀ ਧਰਮ ਪਤਨੀ ਜਿਹਨਾ ਜੰਗ ਜਿਤਣ ਵਾਲੇ ਜਵਾਨਾਂ ਨੂੰ ਇਕ—ਇਕ ਮਰਬਾ ਜਮੀਨ ਦੇਣ ਦਾ ਵਾਅਦਾ ਵੀ ਕੀਤਾ। ਉਨ੍ਹਾਂ ਕਿਹਾ ਕਿ ਬੰਗਲਾ ਦੇਸ਼ ਨੂੰ 1971 ਵਿਚ ਅਜਾਦ ਕਰਵਾਉਣ ਸਮੇਂ ਤਰਾਨਵੇਂ ਹਜਾਰ ਦੁਸ਼ਮਨ ਫੌਜ ਦੇ ਹਥਿਆਰ ਸੁਟਵਾ ਕੇ ਸਾਰੇ ਦੇਸ਼ਾਂ ਵਿਚ ਤਹਿਲਕਾ ਮਚਾ ਦਿੱਤਾ, ਪਾਕਿਸਤਾਨੀ ਫੌਜੀਆਂ ਵਲੋਂ ਬੇ—ਪਤ ਕੀਤੀਆਂ ਬੰਗਾਲੀ ਔਰਤਾਂ ਦੀਆਂ ਖਾਲਸਾ ਫੌਜੀਆਂ ਨੇ ਦਸਤਾਰਾਂ ਪਾੜ ਕੇ ਇਜਤਾਂ ਢਕ ਕੇ ਇਨਸਾਨੀਅਤ ਦਾ ਸਬੂਤ ਦਿਤਾ। ਜਦਕਿ 1897 ਵਿਚ ਕੜੇ ਕਿਰਪਾਨਾਂ ਤੇ ਦਸਤਾਰਾਂ ਵਾਲਿਆਂ 21 ਸੂਰਬੀਰਾਂ ਨੇ ਸਾਰਾਗੜੀ ਦੀ ਜੰਗ ਵਿੱਚ ਦਸ ਹਜਾਰ ਅਫਗਾਨੀਂ ਖਤਰਨਾਕ ਲੜਾਕਿਆਂ ਨੂੰ ਹਰਾ ਕੇ ਸ਼ਹੀਦੀਆਂ ਪਾਕੇ ਸਦਾ ਲਈ ਅਮਰ ਹੋ ਗਏ। ਉਨ੍ਹਾਂ ਦੇ ਕਦਮਾਂ ਤੇ ਅਸੀਂ ਚਲਕੇ ਕਲਗੀਧਰ ਦੇ ਬਖਸ਼ੇ ਸਰੂਪ ਅਤੇ ਬਖਸ਼ੀ ਦਸਤਾਰ ਦੀ ਸ਼ਾਨ ਵਧਾਈ। ਉਨ੍ਹਾਂ ਦੱਸਿਆ ਕਿ 1965 ਵਿਚ ਇਸੇ ਤਰ੍ਹਾਂ ਪੰਜਾਬ ਰਸਤਿਉ ਅਲੀ—ਅਲੀ ਕਰਦੇ ਤੁਫਾਨ ਬਣਕੇ ਆਏ ਜਨਰਲ ਹਰਬਖਸ਼ ਸਿੰਘ ਦੀ ਸੂਝ—ਬੂਜ ਅਤੇ ਦਲੇਰੀ ਸਦਕਾ ਖਤਰਨਾਕ ਦੁਸ਼ਮਨ ਦੇ ਪੈਰਾਂ ਥਲੇ ਪੰਜਾਬੀਆਂ ਨੇ ਅੱਗ ਬਾਲ ਕੇ ਮੂਹ ਭੰ ਨਕੇ ਭਜਾਇਆ, ਉਸ ਸਮੇਂ ਵੀ ਅਮਰੀਕੀ ਹਥਿਆਰਾਂ ਤੇ ਅਮਰੀਕੀ ਟੈਕਾਂ ਤੇ ਭਾਰੀ ਇਮਦਾਦ ਦੇ ਹੌਸਲੇ ਸਦਕਾ ਭਾਰਤੀ ਨਗਰਾਂ ਨੂੰ ਮਲੀਆਮੇਟ ਕਰਕੇ ਦਿਲੀ ਪਹੁਚ ਕੇ ਨਮਾਜ ਪੜਨ ਦੇ ਸੁਪਨੇ ਦੁਸ਼ਮਨ ਦੇ ਪੰਜਾਬੀਆਂ ਨੇ ਚਕਨਾਚੂਰ ਕੀਤੇ।

# ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਦਮਦਮੀ ਟਕਸਾਲ ਦੇ 319ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਅੱਜ

## ਸੰਗਤਾਂ ਵਿਚ ਭਾਰੀ ਉਤਸ਼ਾਹ—ਹਜ਼ਾਰਾਂ ਦੀ ਤਦਾਦ ਵਿਚ ਪਹੁੰਚਣਗੀਆਂ ਸੰਗਤਾਂ— ਗਿਆਨੀ ਹਰਨਾਮ ਸਿੰਘ ਖਾਲਸਾ, ਜਥੇਦਾਰ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ

ਫ਼ਿਰੋਜ਼ਪੁਰ, 5 ਅਗਸਤ (ਮਨੋਹਰ ਲਾਲ) :— ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਬਠਿੰਡਾ ਵਿਖੇ





ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ, ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ, ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਾਹਿਬ ਮਹਾਰਾਜ ਜੀ ਦੇ 350 ਸਾਲਾ ਗੁਰਤਾ ਗੱਦੀ ਦਿਵਸ ਅਤੇ ਦਮਦਮੀ ਟਕਸਾਲ ਦੇ 319ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਸ ਬਾਰੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਅਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਇਕ ਅਗਸਤ 2025 ਦਿਨ ਵੀਰਵਾਰ ਤੱਕ ਸਵੇਰੇ ਕਥਾ ਦਾ ਸਮਾਂ 6:15 ਵਜੇ ਤੋਂ 7 ਵਜੇ ਤੱਕ ਅਤੇ ਸ਼ਾਮ ਨੂੰ ਕਥਾ ਦਾ ਸਮਾਂ ਸ਼ਾਮ 5:30 ਵਜੇ ਤੋਂ 6:15 ਤੱਕ ਹੋਇਆ ਕਰੇਗਾ ਅਤੇ ਸ੍ਰੀ ਆਖੰਡ ਪਾਠ ਸਾਹਿਬ ਆਰੰਭ 5 ਅਗਸਤ 2025 ਦਿਨ ਮੰਗਲਵਾਰ ਸਮਾਂ ਸਵੇਰੇ 8 ਵਜੇ ਹੋਣਗੇ ਅਤੇ 7 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਇਸ ਤੋਂ ਇਲਾਵਾ 6 ਅਤੇ 7 ਅਗਸਤ ਨੂੰ ਵਰਤਮਾਨ ਮੁਖੀ ਦਮਦਮੀ ਟਕਸਾਲ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਕਥਾ ਕਰਨਗੇ ਅਤੇ ਭੋਗ ਉਪਰੰਤ 9:30 ਤੋਂ 2 ਵਜੇ ਤੱਕ ਮਹਾਨ ਗੁਰਮਤਿ ਸਮਾਗਮ ਹੋਣਗੇ।ਇਸ ਮੌਕੇ ਤੇ ਸਰਦਾਰ ਹਰਜਿੰਦਰ ਸਿੰਘ ਜੀ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਪਹੁੰਚ ਰਹੇ ਹਨ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਖ ਪਹੁੰਚ ਰਹੇ ਹਨ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸੰਗਤਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਸਮਾਗਮਾਂ ਦੌਰਾਨ ਹਜ਼ਾਰਾਂ ਦੀ ਤਦਾਦ ਵਿਚ ਸੰਗਤਾਂ ਪੁੱਜ ਕੇ ਗੁਰਬਾਣੀ ਸਰਵਣ ਕਰਕੇ ਆਪਣਾ ਜੀਵਨ ਸਫਲਾ ਬਣਾਉਣਗੀਆਂ।

# ਭਾਰਤ ਦੇ ਅਜ਼ਾਦੀ ਦਿਵਸ ਨੂੰ ਲੈ ਕੇ ਪੰਜਾਬ ’ਚ ਉਤਸ਼ਾਹ, ਪਰ ਪੰਥਕ ਜਥੇਬੰਦੀਆਂ ਵੱਲੋਂ ਕੇਸਰੀ ਨਿਸ਼ਾਨ ਝਲਾਉਣ ਦੀ ਅਪੀਲ

## ਅਮਰੀਕਾ ਵੱਲੋਂ ਭਾਰਤ ’ਤੇ 50% ਟੈਕਸ ਲਾ ਕੇ ਰੈਫਰੈਂਡਮ ਦੀ ਅਣਸਿੱਧੇ ਢੰਗ ਨਾਲ ਸਮਰਥਨ , 17 ਅਗਸਤ ਨੂੰ ਵਸ਼ਿੰਗਟਨ ’ਚ ਵੋਟਿੰਗ

**ਲੰਡਨ, 6 ਅਗਸਤ (ਸਰਬਜੀਤ ਸਿੰਘ ਬਨੂੜ)**- 15 ਅਗਸਤ ਭਾਰਤ ਦੇ ਅਜ਼ਾਦੀ ਦਿਵਸ ਨੂੰ ਲੈ ਕੇ ਜਿੱਥੇ ਦੇਸ਼ ਭਰ ਵਿੱਚ ਉਤਸ਼ਾਹ ਹੈ, ਉਥੇ ਪੰਜਾਬ ’ਚ ਵੀ ਤਿਰੰਗਾ ਲਹਿਰਾਉਣ ਲਈ ਲੋਕਾਂ ਵਿਚ ਉਤਸੁਕਤਾ ਵੇਖੀ ਜਾ ਰਹੀ ਹੈ। ਕੇਂਦਰ ਸਰਕਾਰ ਵੱਲੋਂ “ਘਰ–ਘਰ ਤਿਰੰਗਾ” ਮੁਹਿੰਮ ਤਹਿਤ ਹਰੇਕ ਪਿੰਡ, ਕਸਬੇ ਤੇ ਸ਼ਹਿਰ ਵਿੱਚ ਝੰਡੇ ਵੰਡੇ ਜਾ ਰਹੇ ਹਨ ਪਰ ਇਸਦੇ ਨਾਲ ਹੀ ਸਿੱਖ ਪੰਥਕ ਜਥੇਬੰਦੀਆਂ ਅਤੇ ਪੰਜਾਬ ਵਿੱਚ ਕੇਸਰੀ ਨਿਸ਼ਾਨ ਦੀ ਰਾਜਨੀਤਕ ਅਤੇ ਆਤਮਕ ਮਹੱਤਤਾ ਨੂੰ ਲੈ ਕੇ ਗਹਿਰੀ ਚਰਚਾ ਜਾਰੀ ਹੈ।




ਕੇਂਦਰ ਤੇ ਪੰਜਾਬ ਦੇ ਰਿਸ਼ਤੇ ਪਹਿਲਾਂ ਤੋਂ ਹੀ ਫਸਵੇਂ ਰਹੇ ਹਨ ਕਿਸਾਨ ਆਂਦੋਲਨ, ਬੰਦੀ ਸਿੰਘਾਂ ਦੀ ਰਿਹਾਈ, ਪਾਣੀ ਅਤੇ ਹੱਕਾਂ ਦੀ ਲੜਾਈ, ਅਤੇ ਪੰਜਾਬ ਦੇ ਇਤਿਹਾਸਕ ਵਿਛੋੜਿਆਂ ਨੇ ਹਮੇਸ਼ਾ ਇਹ ਗੱਲ ਦਰਸਾਈ ਹੈ ਕਿ ਪੰਜਾਬ ਦੀ ਅਜ਼ਾਦੀ ਦੀ ਪਰਿਭਾਸ਼ਾ ਵੱਖਰੀ ਰਹੀ ਹੈ।

ਭਾਈ ਬਲਵੰਤ ਸਿੰਘ ਰਾਜੋਆਣਾ ਵੱਲੋਂ ਆਪਣੇ ਫਾਂਸੀ ਦੇ ਐਲਾਨ ਦੌਰਾਨ ਦਿੱਤੀ ਚਿੱਠੀ ਵਿੱਚ ਪੂਰੇ ਪੰਜਾਬ ਅਤੇ ਵਿਦੇਸ਼ਾਂ ਅੰਦਰ ਕੇਸਰੀ ਝੰਡਾ ਲਹਿਰਾਉਣ ਦੀ ਅਪੀਲ ਕੀਤੀ ਗਈ ਸੀ ਤੇ ਦੇਸ਼ ਵਿਦੇਸ਼ ਵਿੱਚ ਇਸ ਦਾ ਅਸਰ ਵੇਖਣ ਨੂੰ ਮਿਲਿਆ ਸੀ।

ਯੂਰਪ ਦੀਆਂ ਕਈ ਪੰਥਕ ਜੱਥੇਬੰਦੀਆਂ, ਫੈਡਰੇਸ਼ਨ ਆਫ ਸਿੱਖ ਆਰਗਨਾਈਜੇਸ਼ਨਜ਼ (ਯੂ.ਕੇ.), ਅਤੇ ਅਮਰੀਕਾ ਤੋਂ ਹਰਜਾਪ ਸਿੰਘ ਜਾਫੀ ਵੱਲੋਂ ਤਾਜ਼ਾ ਬਿਆਨਾਂ ਰਾਹੀਂ ਲੋਕਾਂ ਨੂੰ ਤਿਰੰਗੇ ਦੀ ਥਾਂ ਖਾਲਿਸਤਾਨ ਦਾ ਝੰਡਾ ਲਹਿਰਾਉਣ ਦੀ ਅਪੀਲ ਕੀਤੀ ਗਈ ਹੈ।

ਅੰਤਰਰਾਸ਼ਟਰੀ ਪੱਧਰ ’ਤੇ ਰੈਫਰੈਂਡਮ ਦੀ ਗੂੰਜ ਨੇ ਭਾਰਤ ਸਰਕਾਰ ਕੜੀ ਨਿਗਾਹ ਰੱਖ ਰਹੀ ਹੈ।

ਕਨੇਡਾ ਵਿੱਚ “ਖਾਲਿਸਤਾਨ ਰੈਫਰੈਂਡਮ” ਮੁਹਿੰਮ ਨੇ ਤੇਜ਼ੀ ਫੜੀ ਹੋਈ ਹੈ। ਗੁਰਦੁਆਰਿਆਂ ਵਿੱਚ “ਖਾਲਿਸਤਾਨ ਅੰਬੈਸੀ” ਦੀ ਚਰਚਾ ਭਾਰਤੀ ਮੀਡੀਆ ਵਿੱਚ ਖ਼ਾਸ ਸੁਰਖੀਆਂ ਬਣੀ ਹੋਈ ਹੈ। ਹੁਣ ਇਸ ਲਹਿਰ ਨੇ ਅਮਰੀਕਾ ਨੂੰ ਵੀ ਪ੍ਰਭਾਵਿਤ ਕੀਤਾ ਹੈ।

17 ਅਗਸਤ ਨੂੰ ਅਮਰੀਕਾ ਦੀ ਰਾਜਧਾਨੀ ਵਸ਼ਿੰਗਟਨ ਡੀ ਸੀ ਵਿੱਚ ਰੈਫਰੈਂਡਮ ਦੀ ਵੋਟਿੰਗ ਹੋਣੀ ਹੈ। ਇਸਦੇ ਮੱਦੇਨਜ਼ਰ, ਅਮਰੀਕਾ ਸਰਕਾਰ ਵੱਲੋਂ ਭਾਰਤ ਤੋਂ ਆਉਣ ਵਾਲੇ ਕੁਝ ਚੁਣਿੰਦੀਆਂ ਆਯਾਤਾਂ ’ਤੇ 50% ਟੈਕਸ ਲਾਗੂ ਕਰ ਦਿੱਤਾ ਗਿਆ ਹੈ, ਜਿਸਨੂੰ ਰਾਜਨੀਤਕ ਪੰਡਤ ਭਾਰਤ ਵਿਰੁੱਧ ਸਖ਼ਤ ਸੰਕੇਤ ਅਤੇ ਰੈਫਰੈਂਡਮ ਲਹਿਰ ਦੀ ਅਣਸਿੱਧੇ ਢੰਗ ਨਾਲ ਸਮਰਥਨ ਵਜੋਂ ਦੇਖ ਰਹੇ ਹਨ।